ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 13 ਮਈ 2026 (ਨਾਨਕਸ਼ਾਹੀ ਸੰਮਤ : ੫੫੮, ੩੦ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਹਰਭਜਨ ਸਿੰਘ ਦੀ ਸਕਿਓਰਿਟੀ ਦਾ ਮਾਮਲਾ; ਹਾਈਕੋਰਟ ਨੇ ਪੰਜਾਬ ਸਰਕਾਰ ਨੂੰ ਪਾਈ ਝਾੜ, ਜਵਾਬ ਦਾਖਲ ਕਰਨ ਲਈ ਦਿੱਤਾ 1 ਹਫਤੇ ਦਾ ਸਮਾਂ

ਚੰਡੀਗੜ੍ਹ, 12 ਮਈ (ਆਵਾਜ਼ਿ ਕੌਮ ਬਿਊਰੋ)-ਸਾਬਕਾ ਕ੍ਰਿਕਟਰ ਤੇ ਰਾਜ ਸਭਾ ਦੇ ਸਾਂਸਦ ਹਰਭਜਨ ਸਿੰਘ ਦੀ ਪਟੀਸ਼ਨ ’ਤੇ ਪੰਜਾਬ ਤੇ ਹਰਿਆਣਾ ਹਾਈਕੋਰਟ ’ਚ ਸੁਣਵਾਈ ਹੋਈ। ਇਸ ਦੌਰਾਨ ਪੰਜਾਬ ਸਰਕਾਰ ਨੇ ਆਪਣਾ ਜਵਾਬ ਦਾਖਲ ਕਰਨ ਦੇ ਲਈ ਪੰਜਾਬ ਤੇ ਹਰਿਆਣਾ ਹਾਈਕੋਰਟ ਤੋਂ ਸਮਾਂ ਮੰਗਿਆ ਹੈ। ਫਿਲਹਾਲ ਮਾਮਲੇ ਸਬੰਧੀ ਅਗਲੀ ਸੁਣਵਾਈ 20 ਮਈ ਨੂੰ ਹੋਵੇਗੀ। ਸੁਣਵਾਈ ਦੌਰਾਨ ਪੰਜਾਬ ਤੇ ਹਰਿਆਣਾ ਹਾਈਕੋਰਟ ਨੇ ਕਿਹਾ ਕਿ ਇਸ ਮਾਮਲੇ ’ਚ ਸਰਕਾਰ ਆਪਣਾ ਜਵਾਬ ਦਾਖਲ ਕਰਨ ਤੋਂ ਬਚ ਰਹੀ ਹੈ ਪਰ ਸਰਕਾਰ ਨੂੰ ਹਰ ਹਾਲ ’ਚ ਅਗਲੀ ਸੁਣਵਾਈ ’ਤੇ ਆਪਣਾ ਜਵਾਬ ਦਾਖਲ ਕਰਨਾ ਹੋਵੇਗਾ। ਸਿਹਤ ਖ਼ਬਰਾਂ ਦੱਸਣਯੋਗ ਹੈ ਕਿ ਇੱਕ ਮਾਮਲੇ ਵਿੱਚ, ਪੰਜਾਬ ਤੇ ਹਰਿਆਣਾ ਹਾਈਕੋਰਟ ਨੇ ਪੰਜਾਬ ਦੇ ਏਡੀਜੀਪੀ ਸੁਰੱਖਿਆ ਤੋਂ ਜਾਣਕਾਰੀ ਮੰਗੀ ਸੀ ਕਿ ਪੰਜਾਬ ਪੁਲਿਸ ਦੁਆਰਾ ਪੰਜਾਬ ਦੇ ਅੰਦਰ ਅਤੇ ਬਾਹਰ ਕਿੰਨੇ ਲੋਕਾਂ ਨੂੰ ਸੁਰੱਖਿਆ ਪ੍ਰਦਾਨ ਕੀਤੀ ਜਾਂਦੀ ਹੈ, ਅਤੇ ਉਨ੍ਹਾਂ ਦੀ ਸੁਰੱਖਿਆ ਲਈ ਕਿੰਨੇ ਪੁਲਿਸ ਕਰਮਚਾਰੀ ਤੈਨਾਤ ਹਨ। ਇਸ ਤੋਂ ਇਲਾਵਾ, ਵਿਅਕਤੀਆਂ ਨੂੰ ਸੁਰੱਖਿਆ ਪ੍ਰਦਾਨ ਕਰਨ ਲਈ ਪੰਜਾਬ ਸਰਕਾਰ ਦੇ ਮਾਪਦੰਡਾਂ ਦੀ ਵੀ ਮੰਗ ਕੀਤੀ ਜਾ ਰਹੀ ਹੈ।



## ਪੰਜਾਬ ਵਿਜੀਲੈਂਸ ਦਫ਼ਤਰ ’ਚ ਸੀਬੀਆਈ ਰੇਡ

# 20 ਲੱਖ ਰੁਪਏ ਦੇ ਰਿਸ਼ਵਤ ਮਾਮਲੇ ਵਿੱਚ ਤਿੰਨ ਗ੍ਰਿਫ਼ਤਾਰ

**ਚੰਡੀਗੜ੍ਹ, 12 ਮਈ (ਆਵਾਜ਼ਿ ਕੌਮ ਬਿਊਰੋ)**-ਕੇਂਦਰੀ ਜਾਂਚ ਏਜੰਸੀ ਸੀਬੀਆਈ ਨੇ ਪੰਜਾਬ ਵਿਜੀਲੈਂਸ ਦਫਤਰ ’ਤੇ ਮੰਗਲਵਾਰ ਨੂੰ ਵੱਡੀ ਕਾਰਵਾਈ ਕਰਦੇ ਹੋਏ ਭ੍ਰਿਸ਼ਟਾਚਾਰ ਦੇ ਇੱਕ ਮਾਮਲੇ ਦਾ ਪਰਦਾਫਾਸ਼ ਕੀਤਾ ਹੈ। ਸੀਬੀਆਈ ਨੇ ਇਸ ਮਾਮਲੇ ਵਿੱਚ ਹੁਣ ਬਿਆਨ ਜਾਰੀ ਕਰਦਿਆਂ ਦਾਅਵਾ ਕੀਤਾ ਹੈ ਕਿ 3 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ, ਜਿਸ ਵਿੱਚ ਇੱਕ ਰਿਸ਼ਵਤ ਲੈਣ ਵਾਲਾ, ਜਦਕਿ ਦੋ ਵਿਚੋਲੀਏ ਪਿਓ-ਪੁੱਤ ਹਨ। ਜਦਕਿ ਸੀਨੀਅਰ ਵਿਜੀਲੈਂਸ ਅਧਿਕਾਰੀ ਦਾ ਰੀਡਰ ਓਪੀ ਰਾਣਾ ਫ਼ਰਾਰ ਦੱਸਿਆ ਗਿਆ ਹੈ। ਨਾਲ ਹੀ 20 ਲੱਖ ਰੁਪਏ ਦੇ ਇਸ ਰਿਸ਼ਵਤ ਮਾਮਲੇ ਵਿੱਚ 13 ਲੱਖ ਰੁਪਏ ਦੀ ਬਰਾਮਦਗੀ ਬਾਰੇ ਕਿਹਾ ਹੈ। ਸੀਬੀਆਈ ਨੇ 12 ਮਈ ਨੂੰ ਇੱਕ




ਅਧਿਕਾਰਤ ਪ੍ਰੈਸ ਰਿਲੀਜ਼ ਦੇ ਅਨੁਸਾਰ ਦੱਸਿਆ, ਇਹ ਮਾਮਲਾ ਪੰਜਾਬ ਰਾਜ ਟੈਕਸ ਅਧਿਕਾਰੀ ਰਾਹੀਂ ਦਾਇਰ ਕੀਤੀ ਗਈ ਸ਼ਿਕਾਇਤ ਦੇ ਆਧਾਰ ’ਤੇ ਦਰਜ ਕੀਤਾ ਗਿਆ ਸੀ। ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਮੁਲਜ਼ਮ, ਜਿਸਦੀ ਪਛਾਣ ਵਿਕਾਸ ਉਰਫ਼ ਵਿੱਕੀ ਗੋਇਲ ਅਤੇ ਉਸਦੇ ਪੁੱਤਰ ਰਾਘਵ ਗੋਇਲ ਵਜੋਂ ਹੋਈ ਹੈ, ਨੇ ਡਾਇਰੈਕਟਰ ਜਨਰਲ (ਵਿਜੀਲੈਂਸ), ਪੰਜਾਬ ਦੇ ਦਫ਼ਤਰ ਵਿੱਚ ਉਸਦੇ ਵਿਰੁੱਧ ਲੰਬਿਤ ਸ਼ਿਕਾਇਤ ਨੂੰ ਬੰਦ ਕਰਵਾਉਣ ਲਈ 20 ਲੱਖ ਰੁਪਏ ਦੀ ਗੈਰ-ਕਾਨੂੰਨੀ ਰਿਸ਼ਵਤ ਦੀ ਮੰਗ ਕੀਤੀ। ਸੀਬੀਆਈ ਅਨੁਸਾਰ, ਮੁਲਜ਼ਮਾਂ ’ਤੇ ਇਹ ਦੋਸ਼ ਹੈ ਕਿ ਉਹ ਸੀਨੀਅਰ ਵਿਜੀਲੈਂਸ ਅਧਿਕਾਰੀਆਂ, ਜਿਨ੍ਹਾਂ ਵਿੱਚ ਡੀਜੀ ਵਿਜੀਲੈਂਸ ਪੰਜਾਬ ਦੇ ਰੀਡਰ ਵੀ ਸ਼ਾਮਲ ਹਨ, ਲਈ ਵਿਚੋਲੇ ਵਜੋਂ ਕੰਮ ਕਰ ਰਿਹਾ ਸੀ ਅਤੇ ਕੇਸ ਦੇ ਨਿਪਟਾਰੇ ਦਾ ਭਰੋਸਾ ਦਿਵਾਉਣ ਲਈ ਆਪਣੇ ਪ੍ਰਭਾਵ ਦੀ ਵਰਤੋਂ ਕਰ ਰਿਹਾ ਸੀ। ਡੀਜੀ ਵਿਜੀਲੈਂਸ ਦੇ ਰੀਡਰ ਓਪੀ ਰਾਣਾ ਨੇ ਕਥਿਤ ਤੌਰ ’ਤੇ ਕਿਹਾ ਕਿ ਜੇਕਰ ਰਿਸ਼ਵਤ ਦਿੱਤੀ ਜਾਂਦੀ ਹੈ ਤਾਂ ਸ਼ਿਕਾਇਤ ਬੰਦ ਕਰ ਦਿੱਤੀ ਜਾਵੇਗੀ।

## ਪੰਜਾਬ ਵਿਜੀਲੈਂਸ ਦਫ਼ਤਰ ਤੱਕ ਕਿਵੇਂ ਪਹੁੰਚੀ ਸੀਬੀਆਈ ?

**ਚੰਡੀਗੜ੍ਹ, 12 ਮਈ (ਆਵਾਜ਼ਿ ਕੌਮ ਬਿਊਰੋ)**-ਸੀਬੀਆਈ ਵੱਲੋਂ ਪੰਜਾਬ ਦੇ ਸਰਕਾਰੀ ਦਫ਼ਤਰਾਂ ’ਚ ਭ੍ਰਿਸ਼ਟਾਚਾਰ ’ਤੇ ਵੱਡੀ ਕਾਰਵਾਈ ਕਰਦੇ ਹੋਏ ਵਿਜੀਲੈਂਸ ਦਫ਼ਤਰ ’ਚ ਭ੍ਰਿਸ਼ਟਾਚਾਰ ਦਾ ਖੁਲਾਸਾ ਕੀਤਾ ਹੈ। ਸੀਬੀਆਈ ਨੇ ਇਸ ਮਾਮਲੇ ਵਿੱਚ ਤਿੰਨ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਹੈ, ਜਦਕਿ ਵਿਜੀਲੈਂਸ ਦੇ ਮੁਖੀ ਸ਼ਰਦ ਸੱਤਿਆ ਚੌਹਾਨ ਦਾ ਰੀਡਰ ਓਪੀ ਰਾਣਾ ਫਰਾਰ ਦੱਸਿਆ ਗਿਆ ਹੈ। ਇਹ ਜਾਣਕਾਰੀ ਸੀਬੀਆਈ ਨੇ ਜਾਰੀ ਬਿਆਨ ਰਾਹੀਂ ਦਿੱਤੀ ਹੈ। ਸੀਬੀਆਈ ਨੇ ਦੱਸਿਆ ਕਿ ਇੱਕ ਰਿਸ਼ਵਤ ਲੈਣ ਵਾਲਾ ਤੇ ਦੋ ਵਿਚੋਲੀਏ ਪਿਓ-ਪੁੱਤ ਗ੍ਰਿਫ਼ਤਾਰ ਕੀਤੇ ਗਏ ਹਨ। ਜਾਂਚ ਏਜੰਸੀ ਨੇ ਮੌਕੇ ਤੋਂ 13 ਲੱਖ ਰੁਪਏ ਬਰਾਮਦ ਕੀਤੇ ਗਏ ਹਨ। ਦੱਸਿਆ ਜਾ ਰਿਹਾ ਹੈ ਕਿ ਸੀਬੀਆਈ ਨੇ ਇਹ ਕਾਰਵਾਈ ਪੰਜਾਬ ਵਿਜੀਲੈਂਸ ਬਿਊਰੋ ਨਾਲ ਜੁੜੇ ਇੱਕ ਕਥਿਤ ਰਿਸ਼ਵਤ ਮਾਮਲੇ ਵਿੱਚ ਕੀਤੀ ਹੈ। ਸੀਬੀਆਈ ਨੂੰ ਇਸ ਸੌਦੇ ਬਾਰੇ ਲੰਮੇ ਸਮੇਂ ਤੋਂ ਜਾਣਕਾਰੀ ਮਿਲ ਰਹੀ ਸੀ, ਜਿਸ ਤੋਂ ਬਾਅਦ ਏਜੰਸੀ ਨੇ ਜਾਲ ਵਿਛਾ ਕੇ ਇਹ ਕਾਰਵਾਈ ਕੀਤੀ। ਦੱਸਿਆ ਗਿਆ ਹੈ ਇਹ ਸੌਦਾ ਚੰਡੀਗੜ੍ਹ ਦੇ ਇੱਕ 5 ਸਿਤਾਰਾ ਹੋਟਲ ’ਚ ਰੱਖਿਆ ਗਿਆ ਸੀ, ਜਿਥੇ ਸੀਬੀਆਈ ਵੱਲੋਂ ਪਹਿਲਾਂ ਤੋਂ ਹੀ ਜਾਲ ਵਿਛਾ ਕੇ ਰੱਖਿਆ ਹੋਇਆ ਸੀ ਅਤੇ ਜਦੋਂ ਮੁਲਜ਼ਮਾਂ ਵੱਲੋਂ ਇੱਕ ਵਿਅਕਤੀ ਤੋਂ ਰਿਸ਼ਵਤ ਦੇ ਰੁਪਏ ਲਏ ਤਾਂ ਸੀਬੀਆਈ ਅਧਿਕਾਰੀਆਂ ਨੇ ਮੌਕੇ ’ਤੇ ਕਾਬੂ ਕਰ ਲਿਆ। ਇਸ ਮਾਮਲੇ ਵਿੱਚ ਸੀਬੀਆਈ ਟੀਮ ਨੇ ਪੰਜਾਬ ਵਿਜੀਲੈਂਸ ਦੇ ਮੁਖੀ ਸ਼ਰਤ ਸੱਤਿਆ ਚੌਹਾਨ ਦੇ ਰੀਡਰ ਓਪੀ ਰਾਣਾ ਤੇ ਇੱਕ ਵਿਚੌਲੀਏ ਪਿਓ-ਪੁੱਤ ਨੂੰ ਗ੍ਰਿਫ਼ਤਾਰ ਕੀਤਾ ਦੱਸਿਆ ਜਾ ਰਿਹਾ ਹੈ। ਹਾਲਾਂਕਿ, ਇਹ ਵੀ ਖ਼ਬਰਾਂ ਸਨ ਕਿ ਓਪੀ ਰਾਣਾ ਮੌਕੇ ’ਤੋਂ ਫ਼ਰਾਰ ਹੋ ਗਿਆ। ਸੂਤਰਾਂ ਅਨੁਸਾਰ, ਇਹ ਮਾਮਲਾ ਲਗਭਗ 20 ਲੱਖ ਰੁਪਏ ਦੀ ਰਿਸ਼ਵਤ ਇੱਕ ਦੇ ਸੌਦੇ ਨਾਲ ਜੁੜਿਆ ਹੈ, ਜੋ ਕਿ ਵੱਡੇ ਹੋਟਲ ਨਾਲ ਸਬੰਧਤ ਜ਼ਮੀਨ ਨਾਲ ਜੁੜਿਆ ਮਾਮਲਾ ਹੈ, ਜਿਸ ਵਿੱਚ ਸਮਝੌਤਾ ਅਤੇ ਰਾਹਤ ਦਿਵਾਉਣ ਦੇ ਬਦਲੇ ਰਿਸ਼ਵਤ ਮੰਗੀ ਜਾ ਰਹੀ ਸੀ। ਸੀਬੀਆਈ ਨੇ ਟਰੈਪ ਦੌਰਾਨ ਕਥਿਤ ਤੌਰ ’ਤੇ 13 ਲੱਖ ਰੁਪਏ ਕੈਸ਼ ਵੀ ਬਰਾਮਦ ਕੀਤੇ ਗਏ ਹਨ। ਸੀਬੀਆਈ ਦੇ ਇੱਕ ਅਧਿਕਾਰੀ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਰਾਘਵ ਗੋਇਲ ਤੇ ਉਸ ਦੇ ਪੁੱਤਰ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਦੱਸਿਆ ਜਾ ਰਿਹਾ ਹੈ ਕਿ ਰਾਘਵ ਗੋਇਲ ਭਾਰਤੀ ਜਨਤਾ ਪਾਰਟੀ ਦਾ ਆਗੂ ਹੈ ਅਤੇ ਮਲੋਟ (ਮੁਕਤਸਰ) ਦਾ ਰਹਿਣ ਵਾਲਾ ਹੈ। ਸੀਬੀਆਈ ਅਧਿਕਾਰੀਆਂ ਅਨੁਸਾਰ, ਰੀਡਰ ਓਪੀ ਰਾਣਾ ਅਤੇ ਪਿਓ-ਪੁੱਤ ਵਿਰੁੱਧ ਭ੍ਰਿਸ਼ਟਾਚਾਰ ਰੋਕਥਾਮ ਕਾਨੂੰਨ (ਪੀਸੀ ਐਕਟ) ਤਹਿਤ ਐਫਆਈਆਰ ਦਰਜ ਕੀਤੀ ਗਈ ਹੈ।

## NEET UG ਪੇਪਰ ਲੀਕ ਮਾਮਲੇ ’ਚ NTA ਦਾ ਵੱਡਾ ਐਕਸ਼ਨ, 3 ਮਈ ਨੂੰ ਹੋਈ ਪ੍ਰੀਖਿਆ ਕੀਤੀ ਰੱਦ, CBI ਕਰੇਗੀ ਜਾਂਚ

ਨਵੀਂ ਦਿੱਲੀ, 12 ਮਈ (ਆਵਾਜ਼ਿ ਕੌਮ ਬਿਊਰੋ)-ਨੈਸ਼ਨਲ ਟੈਸਟਿੰਗ ਏਜੰਸੀ (NTA) ਨੇ ਭਾਰਤ ਸਰਕਾਰ ਦੀ ਪ੍ਰਵਾਨਗੀ ਨਾਲ, ਹੋਣ ਵਾਲੀ NEET (UG) 3 ਮਈ 2026 ਨੂੰ ਹੋਈ ਪ੍ਰੀਖਿਆ ਨੂੰ ਰੱਦ ਕਰਨ ਦਾ ਫੈਸਲਾ ਕੀਤਾ ਹੈ। ਪ੍ਰੀਖਿਆ ਨੂੰ ਮੁੜ ਤਹਿ ਕਰਨ ਦਾ ਵੀ ਫੈਸਲਾ ਲਿਆ ਗਿਆ ਹੈ, ਜਿਸਦਾ ਐਲਾਨ ਜਲਦੀ ਹੀ ਕੀਤਾ ਜਾਵੇਗਾ। ਜਾਣਕਾਰੀ ਅਨੁਸਾਰ, ਭਾਰਤ ਸਰਕਾਰ ਨੇ ਲਗਾਏ ਗਏ ਦੋਸ਼ਾਂ ਦੀ ਡੂੰਘਾਈ ਨਾਲ ਜਾਂਚ ਕਰਨ ਲਈ ਇਸ ਮਾਮਲੇ ਨੂੰ ਕੇਂਦਰੀ ਜਾਂਚ ਬਿਊਰੋ (ਸੀਬੀਆਈ) ਨੂੰ ਭੇਜਣ ਦਾ ਫੈਸਲਾ ਕੀਤਾ ਹੈ। NTA ਇਸ ਜਾਂਚ ਵਿੱਚ ਸੀਬੀਆਈ ਨੂੰ ਪੂਰਾ ਸਹਿਯੋਗ ਕਰੇਗਾ ਅਤੇ ਜਾਂਚ ਲਈ ਲੋੜੀਂਦੀ ਸਾਰੀ ਸਮੱਗਰੀ, ਰਿਕਾਰਡ ਅਤੇ ਸਹਾਇਤਾ ਪ੍ਰਦਾਨ ਕਰੇਗਾ। ਮੁੜ-ਪ੍ਰੀਖਿਆ ਲਈ ਕੋਈ ਨਵੀਂ ਰਜਿਸਟ੍ਰੇਸ਼ਨ ਦੀ ਲੋੜ ਨਹੀਂ ਹੋਵੇਗੀ, ਨਾ ਹੀ ਕੋਈ ਵਾਧੂ ਪ੍ਰੀਖਿਆ ਫੀਸ ਲਈ ਜਾਵੇਗੀ। ਇਸ ਤੋਂ ਇਲਾਵਾ, ਪਹਿਲਾਂ ਤੋਂ ਜਮ੍ਹਾ ਕਰਵਾਈਆਂ ਗਈਆਂ ਫੀਸਾਂ ਵਿਦਿਆਰਥੀਆਂ ਨੂੰ ਵਾਪਸ ਕੀਤੀਆਂ ਜਾਣਗੀਆਂ। ਇਸ ਵਾਰ, NTA ਆਪਣੇ ਅੰਦਰੂਨੀ ਸਰੋਤਾਂ ਦੀ ਵਰਤੋਂ ਕਰਕੇ ਮੁੜ-ਪ੍ਰੀਖਿਆ ਕਰਵਾਏਗਾ। ਮੁੜ-ਪ੍ਰੀਖਿਆ ਸੰਬੰਧੀ ਹੋਰ ਜਾਣਕਾਰੀ ਆਉਣ ਵਾਲੇ ਦਿਨਾਂ ਵਿੱਚ ਅਧਿਕਾਰਤ ਚੈਨਲਾਂ ਰਾਹੀਂ ਜਾਰੀ ਕੀਤੀ ਜਾਵੇਗੀ। NEET UG ਪ੍ਰੀਖਿਆ 3 ਮਈ ਨੂੰ ਦੇਸ਼ ਭਰ ਦੇ ਨਿਰਧਾਰਤ ਪ੍ਰੀਖਿਆ ਕੇਂਦਰਾਂ ’ਤੇ ਆਯੋਜਿਤ ਕੀਤੀ ਗਈ ਸੀ। ਇਸ ਤੋਂ ਬਾਅਦ, ਰਾਸ਼ਟਰੀ ਪ੍ਰੀਖਿਆ ਏਜੰਸੀ ਨੂੰ ਰਾਜਸਥਾਨ ਅਤੇ ਉੱਤਰਾਖੰਡ ਤੋਂ ਪੇਪਰ ਲੀਕ ਹੋਣ ਦੀਆਂ ਰਿਪੋਰਟਾਂ ਪ੍ਰਾਪਤ ਹੋਈਆਂ। ਇਹ ਪੇਪਰ ਕਥਿਤ ਤੌਰ ’ਤੇ ਅਸਲ ਪ੍ਰਸ਼ਨ ਪੱਤਰ ਦੇ ਸਮਾਨ ਸਨ। ਇਸ ਤੋਂ ਬਾਅਦ, ਰਾਜਸਥਾਨ ਪੁਲਿਸ ਦੇ ਸਪੈਸ਼ਲ ਆਪ੍ਰੇਸ਼ਨ ਗਰੁੱਪ ਨੇ NEET UG 2026 ਪ੍ਰੀਖਿਆ ਵਿੱਚ ਕਥਿਤ ਬੇਨਿਯਮੀਆਂ ਦੀ ਜਾਂਚ ਸ਼ੁਰੂ ਕੀਤੀ। ਇਸ ਤੋਂ ਇਲਾਵਾ, NTA ਨੇ ਸ਼ਨੀਵਾਰ ਨੂੰ ਇੱਕ ਪ੍ਰੈਸ ਰਿਲੀਜ਼ ਵਿੱਚ ਕਿਹਾ ਕਿ 3 ਮਈ ਦੀ ਪ੍ਰੀਖਿਆ “ਪੂਰੀ ਸੁਰੱਖਿਆ ਪ੍ਰੋਟੋਕੋਲ” ਅਧੀਨ ਆਯੋਜਿਤ ਕੀਤੀ ਗਈ ਸੀ ਅਤੇ ਸਾਰੇ ਕੇਂਦਰਾਂ ’ਤੇ ਆਮ ਤੌਰ ’ਤੇ ਹੋਈ। ਇਸ ਵਿੱਚ ਕਿਹਾ ਗਿਆ ਹੈ ਕਿ 7 ਮਈ ਨੂੰ ਦੇਰ ਨਾਲ ਕੁਝ ਸ਼ੱਕੀ ਜਾਣਕਾਰੀ ਪ੍ਰਾਪਤ ਹੋਈ ਸੀ, ਜਿਸ ਨੂੰ ਅਗਲੀ ਸਵੇਰ ਸੁਤੰਤਰ ਤਸਦੀਕ ਅਤੇ ਜ਼ਰੂਰੀ ਕਾਰਵਾਈ ਲਈ ਕੇਂਦਰੀ ਏਜੰਸੀਆਂ ਨੂੰ ਭੇਜ ਦਿੱਤਾ ਗਿਆ ਸੀ। ਗ੍ਰਿਫ਼ਤਾਰੀਆਂ ਜਾਂ ਛਾਪਿਆਂ ਦਾ ਜ਼ਿਕਰ ਕੀਤੇ ਬਿਨਾਂ, NTA ਨੇ ਕਿਹਾ ਕਿ ਉਹ ਜਾਂਚਕਰਤਾਵਾਂ ਨਾਲ ਪੂਰਾ ਸਹਿਯੋਗ ਕਰ ਰਿਹਾ ਹੈ ਅਤੇ ਪ੍ਰੀਖਿਆ ਨਾਲ ਸਬੰਧਤ ਡੇਟਾ ਅਤੇ ਤਕਨੀਕੀ ਜਾਣਕਾਰੀ ਸਾਂਝੀ ਕਰ ਰਿਹਾ ਹੈ। ਬਿਆਨ ਵਿੱਚ ਕਿਹਾ ਗਿਆ ਹੈ ਕਿ ਪ੍ਰੀਖਿਆ ਪ੍ਰਕਿਰਿਆ ਉਸ ਦਿਨ ਸਾਰੇ ਕੇਂਦਰਾਂ ’ਤੇ ਯੋਜਨਾ ਅਨੁਸਾਰ ਕੀਤੀ ਗਈ ਸੀ।



## ਖ਼ਤਮ ਹੋਵੇਗੀ ਜੰਗਬੰਦੀ ! ਪੱਛਮੀ ਏਸ਼ੀਆ ’ਚ ਮੁੜ ਫੌਜੀ ਕਾਰਵਾਈ ਸ਼ੁਰੂ ਕਰਨ ਦੇ ਮੂਡ ’ਚ ਟਰੰਪ

**ਵਾਸ਼ਿੰਗਟਨ, 12 ਮਈ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਪੱਛਮੀ ਏਸ਼ੀਆ ਵਿੱਚ ਫੌਜੀ ਕਾਰਵਾਈ ਮੁੜ ਸ਼ੁਰੂ ਕਰਨ ’ਤੇ ਗੰਭੀਰਤਾ ਨਾਲ ਵਿਚਾਰ ਕਰ ਰਹੇ ਹਨ। ਸੀਐਨਐਨ ਨੇ ਟਰੰਪ ਦੇ ਸਹਾਇਕਾਂ ਦਾ ਹਵਾਲਾ ਦਿੰਦੇ ਹੋਏ ਇਸ ਸਬੰਧੀ ਜਾਣਕਾਰੀ ਦਿੱਤੀ। ਇਸ ਤੋਂ ਪਹਿਲਾਂ ਟਰੰਪ ਨਾਲ ਗੱਲਬਾਤ ਤੋਂ ਬਾਅਦ ਫੌਕਸ ਨਿਊਜ਼ ਨੇ ਦੱਸਿਆ ਸੀ ਕਿ ਵ੍ਹਾਈਟ ਹਾਊਸ ਹੋਰਮੁਜ਼ ਸਟ੍ਰੇਟ ਰਾਹੀਂ ਜਹਾਜ਼ਾਂ ਦੀ ਆਵਾਜਾਈ ਬਹਾਲ ਕਰਨ ਲਈ ਆਪ੍ਰੇਸ਼ਨ ਪ੍ਰੋਜੈਕਟ ਫ੍ਰੀਡਮ ਨੂੰ ਮੁੜ ਸ਼ੁਰੂ ਕਰਨ ’ਤੇ ਵਿਚਾਰ ਕਰ ਰਿਹਾ ਹੈ।



ਟਰੰਪ ਟਕਰਾਅ ਨੂੰ ਹੱਲ ਕਰਨ ਲਈ ਗੱਲਬਾਤ ਵਿੱਚ ਈਰਾਨ ਦੇ ਰੁਖ ਤੋਂ ਨਿਰਾਸ਼ ਹੋ ਹੋਏ ਹਨ ਅਤੇ ਹੁਣ ਵੱਡੇ ਪੱਧਰ ’ਤੇ ਫੌਜੀ ਕਾਰਵਾਈ ਮੁੜ ਸ਼ੁਰੂ ਕਰਨ ’ਤੇ ਗੰਭੀਰਤਾ ਨਾਲ ਵਿਚਾਰ ਕਰ ਰਹੇ ਹਨ। ਸੂਤਰਾਂ ਨੇ ਕਿਹਾ ਕਿ ਹੋਰਮੁਜ਼ ਸਟ੍ਰੇਟ ਬੰਦ ਰਹਿਣ ਕਾਰਨ ਅਮਰੀਕੀ ਰਾਸ਼ਟਰਪਤੀ ਦਾ ਸਬਰ ਜਵਾਬ ਦੇ ਰਿਹਾ ਹੈ, ਅਤੇ ਉਹ ਇਹ ਵੀ ਮੰਨਦੇ ਹਨ ਕਿ ਈਰਾਨੀ ਲੀਡਰਸ਼ਿਪ ਦੇ ਅੰਦਰ ਮਤਭੇਦ ਹਨ। ਸੂਤਰਾਂ ਅਨੁਸਾਰ ਹੁਣ ਅਮਰੀਕੀ ਪ੍ਰਸ਼ਾਸਨ ਦੇ ਅੰਦਰ ਕਈ ਧੜੇ ਉੱਭਰ ਕੇ ਸਾਹਮਣੇ ਆਏ ਹਨ, ਜਿਨ੍ਹਾਂ ਵਿੱਚੋਂ ਕੁਝ ਤਾਕਤ ਦੀ ਵਰਤੋਂ ਦੇ ਹੱਕ ਵਿੱਚ ਹਨ ਅਤੇ ਈਰਾਨ ਦੀ ਸਥਿਤੀ ਨੂੰ ਕਮਜ਼ੋਰ ਕਰਨ ਲਈ ਲਗਾਤਾਰ ਨਿਸ਼ਾਨਾ ਬੰਬਾਰੀ ਦਾ ਪ੍ਰਸਤਾਵ ਰੱਖਦੇ ਹਨ, ਜਦੋਂ ਕਿ ਦੂਸਰੇ ਟਕਰਾਅ ਨੂੰ ਹੱਲ ਕਰਨ ਲਈ ਕੂਟਨੀਤਕ ਤਰੀਕਿਆਂ ’ਤੇ ਜ਼ੋਰ ਦਿੰਦੇ ਹਨ।

ਸੀਐਨਐਨ ਨੇ ਦੱਸਿਆ ਕਿ ਅਮਰੀਕਾ-ਈਰਾਨ ਗੱਲਬਾਤ ਵਿੱਚ ਵਿਚੋਲੇ ਵਜੋਂ ਪਾਕਿਸਤਾਨ ਦੀ ਭੂਮਿਕਾ ਅਮਰੀਕਾ ਲਈ ਇੱਕ ਵੱਖਰਾ ਮੁੱਦਾ ਬਣਿਆ ਹੋਇਆ ਹੈ। ਅਮਰੀਕੀ ਸਰਕਾਰ ਇਸ ਬਾਰੇ ਅਸਪਸ਼ਟ ਹੈ ਕਿ ਪਾਕਿਸਤਾਨ ਈਰਾਨ ਨੂੰ ਅਮਰੀਕਾ ਦੀ ਸਥਿਤੀ ਕਿੰਨੀ ਸਪੱਸ਼ਟਤਾ ਨਾਲ ਦੱਸ ਰਿਹਾ ਹੈ ਅਤੇ ਉਹ ਈਰਾਨ ਦੇ ਦ੍ਰਿਸ਼ਟੀਕੋਣ ਨੂੰ ਕਿੰਨੀ ਨਿਰਪੱਖਤਾ ਨਾਲ ਦੱਸ ਰਿਹਾ ਹੈ। ਪ੍ਰਸਾਰਕ ਨੇ ਰਿਪੋਰਟ ਦਿੱਤੀ ਕਿ ਪੱਛਮੀ ਏਸ਼ੀਆ ਟਕਰਾਅ ’ਤੇ ਅਮਰੀਕਾ ਦਾ ਰੁਖ਼ ਅਜੇ ਵੀ ਅਸਪਸ਼ਟ ਹੈ ਅਤੇ ਰਾਸ਼ਟਰਪਤੀ ਟਰੰਪ ਦੇ 13 ਤੋਂ 15 ਮਈ ਤੱਕ ਚੀਨ ਦੇ ਯੋਜਨਾਬੱਧ ਦੌਰੇ ਤੋਂ ਪਹਿਲਾਂ ਕੋਈ ਫੈਸਲਾ ਲੈਣ ਦੀ ਸੰਭਾਵਨਾ ਨਹੀਂ ਹੈ। ਗੌਰਤਲਬ ਹੈ ਕਿ 28 ਫਰਵਰੀ ਨੂੰ, ਅਮਰੀਕਾ ਅਤੇ ਇਜ਼ਰਾਈਲ ਨੇ ਈਰਾਨ ਵਿੱਚ ਟੀਚਿਆਂ ’ਤੇ ਹਮਲੇ ਕੀਤੇ, ਜਿਸ ਵਿੱਚ 3,000 ਤੋਂ ਵੱਧ ਲੋਕ ਮਾਰੇ ਗਏ। ਅਮਰੀਕਾ ਅਤੇ ਈਰਾਨ ਨੇ 7 ਅਪ੍ਰੈਲ ਨੂੰ ਜੰਗਬੰਦੀ ਦਾ ਐਲਾਨ ਕੀਤਾ। ਇਸਲਾਮਾਬਾਦ ਵਿੱਚ ਬਾਅਦ ਦੀਆਂ ਗੱਲਬਾਤਾਂ ਬਿਨਾਂ ਕਿਸੇ ਸਿੱਟੇ ਦੇ ਖਤਮ ਹੋ ਗਈਆਂ ਅਤੇ ਅਮਰੀਕਾ ਨੇ ਈਰਾਨੀ ਬੰਦਰਗਾਹਾਂ ਦੀ ਨਾਕਾਬੰਦੀ ਸ਼ੁਰੂ ਕਰ ਦਿੱਤੀ।

## ਕੈਬਨਿਟ ਮੰਤਰੀ ਸੰਜੀਵ ਅਰੋੜਾ ਨੂੰ ਨਹੀਂ ਮਿਲੀ ਰਾਹਤ, ਹਾਈਕੋਰਟ ਨੇ 14 ਮਈ ਲਈ ਮੁਅੱਤਲ ਕੀਤੀ ਸੁਣਵਾਈ



**ਨਵੀਂ ਦਿੱਲੀ, 12 ਮਈ (ਆਵਾਜ਼ਿ ਕੌਮ ਬਿਊਰੋ)**-ਇਨਫੋਰਸਮੈਂਟ ਡਾਇਰੈਕਟੋਰੇਟ ਵੱਲੋਂ ਮਨੀ ਲਾਂਡਰਿੰਗ ਕੇਸ ਵਿੱਚ ਬੀਤੇ ਦਿਨੀ ਗ੍ਰਿਫ਼ਤਾਰ ਕੀਤੇ ਗਏ ਪੰਜਾਬ ਕੈਬਨਿਟ ਦੇ ਮੰਤਰੀ ਸੰਜੀਵ ਅਰੋੜਾ ਨੂੰ ਫਿਲਹਾਲ ਹਾਈਕੋਰਟ ਤੋਂ ਕੋਈ ਰਾਹਤ ਨਹੀ ਮਿਲੀ ਹੈ। ਸੰਜੀਵ ਅਰੋੜਾ ਨੇ ਪੰਜਾਬ ਹਰਿਆਣਾ ਹਾਈਕੋਰਟ ਵਿੱਚ ਪਟੀਸ਼ਨ ਦਾਖਲ ਕਰਕੇ ਈਡੀ ਵੱਲੋਂ ਉਨ੍ਹਾਂ ਖਿਲਾਫ਼ ਦਰਜ ਕੇਸ ਨੂੰ ਨਿਯਮਾਂ ਦਾ ਉਲੰਘਣ ਦੱਸਿਆ ਹੈ। ਮੰਗਲਵਾਰ ਨੂੰ ਹਾਈਕੋਰਟ ਨੇ ਪਟੀਸ਼ਨ ’ਤੇ ਸੁਣਵਾਈ ਕੀਤੀ, ਜਿਸ ਦੌਰਾਨ ਦੋਵਾਂ ਪੱਖਾਂ ਦੇ ਵਕੀਲਾਂ ਦੀਆਂ ਦਲੀਲਾਂ ’ਤੇ ਅਦਾਲਤ ਨੇ ਸੁਣਵਾਈ 14 ਮਈ ਤੱਕ ਮੁਅੱਤਲ ਕਰ ਦਿੱਤੀ। ਇਸਤੋਂ ਪਹਿਲਾਂ ਸੰਜੀਵ ਅਰੋੜਾ ਨੇ ਆਪਣੀ ਪਟੀਸ਼ਨ ਵਿੱਚ ਹਾਈਕੋਰਟ ਨੂੰ ਦੱਸਿਆ ਕਿ ਈਡੀ ਨੇ ਨਿਯਮਾਂ ਦੀ ਪੂਰੀ ਤਰ੍ਹਾਂ ਉਲੰਘਣਾ ਕਰਦੇ ਹੋਏ ਉਸਦੇ ਖਿਲਾਫ ਇਹ ਮਾਮਲਾ ਦਰਜ ਕੀਤਾ ਹੈ। ਇਸ ਵਿੱਚ ਕਿਹਾ ਗਿਆ ਹੈ ਕਿ ਸਬੰਧਤ ਪੁਲਿਸ ਨੂੰ ਪਹਿਲਾਂ ਮਾਮਲੇ ਦੀ ਜਾਂਚ ਕਰਨੀ ਚਾਹੀਦੀ ਸੀ, ਜਿਸ ਤੋਂ ਬਾਅਦ ਈਡੀ ਅੱਗੇ ਦੀ ਕਾਰਵਾਈ ਕਰ ਸਕਦੀ ਸੀ। ਨਾਲ ਹੀ ਉਸਦੀ ਗ੍ਰਿਫਤਾਰੀ ਦੇ ਸਮੇਂ ਉਸਨੂੰ ਗ੍ਰਿਫਤਾਰੀ ਲਈ ਕੋਈ ਆਧਾਰ ਵੀ ਨਹੀਂ ਦਿੱਤਾ ਗਿਆ ਸੀ। ਉਨ੍ਹਾਂ ਕਿਹਾ ਕਿ ਜਿਹੜੀ ਕੰਪਨੀ ਦੇ ਸਬੰਧ ’ਚ ਈਡੀ ਗੱਲ ਕਰ ਰਹੀ ਹੈ, ਉਹ ਕੰਪਨੀ ਐਪਲ ਫੋਨਾਂ ਦਾ ਵਪਾਰ ਕਰਦੀ ਸੀ ਅਤੇ ਸਾਰੇ ਮੋਬਾਈਲ ਭੁਗਤਾਨ ਚੈੱਕ ਰਾਹੀਂ ਕੀਤੇ ਜਾਂਦੇ ਸਨ ਅਤੇ ਕਸਟਮ ਕਲੀਅਰੈਂਸ ਵੀ ਪ੍ਰਾਪਤ ਕੀਤੀ ਜਾਂਦੀ ਸੀ। ਇਸ ਲਈ, ਉਸਦੇ ਖਿਲਾਫ ਈਡੀ ਦਾ ਮਾਮਲਾ, ਉਸਦੀ ਗ੍ਰਿਫਤਾਰੀ ਅਤੇ ਉਸਦੇ ਰਿਮਾਂਡ ਦੇ ਆਦੇਸ਼ ਪੂਰੀ ਤਰ੍ਹਾਂ ਗਲਤ ਹਨ ਅਤੇ ਇਸਨੂੰ ਰੱਦ ਕੀਤਾ ਜਾਣਾ ਚਾਹੀਦਾ ਹੈ।




ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar


www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net




ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano
**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia
**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran
**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi
**ਗਤਕਾ ਸਿੱਖੋ** Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

**ਦੇਗ ਤੇਗ ਫ਼ਤਿਹ – ਪੰਥ ਕੀ ਜੀਤ**

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

## 1 ਨਵੰਬਰ 2026, ਦਿਨ ਐਤਵਾਰ ਨੂੰ

**ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ**
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

## ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ **ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
**ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137**
**ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ**
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ
84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਮਹਾਨ ਗੁਰਮਤਿ ਸਮਾਗਮ



☛ ਸ਼ਹੀਦੀ ਦਿਵਸ : ਛੋਟਾ ਘੱਲੂਘਾਰਾ ਕਾਹਨੂੰਵਾਨ ☛ ਫ਼ਤਹਿ ਦਿਵਸ : ਫ਼ਤਹਿ ਦਿਵਸ ਕੌਮੀ ਜਰਨੈਲ ਬਾਬਾ ਬੰਦਾ ਸਿੰਘ ਜੀ ਬਹਾਦਰ ਸਰਹੰਦ ਫ਼ਤਹਿ ਦਿਵਸ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।




ਸ਼ੁੱਕਰਵਾਰ 15 ਮਈ ਸੰਗਰਾਂਦ ਦਾ ਪਵਿੱਤਰ ਦਿਹਾੜੇ ਨੂੰ ਸਮਰਪਿਤ ਸ਼ਾਮ 5 ਤੋ 8 ਵਜੇ ਤੱਕ ਦੀਵਾਨ ਸਜਣਗੇ।

• ਸ਼ਨਿੱਚਰਵਾਰ 16 ਮਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ। • ਐਤਵਾਰ 17 ਮਈ 2026 ਨੂੰ 6:30 ਵਜੇ ਸਵੇਰ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਢਾਡੀ ਜਥਾ ਗਿਆਨੀ ਗੁਰਪ੍ਰੀਤ ਸਿੰਘ ਲਾਂਡਰਾਂ ਵਾਲੇ 15/16/17 ਮਈ ਨੂੰ ਢਾਡੀ ਵਾਰਾਂ ਰਾਹੀਂ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

# ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ



## 2 ਜੂਨ ਨੂੰ ਪਿੰਡ ਰੋਡੇ ਪਹੁੰਚੋ



ਸਮਾਗਮ ਦਾ ਸਮਾ
ਸਵੇਰੇ 10 ਤੋਂ
3 ਵਜੇ
ਤੱਕ

ਆਵਾਜ਼ਿ ਕੌਮ
AWAZE QAUM
International Newspaper & WEB TV

ਵੱਲੋਂ :- ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, (98140-13915)




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸ਼ਹੀਦੀ ਸਮਾਗਮ 17 ਮਈ ਨੂੰ



ਕੌਮੀ ਘਰ ਖਾਲਿਸਤਾਨ ਦੀ ਭਾਰਤੀ ਨਿਜ਼ਾਮ ਵਿਰੁੱਧ ਚੱਲ ਰਹੀ ਜੰਗ ਦੇ ਤਹਿਤ ਸ਼ਹਾਦਤ ਦੇਣ ਵਾਲੇ ਯੋਧੇ ਅਮਰ ਸ਼ਹੀਦ ਭਾਈ ਜਗਰੂਪ ਸਿੰਘ ਜੂਪਾ ਪੰਜਵੜ ਦੀ ਸ਼ਹਾਦਤ ਨੂੰ ਅਸੀਂ ਸਮੁੱਚੇ ਖਾਲਸਾ ਪੰਥ ਕੋਟਾਨ ਕੋਟ ਨਮਨ ਕਰਦੇ ਹਾਂ।



## ਸਿੱਖ ਕੌਮ ਦੀ ਆਜ਼ਾਦੀ ਦੀ ਜੰਗ ਦੇ ਅਮਰ ਸ਼ਹੀਦ ਭਾਈ ਜਗਰੂਪ ਸਿੰਘ ਪੰਜਵੜ ਦੀ ਪਵਿੱਤਰ ਯਾਦ ਨੂੰ ਸਮਰਪਿਤ ਸ਼ਹੀਦੀ ਸਮਾਗਮ

## 17 ਮਈ 2026
## (ਦਿਨ ਐਤਵਾਰ)

ਗੁਰਦਵਾਰਾ ਦੁੱਖ ਭੰਜਨ ਸਾਹਿਬ (ਪਿੰਡ ਕੱਲਰ ਭੈਣੀ )



ਸ਼ਹੀਦ ਭਾਈ ਜਗਰੂਪ ਸਿੰਘ

-- ✶ ਮੁਖ ਪ੍ਰਬੰਧਕ ✶ --

ਬਾਬਾ ਨਛੱਤਰ ਸਿੰਘ ਕੱਲਰ ਭੈਣੀ
ਬਾਬਾ ਇੰਦਰ ਸਿੰਘ ਕਾਰ ਸੇਵਾ
ਬਾਬਾ ਬਖਸੀਸ ਸਿੰਘ ਨਿਜ਼ਾਮਨੀਵਾਲਾ
ਬਾਬਾ ਰਾਜਾ ਰਾਜ ਸਿੰਘ ਅਰਬਾ ਖਰਬਾਂ ਦਲ
ਭਾਈ ਰਿਸਬਦੀਪ ਸਿੰਘ ਹੇਰਾ

ਆਵਾਜ਼ਿ ਕੌਮ AWAZE QAUM International Newspaper & WEB TV

--✶ ਵੱਲੋਂ ✶--

# ਸਮੂਹ ਸਿੱਖ ਜਥੇਬੰਦੀਆਂ

# ਸ਼ਹੀਦੀ ਸਮਾਗਮ 17 ਮਈ ਨੂੰ



ਕੌਮੀ ਘਰ ਖਾਲਿਸਤਾਨ ਦੀ ਭਾਰਤੀ ਨਿਜ਼ਾਮ ਵਿਰੁੱਧ ਚੱਲ ਰਹੀ ਜੰਗ ਦੇ ਤਹਿਤ ਸ਼ਹਾਦਤ ਦੇਣ ਵਾਲੇ ਯੋਧੇ ਅਮਰ ਸ਼ਹੀਦ ਭਾਈ ਜਗਰੂਪ ਸਿੰਘ ਜੁਪਾ ਪੰਜਵੜ ਦੀ ਸ਼ਹਾਦਤ ਨੂੰ ਅਸੀਂ ਸਮੁੱਚੇ ਖਾਲਸਾ ਪੰਥ ਕੋਟਾਨ ਕੋਟ ਨਮਨ ਕਰਦੇ ਹਾਂ।



**ਸਿੱਖ ਕੌਮ ਦੀ ਆਜ਼ਾਦੀ ਦੀ ਜੰਗ ਦੇ ਅਮਰ ਸ਼ਹੀਦ ਭਾਈ ਜਗਰੂਪ ਸਿੰਘ ਪੰਜਵੜ ਦੀ ਪਵਿੱਤਰ ਯਾਦ ਨੂੰ ਸਮਰਪਿਤ ਸ਼ਹੀਦੀ ਸਮਾਗਮ**

## 17 ਮਈ 2026
## (ਦਿਨ ਐਤਵਾਰ)




**ਗੁਰਦਵਾਰਾ ਦੁੱਖ ਭੰਜਨ ਸਾਹਿਬ (ਪਿੰਡ ਕੱਲਰ ਭੈਣੀ)**



--✶ ਜਾਰੀ ਕਰਤਾ ✶--

## ਜੱਥੇਦਾਰ ਸੁਰਿੰਦਰ ਸਿੰਘ ਠੀਕਰੀਵਾਲ
## ਮੁਖ ਸੇਵਾਦਾਰ ਜੱਥਾ ਠੀਕਰੀਵਾਲ

**+13173657120**

**ਸ਼੍ਰੋਮਣੀ ਕਮੇਟੀ ਵੱਲੋਂ ਆਪਣੇ ਹੱਥੀ ਦਿੱਤੀਆਂ ਗਈਆਂ ਗੰਢਾਂ ਹੁਣ ਮੂੰਹ ਨਾਲ ਵੀ ਨਹੀਂ ਖੁੱਲਣਗੀਆਂ**

# ਨਾ ਹੀ ਇਨ੍ਹਾਂ ਦੇ ਬਣਾਏ ਗਏ ਜਥੇਦਾਰ ਖੋਲ ਸਕਣਗੇ - ਬਾਬਾ ਬਘੇਲ ਸਿੰਘ ਯੂ.ਕੇ. ਜਥੇਦਾਰ ਧਾਰਮਿਕ ਵਿੰਗ, ਇੰਟਰਨੈਸ਼ਨਲ ਪੰਥਕ ਦਲ, ਇੰਗਲੈਂਡ ਅਤੇ ਯੂਰਪ





**ਸ਼੍ਰੋਮਣੀ** ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਧਾਨ ਹਰਜਿੰਦਰ ਸਿੰਘ ਜੀ ਧਾਮੀ ਅਤੇ ਸ਼੍ਰੀ ਅਕਾਲ ਤਖਤ ਸਾਹਿਬ ਦੇ ਜਬਰੀ ਬਣਾਏ ਗਏ ਜਥੇਦਾਰ ਕੁਲਦੀਪ ਸਿੰਘ ਜੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੀਆਂ ਬੇਅਦਬੀਆਂ ਨੂੰ ਰੋਕਣ ਵਾਸਤੇ ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ ਕਾਨੂੰਨ ਦੀ ਖਿਲਾਫਤ ਕਰਦਿਆਂ ਹੋਇਆਂ ਇਸ ਕਾਨੂੰਨ ਨੂੰ ਰੱਦ ਕਰਨ ਵਾਸਤੇ ਕਿਹਾ ਹੈ ਜਿਸ ਵਾਸਤੇ ਪੰਜਾਬ ਸਰਕਾਰ ਨੂੰ 15 ਦਿਨਾਂ ਦਾ ਸਮਾਂ ਦਿੱਤਾ ਗਿਆ ਹੈ। ਅਖਬਾਰੀ ਬਿਆਨਾਂ ਵਿੱਚ ਇਹ ਗੱਲ ਕਹੀ ਗਈ ਹੈ ਕਿ ਇਹ ਕਾਨੂੰਨ ਪੰਥ ਨੂੰ ਪ੍ਰਵਾਨ ਨਹੀਂ ਹੈ ਤੇ ਪੰਥਕ ਭਾਵਨਾਵਾਂ ਦੇ ਵਿਰੁੱਧ ਜਾ ਕੇ ਇਸ ਕਾਨੂੰਨ ਨੂੰ ਮਾਨਤਾ ਦਿੱਤੀ ਗਈ ਹੈ। ਪਰ ਬੜੀ ਹੈਰਾਨੀ ਦੀ ਗੱਲ ਇਹ ਹੈ ਕਿ ਲੰਬੇ ਸਮੇਂ ਤੋਂ ਪੰਥਕ ਭਾਵਨਾਵਾਂ ਨੂੰ ਦਰਕਿਨਾਰ ਕਰਕੇ ਗੁਰੂ ਕੇ ਸਿਧਾਂਤ ਤੇ ਸਿੱਖੀ ਸਿਧਾਂਤ ਨੂੰ ਛਿੱਕੇ ਤੇ ਟੰਗ ਕੇ ਸ਼੍ਰੋਮਣੀ ਕਮੇਟੀ ਨੇ ਆਪਣੇ ਮਨ ਮਰਜ਼ੀ ਦੇ ਫੈਸਲੇ ਕੀਤੇ ਅਤੇ ਸੰਦੇਸ਼ ਕੌਮ ਨੂੰ ਦੇਣ ਦੇ ਯਤਨ ਕੀਤੇ। ਜਿਸ ਦੇ ਨਤੀਜੇ ਵਜੋਂ ਕੌਮ ਦੇ ਅੰਦਰ ਦੁਬਿਧਾ ਪੈਦਾ ਹੋਈ ਤੇ ਅੱਜ ਕੌਮ ਦੀ ਸਿਰਮੌਰ ਜਥੇਬੰਦੀ ਧੜੇਬੰਦੀ ਦਾ ਸ਼ਿਕਾਰ ਹੋ ਗਈ ਅਤੇ ਸਿੱਖਾਂ ਦਾ ਆਪਣੀ ਇਸ ਮਾਣਮੱਤੀ ਸੰਸਥਾ ਤੋਂ ਭਰੋਸਾ ਉੱਠ ਚੁੱਕਾ ਹੈ। ਸ਼੍ਰੋਮਣੀ ਕਮੇਟੀ ਜਿੱਥੇ ਆਪਣੇ ਆਪ ਨੂੰ ਤੇ ਲੈ ਕੇ ਡੁੱਬੀ ਹੀ ਹੈ ਉੱਥੇ ਸਿੱਖੀ ਸਿਧਾਂਤ ਦੀ ਰਾਖੀ ਕਰਨ ਵਾਲੇ ਸ੍ਰੀ ਅਕਾਲ ਤਖਤ ਸਾਹਿਬ ਨੂੰ ਵੀ ਬਦਨਾਮ ਕਰਨ ਵਿੱਚ ਸਭ ਤੋਂ ਵੱਡਾ ਤੇ ਮੋਹਰੀ ਰੋਲ ਸ਼੍ਰੋਮਣੀ ਕਮੇਟੀ ਵੱਲੋਂ ਅਦਾ ਕੀਤਾ ਗਿਆ। ਇੱਕ ਧਿਰ ਨੂੰ ਖੁਸ਼ ਕਰਨ ਵਾਸਤੇ ਮਨ ਮਰਜ਼ੀ ਦੇ ਹੁਕਮਨਾਮੇ ਕੌਮ ਦੇ ਨਾਂ ਦੇ ਉੱਪਰ ਪੰਥ ਦੇ ਨਾਂ ਦੇ ਉੱਪਰ ਸੁਣਾਏ ਗਏ। ਹੁਕਮਨਾਮੇ ਸੁਣਾਉਣ ਵਾਲੇ ਜਥੇਦਾਰ ਸਾਹਿਬਾਨ ਨੂੰ ਆਪਣੇ ਮਤਲਬ ਲਈ ਵਰਤਿਆ ਗਿਆ। ਜਦੋਂ ਮਰਜ਼ੀ ਬਣਾ ਲਿਆ ਗਿਆ ਤੇ ਜਦੋਂ ਮਰਜ਼ੀ ਬੇਇੱਜ਼ਤ ਕਰਕੇ ਕੌਮ ਦੇ ਪ੍ਰਤੀ ਸੁਹਿਰਦ ਨਾ ਹੋਣ ਦੇ ਇਲਜ਼ਾਮ ਲਗਾ ਕੇ ਆਪਣੇ ਅਹੁਦੇ ਤੋਂ ਉਹਨਾਂ ਨੂੰ ਫਾਰਗ ਕਰ ਦਿੱਤਾ ਗਿਆ। ਸਿੱਖ ਰਹਿਤ ਮਰਿਆਦਾ ਦੇ ਖਰੜੇ ਨੂੰ ਸ਼੍ਰੀ ਅਕਾਲ ਤਖਤ ਸਾਹਿਬ ਜੀ ਦੀ ਮਰਿਆਦਾ ਕਹਿ ਕੇ ਸੰਗਤਾਂ ਵਿੱਚ ਵੰਡਣਾ ਅਤੇ ਉਸ ਰਹਿਤ ਮਰਿਆਦਾ ਦੇ ਅਨੁਸਾਰ ਕੋਈ ਕਿਹੜੀ ਬਾਣੀ ਪੜਨੀ ਚਾਹੁੰਦਾ ਹੈ ਪੜ੍ਹ ਸਕਦਾ ਹੈ ਜੇਕਰ ਕੋਈ ਨਹੀਂ ਪੜ੍ਹੀ ਚਾਹੁੰਦਾ ਤੇ ਨਾ ਪੜੇ। ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਆਪੋ ਆਪਣੇ ਅਸਥਾਨਾਂ ਤੇ ਆਪੋ ਆਪਣੀ ਮਰਿਆਦਾ ਦੇ ਅਨੁਸਾਰ ਪਾਏ ਜਾਣ। ਮਾਸ ਅਤੇ ਝਟਕਾ ਖਾਣ ਦੇ ਕਨਸੈਪਟ ਨੂੰ ਕਲੀਅਰ ਤੌਰ ਤੇ ਸੰਗਤ ਵਿੱਚ ਨਾ ਪ੍ਰਚਾਰਨਾ ਆਦਿ ਅਨੇਕਾ ਕਾਰਨ ਹਨ ਤੇ ਜਿਨਾਂ ਦਾ ਮੂਲ ਸ੍ਰੀ ਅਕਾਲ ਤਖਤ ਸਾਹਿਬ ਜੀ ਤੇ ਨਾਂ ਤੇ ਛਾਪੀ ਗਈ ਰਹਿਤ ਮਰਿਆਦਾ ਹੈ। ਇਸ ਤੋਂ ਇਲਾਵਾ ਪੰਥ ਨਾਲ ਸੰਬੰਧਿਤ ਮਸਲਿਆਂ ਅਤੇ ਧਾਰਮਿਕ ਮੁੱਦਿਆਂ ਉੱਪਰ ਸ਼੍ਰੋਮਣੀ ਕਮੇਟੀ ਵੱਲੋਂ ਸਿੱਖੀ ਸਿਧਾਂਤ ਨੂੰ ਪਰੇ ਰੱਖ ਕੇ ਆਪਣੇ ਆਪ ਨੂੰ ਸਥਾਪਿਤ ਕਰਨ ਵਾਸਤੇ ਫੈਸਲੇ ਲੈਣੇ। ਮਨ ਮਰਜ਼ੀ ਦੇ ਨਾਲ ਸਿੱਖਾਂ ਦੀਆਂ ਕੁਰਬਾਨੀਆਂ ਦੇ ਕੇ ਗੁਰੂ ਸੱਚੇ ਪਾਤਸ਼ਾਹ ਵੱਲੋਂ ਚੜਾਏ ਗਏ ਕੇਸਰੀ ਨਿਸ਼ਾਨਾਂ ਨੂੰ ਬਦਲ ਦੇਣਾ। ਲੋੜ ਪੈਣ ਤੇ ਸਿੱਖਾਂ ਨੂੰ ਤਨਖਾਹਈਏ ਕਰਾਰ ਦੇ ਦੇਣਾ ਅਤੇ ਬਾਅਦ ਵਿੱਚ ਆਪ ਹੀ ਉਹਨਾਂ ਨੂੰ ਖਿਮਾ ਜਾਚਨਾ ਦੇ ਕੇ ਪੰਥ ਵਿੱਚ ਵਾਪਸ ਰਲਾ ਦੇਣਾ। ਅਨੇਕਾਂ ਐਸੀਆਂ ਗੱਲਾਂ ਹਨ ਜਿਨਾਂ ਨੂੰ ਸਿੱਖ ਪੰਥ ਵਿੱਚ ਇੱਕ ਮਖੌਲ ਬਣਾ ਕੇ ਰੱਖ ਦਿੱਤਾ ਗਿਆ। ਅੱਜ ਉਹੀ ਸ਼੍ਰੋਮਣੀ ਕਮੇਟੀ ਅਤੇ ਜਬਰੀ ਬਣਾਏ ਗਏ ਜਥੇਦਾਰ ਪੰਥ ਦੀ ਦੁਹਾਈ ਦੇ ਕੇ ਕੌਮ ਅਤੇ ਪੰਥ ਦੇ ਨਾਂ ਤੇ ਕੌਮ ਦੇ ਹੱਕ ਵਿੱਚ ਖੜੇ ਹੋ ਕੇ ਸਰਕਾਰ ਵਿਰੁੱਧ ਮੋਰਚਾ ਲਾਉਣ ਦੀਆਂ ਗੱਲਾਂ ਕਰ ਰਹੇ ਹਨ। ਜਦੋਂ ਕਿ ਸਿੱਖਾਂ ਉੱਪਰ ਭਾਰਤ ਸਰਕਾਰ ਦੇ ਕੀਤੇ ਗਏ ਹਮਲੇ ਤੋਂ ਬਾਅਦ ਸ਼੍ਰੀ ਅਕਾਲ ਤਖਤ ਸਾਹਿਬ ਤੋਂ ਹੀ ਕੌਮ ਨੇ ਆਪਣਾ ਪੰਥਕ ਮੋਰਚਾ ਖੋਲਿਆ ਹੋਇਆ ਹੈ ਆਪਣੇ ਆਜ਼ਾਦ ਘਰ ਵਾਸਤੇ ਤੇ ਸਾਡੀ ਸਿੱਖੀ ਸਿਧਾਂਤ ਦੀ ਰਾਖੀ ਵਾਸਤੇ ਉਨਾਂ ਮੁੱਦਿਆਂ ਉੱਪਰ ਜਾਂ ਕੌਮ ਦੇ ਲਾਏ ਹੋਏ ਮੋਰਚੇ ਦੇ ਸਬੰਧ ਵਿੱਚ ਸ਼੍ਰੋਮਣੀ ਕਮੇਟੀ ਜਾਂ ਸ਼੍ਰੋਮਣੀ ਕਮੇਟੀ ਦੇ ਜਥੇਦਾਰ ਕਦੇ ਵੀ ਅੱਗੇ ਲੱਗ ਕੇ ਕੌਮ ਨੂੰ ਅਗਵਾਈ ਦੇਣ ਦੀ ਗੱਲ ਨਹੀਂ ਕਰਦੇ ਪਰ ਜਦੋਂ ਆਵਦੀ ਕੁਰਸੀ ਡਗ ਮਗਾਉਂਦੀ ਨਜ਼ਰ ਆਉਂਦੀ ਹੈ ਉਸ ਵਕਤ ਕੌਮ ਤੇ ਪੰਥ ਦਾ ਨਾਂ ਵਰਤ ਕੇ ਆਪਣੀ ਚੌਧਰ ਨੂੰ ਬਚਾਉਣ ਵਾਸਤੇ ਮੋਰਚੇ ਲਾ ਲਏ ਜਾਂਦੇ ਹਨ। ਸਿਆਣਿਆਂ ਦੀ ਇੱਕ ਕਹਾਵਤ ਹੈ ਕਿ ਹੱਥਾਂ ਨਾਲ ਦਿੱਤੀਆਂ ਹੋਈਆਂ ਦੰਦਾਂ ਨਾਲ ਖੋਲਣੀਆਂ ਪੈਂਦੀਆਂ ਹਨ ਸ਼੍ਰੋਮਣੀ ਕਮੇਟੀ ਵੱਲੋਂ ਪੰਥ ਅਤੇ ਕੌਮ ਨੂੰ ਦਰ ਕਿਨਾਰ ਕਰਕੇ ਸਿੱਖੀ ਸਿਧਾਂਤ ਨੂੰ ਪਿਛਾਹ ਰੱਖ ਕੇ ਆਪਣੀ ਚੌਧਰ ਕਾਇਮ ਰੱਖਣ ਵਾਸਤੇ ਲਏ ਗਏ ਫੈਸਲੇ ਅਤੇ ਜਾਰੀ ਕੀਤੇ ਹੋਏ ਹੁਕਮਨਾਮੇ ਇਹਨਾਂ ਵਾਸਤੇ ਐਸੀਆਂ ਗੰਢਾਂ ਬਣ ਗਈਆਂ ਹਨ ਜੋ ਹੁਣ ਦੰਦਾਂ ਨਾਲ ਵੀ ਖੋਲੀਆਂ ਨਹੀਂ ਜਾ ਸਕਣਗੀਆ ਸੱਪ ਨਿਕਲ ਜਾਣ ਤੋਂ ਬਾਅਦ ਲਕੀਰ ਪਿੱਟਣ ਦਾ ਕੋਈ ਫਾਇਦਾ ਨਹੀਂ ਹੁੰਦਾ ਇਹੀ ਕਹਾਵਤ ਸ਼੍ਰੋਮਣੀ ਕਮੇਟੀ ਉੱਪਰ ਢੁੱਕਦੀ ਨਜ਼ਰ ਆਉਂਦੀ ਹੈ ਜਦੋਂ ਕੌਮ ਤੇ ਪੰਥ ਦੇ ਹੱਕ ਵਿੱਚ ਖੜੇ ਹੋਣ ਦਾ ਸਮਾਂ ਸੀ ਉਦੋਂ ਕੌਮ ਦੀ ਪਿੱਠ ਵਿੱਚ ਛੁਰਾ ਮਾਰ ਦੇਣਾ ਅਤੇ ਬਾਅਦ ਵਿੱਚ ਕੌਮ ਤੇ ਪੰਥ ਦੀ ਦੁਹਾਈ ਦੇ ਕੇ ਕੌਮ ਤੇ ਪੰਥ ਦੇ ਨਾਂ ਤੇ ਆਪਣੀ ਰਾਜਨੀਤੀ ਨੂੰ ਚਮਕਾਉਣਾ ਉਹਦਾ ਕੋਈ ਵੀ ਲਾਭ ਪ੍ਰਾਪਤ ਨਹੀਂ ਹੋਵੇਗਾ। ਬੇਅਦਬੀਆਂ ਰੋਕਣ ਵਾਲੇ ਕਾਨੂੰਨ ਵਿੱਚ ਕੀਤੀ ਗਈ ਸੋਧ ਅਤੇ ਪੰਜਾਬ ਸਰਕਾਰ ਵੱਲੋ ਨਵਾਂ ਕਾਨੂੰਨ ਭਾਵੇਂ ਬਹੁਤ ਸਾਰੀਆਂ ਕਮੀਆਂ ਨਾਲ ਭਰਪੂਰ ਹੈ ਅਤੇ ਆਉਣ ਵਾਲੀਆਂ ਨਸਲਾਂ ਵਾਸਤੇ ਬਹੁਤ ਚੁਣੌਤੀਆਂ ਦਾ ਕਾਰਨ ਬਣ ਸਕਦਾ ਹੈ ਪਰ ਇਹਨਾਂ ਸਾਰੀਆਂ ਗੱਲਾਂ ਦੇ ਬਾਵਜੂਦ ਸ਼੍ਰੋਮਣੀ ਕਮੇਟੀ ਵੱਲੋਂ ਇਸ ਦਾ ਵਿਰੋਧ ਕਰਨਾ ਅਤੇ ਰੱਦ ਕਰਨ ਵਾਸਤੇ ਕੌਮ ਤੇ ਪੰਥ ਨੂੰ ਮੋਰਚਾ ਲਾਉਣ ਵਾਸਤੇ ਕਹਿਣਾ ਭਰੋਸੇ ਲਾਇਕ ਨਹੀਂ ਹੈ।



**- ਬਾਬਾ ਬਘੇਲ ਸਿੰਘ ਯੂ.ਕੇ. ਜਥੇਦਾਰ ਧਾਰਮਿਕ ਵਿੰਗ, ਇੰਟਰਨੈਸ਼ਨਲ ਪੰਥਕ ਦਲ, ਇੰਗਲੈਂਡ ਅਤੇ ਯੂਰਪ**

ਜੇਕਰ ਸਮਾਂ ਰਹਿੰਦਿਆਂ ਸ਼੍ਰੋਮਣੀ ਕਮੇਟੀ ਪੰਥਕ ਭਾਵਨਾਵਾਂ ਨੂੰ ਮੁੱਖ ਰੱਖ ਕੇ ਕੌਮ ਤੇ ਪੰਥ ਦੇ ਹੱਕ ਵਿੱਚ ਭੁਗਤ ਜਾਂਦੀ ਅੱਜ ਸਿੱਖ ਕੌਮ ਨੂੰ ਇਹ ਦਿਨ ਨਾ ਦੇਖਣੇ ਪੈਂਦੇ ਸਾਡੀਆਂ ਸਰਮੌਰ ਜਥੇਬੰਦੀਆਂ ਧਾਰਮਿਕ ਸੰਸਥਾਵਾਂ ਅਤੇ ਸੰਪਰਦਾਵਾਂ ਵੱਲੋਂ ਨਿੱਜੀ ਗਰਜਾਂ ਵਾਸਤੇ ਸ਼੍ਰੋਮਣੀ ਕਮੇਟੀ ਨਾਲ ਮਿਲ ਕੇ ਪੰਥਕ ਰਿਵਾਇਤਾਂ ਦੇ ਵਿਰੁੱਧ ਜਾ ਕੇ ਸ਼੍ਰੋਮਣੀ ਕਮੇਟੀ ਦਾ ਸਾਥ ਦੇਣਾ ਅਤੇ ਆਪਣੇ ਰਾਜਭਾਗ ਨੂੰ ਕਾਇਮ ਰੱਖਣ ਵਾਸਤੇ ਕੀਤੇ ਗਏ ਯਤਨ ਅੱਜ ਸਿੱਖ ਕੌਮ ਵਾਸਤੇ ਬਹੁਤ ਹੀ ਵੱਡੀ ਚੁਣੌਤੀ ਅਤੇ ਦੁਵਿਧਾ ਦਾ ਕਾਰਨ ਬਣ ਗਏ ਹਨ ਜਿਸ ਦਾ ਨਤੀਜਾ ਇਹਨਾਂ ਨੂੰ ਵੀ ਭੁਗਤਣਾ ਪਵੇਗਾ ਅਤੇ ਕੌਮ ਲੰਬੇ ਸਮੇਂ ਤੋਂ ਇਹਨਾਂ ਨਤੀਜਿਆਂ ਨੂੰ ਭੁਗਤਦੀ ਆ ਰਹੀ ਹੈ। ਜਿੱਥੇ ਸ਼੍ਰੋਮਣੀ ਕਮੇਟੀ ਇਹਨਾਂ ਸਾਰੀਆਂ ਗੱਲਾਂ ਵਾਸਤੇ ਜਿੰਮੇਵਾਰ ਹੈ ਉੱਥੇ ਹੀ ਦੇਸ਼ਾਂ ਵਿਦੇਸ਼ਾਂ ਵਿੱਚ ਆਪੋ ਆਪਣੇ ਤੌਰ ਤੇ ਸ਼੍ਰੋਮਣੀ ਕਮੇਟੀ ਤੋਂ ਲਾਭ ਲੈਣ ਵਾਲੇ ਸਵਾਰਥੀ ਸਿੱਖ ਉਹ ਵੀ ਇਸ ਗੱਲ ਦੇ ਜਿੰਮੇਵਾਰ ਹਨ। ਕਿਉਂਕਿ ਉਨਾਂ ਨੇ ਵੀ ਸ਼੍ਰੋਮਣੀ ਕਮੇਟੀ ਦੇ ਲਏ ਗਏ ਗਲਤ ਫੈਸਲਿਆਂ ਦੀ ਹਿਮਾਇਤ ਕੀਤੀ ਹੈ ਅਤੇ ਰੋਸ ਵਜੋਂ ਆਪਣਾ ਫਰਜ਼ ਨਾ ਨਿਭਾਉਂਦਿਆਂ ਹੋਇਆਂ ਤਾੜਨਾ ਕਰਨ ਦੀ ਬਜਾਏ ਸ਼੍ਰੋਮਣੀ ਕਮੇਟੀ ਦੇ ਲਏ ਗਏ ਫੈਸਲਿਆਂ ਨੂੰ ਸਿਰ ਮੱਥੇ ਪ੍ਰਵਾਨ ਕਰਕੇ ਇੱਕ ਸੱਚੇ ਸਿੱਖ ਹੋਣ ਦਾ ਸਬੂਤ ਦੇਣਾ ਚਾਹਿਆ ਹੈ। ਅੱਜ ਸਮਾਂ ਐਸਾ ਬਣ ਗਿਆ ਹੈ ਕਿ ਇਹ ਸਾਰਾ ਕੁਝ ਹੁੰਦਿਆਂ ਦੇਖਦਿਆਂ ਹੋਇਆਂ ਵੀ ਉਹ ਧਰਮੀ ਗੁਰਸਿੱਖ ਜੋ ਗੁਰੂ ਸਿਧਾਂਤ ਨੂੰ ਪਰਨਾਏ ਹੋਏ ਹਨ ਸਹੀ ਅਤੇ ਗਲਤ ਦੇ ਫੈਸਲਿਆਂ ਦੀ ਸੋਝੀ ਰੱਖਦੇ ਹਨ ਉਹਨਾਂ ਨੂੰ ਘਰਾਂ ਅੰਦਰ ਚੁੱਪ ਕਰਕੇ ਬੈਠਣਾ ਪੈ ਰਿਹਾ ਹੈ ਪਰ ਸਮਾਂ ਕਿਸੇ ਦਾ ਮਿੱਤਰ ਨਹੀਂ ਹੁੰਦਾ ਹਮੇਸ਼ਾ ਬਦਲਦਾ ਰਹਿੰਦਾ ਹੈ। ••

## ਪੰਜਾਬ ਸਰਕਾਰ ਵੱਲੋਂ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026 ਦੇ ਸਬੰਧ ਵਿਚ ਸਿੱਖ ਕੌਮ ਵੱਲੋਂ ਕੀਤੇ ਜਾ ਰਹੇ ਇਤਰਾਜ਼ਾਂ ਨੂੰ ਲੈ ਕੇ ਵਿਸ਼ੇਸ਼ ਇਕੱਤਰਤਾ



**ਅੰਮ੍ਰਿਤਸਰ, 12 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਵੱਲੋਂ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026 ਦੇ ਸਬੰਧ ਵਿਚ ਸਿੱਖ ਕੌਮ ਵੱਲੋਂ ਕੀਤੇ ਜਾ ਰਹੇ ਇਤਰਾਜ਼ਾਂ ਨੂੰ ਲੈ ਕੇ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਦੇ ਹੈੱਡ ਗ੍ਰੰਥੀ ਤੇ ਸਮੂਹ ਸਿੰਘ ਸਾਹਿਬਾਨ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਤੇ ਐਡੀਸ਼ਨਲ ਮੁੱਖ ਗ੍ਰੰਥੀ ਨੇ ਵਿਸ਼ੇਸ਼ ਇਕੱਤਰਤਾ ਕਰਕੇ ਇਸ ਉੱਤੇ ਗੰਭੀਰ ਵਿਚਾਰ ਵਟਾਂਦਰਾ ਕੀਤਾ। ਇਸ ਮਗਰੋਂ ਮੀਡੀਆ ਨੂੰ ਜਾਰੀ ਕੀਤੇ ਗਏ ਪ੍ਰੈੱਸ ਬਿਆਨ ਰਾਹੀਂ ਸਮੂਹ ਸਿੰਘ ਸਾਹਿਬਾਨ ਨੇ ਪੰਜਾਬ ਦੇ ਮੁੱਖ ਮੰਤਰੀ ਨੂੰ ਸੁਝਾਅ ਦਿੱਤਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲੇ ਹਰ ਦੋਸ਼ੀ, ਪਾਪੀ ਨੂੰ ਸਖ਼ਤ ਤੋਂ ਸਖ਼ਤ ਸਜਾਵਾਂ ਦੇਣ ਦਾ ਕਾਨੂੰਨ ਬਿਨਾਂ ਸ਼ੱਕ ਕੌਮ ਦੇ ਹੱਕ ਵਿਚ ਹੈ ਪਰੰਤੂ ਇਸ ਦੇ ਨਾਲ ਹੀ ਸਿੱਖ ਕੌਮ ਦੀਆਂ ਮਹਾਨ ਸੰਸਥਾਵਾਂ ਅਤੇ ਗ੍ਰੰਥੀ ਸਿੰਘਾਂ, ਗੁਰਦੁਆਰਾ ਕਮੇਟੀਆਂ ਅਤੇ ਸੰਗਤਾਂ ਨੂੰ ਬੇਅਦਬੀ ਦੇ ਅਪਰਾਧ ਤੋਂ ਇਲਾਵਾ ਮਰਯਾਦਾ ਸਬੰਧੀ ਮਾਮਲਿਆਂ ’ਚ ਕਾਨੂੰਨੀ ਦਾਇਰੇ ਵਿਚ ਲਿਆਉਣਾ ਅਤਿ ਇਤਰਾਜ਼ਯੋਗ ਹੈ।

ਸਮੂਹ ਸਿੰਘ ਸਾਹਿਬਾਨ ਨੇ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਨੂੰ ਇਸ ਸੰਜੀਦਾ ਮਸਲੇ ਉੱਤੇ ਵਿਚਾਰ-ਮੰਥਨ ਦਾ ਸੁਝਾਅ ਦਿੰਦਿਆਂ ਕਿਹਾ ਕਿ ਸਿੱਖ ਭਾਵਨਾਵਾਂ ਅਨੁਸਾਰ ਕਾਨੂੰਨ ਵਿਚ ਸੋਧਾਂ ਕਰਨੀਆਂ ਕੌਮ ਦੇ ਭਲੇ ਵਿਚ ਹੈ, ਜਿਸ ’ਤੇ ਸਰਕਾਰ ਨੂੰ ਅੜੀ ਨਹੀਂ ਕਰਨੀ ਚਾਹੀਦੀ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਮੂਹ ਸਿੰਘ ਸਾਹਿਬਾਨ ਅਤੇ ਹੈੱਡ ਗ੍ਰੰਥੀ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਪੂਰੀ ਕੌਮ ਦੇ ਗ੍ਰੰਥੀ ਸਿੰਘਾਂ ਵੱਲੋਂ ਇਸ ਗੱਲ ਉੱਤੇ ਜ਼ੋਰ ਦਿੱਤਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੇਵਾਦਾਰ ਧਿਰ ਗ੍ਰੰਥੀ ਸਿੰਘ ਕੌਮ ਦੀ ਰੀੜ ਦੀ ਹੱਡੀ ਵਾਂਗ ਹਨ, ਜਿਨ੍ਹਾਂ ਨੂੰ ਕਿਸੇ ਵੀ ਕਾਨੂੰਨ ਨਾਲ ਭੈਅਤੀਤ ਨਹੀਂ ਕਰਨਾ ਚਾਹੀਦਾ, ਸਗੋਂ ਅਜਿਹਾ ਕਾਨੂੰਨ ਹੋਣਾ ਚਾਹੀਦਾ ਹੈ ਜਿਸ ਨੂੰ ਪ੍ਰਚਾਰਨ ਅਤੇ ਪਾਲਣਾ ਲਈ ਗ੍ਰੰਥੀ ਸਿੰਘ ਸਾਹਿਬਾਨ ਇਸ ਦੀ ਪ੍ਰੋੜ੍ਹਤਾ ਕਰਨ। ਇਸ ਲਈ ਮੁੱਖ ਮੰਤਰੀ ਤੁਰੰਤ ਇਸ ਕਾਨੂੰਨ ਵਿੱਚੋਂ ਗ੍ਰੰਥੀ ਸ਼੍ਰੇਣੀ, ਸਿੱਖ ਸੰਸਥਾਵਾਂ, ਗੁਰਦੁਆਰਾ ਕਮੇਟੀਆਂ ਅਤੇ ਸੰਗਤਾਂ ਦੇ ਵਿਰੁੱਧ ਜਾਂਦੀਆਂ ਮੱਦਾਂ ਖ਼ਤਮ ਕਰਨ ਦੀ ਪਹਿਲਕਦਮੀ ਕਰਨ। ਸਿੰਘ ਸਾਹਿਬਾਨ ਦੀ ਇਕੱਤਰਤਾ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ, ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ, ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ, ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ, ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ, ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ, ਸਿੰਘ ਸਾਹਿਬ ਗਿਆਨੀ ਕੇਵਲ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਗੁਰਮੁਖ ਸਿੰਘ, ਐਡੀਸ਼ਨਲ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਮੌਜੂਦ ਸਨ।

## ਮੁੱਖ ਮੰਤਰੀ ਪੰਜਾਬ ਦੇ ਓ.ਐੱਸ.ਡੀ. ਸੁਖਵੀਰ ਸਿੰਘ ਵੱਲੋਂ ਯੂਨੀਵਰਸਿਟੀ ਕਾਲਜ ਦਾ ਦੌਰਾ

### ਨਵੇਂ ਸੈਸ਼ਨ ਦਾ ਪ੍ਰਾਸਪੈਕਟਸ ਓ.ਐੱਸ.ਡੀ. ਸੁਖਵੀਰ ਵੱਲੋਂ ਜਾਰੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਯੂਨੀਵਰਸਿਟੀ ਕਾਲਜ ਬੇਨੜਾ ਵਿਖੇ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੇ ਓ.ਐੱਸ.ਡੀ. ਸੁਖਵੀਰ ਸਿੰਘ ਸੁੱਖੀ ਅਤੇਫਿਲਮੀ ਅਦਾਕਾਰ ਬਿੰਨੂ ਢਿੱਲੋ ਉਚੇਚੇ ਤੌਰ ’ਤੇ ਪਹੁੰਚੇ। ਇਸ ਮੌਕੇ ਓਐਸਡੀ ਸੁੱਖੀ ਨੇ ਕਿਹਾ ਕਿ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਸਿੱਖਿਆ ਅਤੇ ਸਿਹਤ ਦੇ ਖੇਤਰ ਨੂੰ ਹਮੇਸ਼ਾ ਤਰਜੀਹ ਦਿੰਦੀ ਹੈ। ਇਸ ਲਈ ਕਾਲਜ ਵਿਖੇ ਵਿਦਿਆਰਥੀਆਂ ਲਈ ਸਮਾਰਟ ਕਲਾਸ ਕਮਰੇ, ਆਧੁਨਿਕ ਕੰਪਿਊਟਰ ਲੈਬ, ਸੁਰੱਖਿਆ ਲਈ ਕੈਮਰੇ ਲਗਵਾਏ ਅਤੇ ਆਡੀਟੋਰੀਅਮ ਉਸਾਰੀ ਅਧੀਨ ਹੈ। ਕਾਲਜ ਪ੍ਰਿੰਸੀਪਲ ਡਾ. ਹਰਵਿੰਦਰ ਸਿੰਘ ਮੰਡ ਨੇ ਦੱਸਿਆ ਕਿ ਇਸ ਕਾਲਜ ਦਾ ਉਦੇਸ਼ ਯੂਨੀਵਰਸਿਟੀ ਪੱਧਰ ਦੀ ਮਿਆਰੀ ਸਿੱਖਿਆ ਇਲਾਕੇ ਵਿੱਚ ਮੁਹੱਈਆ ਕਰਵਾਉਣਾ ਹੈ। ਉੱਚ ਯੋਗਤਾ ਅਤੇ ਤਜਰਬੇਕਾਰ ਅਧਿਆਪਕ ਕਾਲਜ ਵਿਖੇ ਚਲਦੇ ਬੀ.ਏ., ਬੀ.ਕਾਮ., ਬੀ.ਐੱਸ-ਸੀ ਮੈਡੀਕਲ ਤੇ ਨਾਨ ਮੈਡੀਕਲ, ਬੀ.ਸੀ.ਏ., ਐੱਮ.ਏ. ਪੰਜਾਬੀ, ਐੱਮ.ਏ. ਇਤਿਹਾਸ, ਐੱਮ.ਕਾਮ., ਪੀ.ਜੀ.ਡੀ.ਸੀ.ਏ. ਕੋਰਸਾਂ ਨੂੰ ਪੜ੍ਹਾ ਰਹੇ ਹਨ। ਅਧਿਆਪਕਾਂ ਦੀ ਯੋਗਤਾ ਕਰਕੇ ਹੀ ਕਾਲਜ ਨਵੇਂ ਸੈਸ਼ਨ ਤੋਂ ਬੀ.ਬੀ.ਏ. ਦਾ ਨਵਾਂ ਕੋਰਸ ਸ਼ੁਰੂ ਕਰ ਰਿਹਾ ਹੈ। ਕਾਲਜ ਨੂੰ ਇਲਾਕੇ ਦਾ ਮਾਡਲ ਕਾਲਜ ਬਣਾਉਣ ਲਈ ਉਨ੍ਹਾਂ ਨੇ ਸਰਕਾਰ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਜੋਗੇਵਾਲਾ ਵਿਖੇ ਜਿਲ੍ਹੇ 'ਚੋਂ ਦੂਜਾ ਅਤੇ ਸੱਤਵਾਂ ਸਥਾਨ ਹਾਸਲ ਕਰਨ ਵਾਲੀਆਂ

# ਦੋ ਵਿਦਿਆਰਥਣਾਂ ਨੂੰ ਕੀਤਾ ਸਨਮਾਨਿਤ









**ਤਲਵੰਡੀ ਸਾਬੋ, 12 ਮਈ (ਗੁਰਜੰਟ ਸਿੰਘ ਨਥੇਹਾ)-** ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜਿਆਂ ਵਿੱਚ ਪੰਜਾਬ ਸਕੂਲ ਸਿੱਖਿਆ ਬੋਰਡ ਅਧੀਨ ਗੁਰੂ ਗੋਬਿੰਦ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਜੋਗੇਵਾਲਾ ਦੀਆਂ ਦੋ ਹੋਣਹਾਰ ਵਿਦਿਆਰਥਣਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਬਠਿੰਡਾ ਜ਼ਿਲ੍ਹੇ ਵਿੱਚ ਦੂਜਾ ਅਤੇ ਸੱਤਵਾਂ ਸਥਾਨ ਹਾਸਲ ਕਰਕੇ ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਦੀ ਵਿਦਿਆਰਥਣ ਰਵਨੀਤ ਕੌਰ ਪੁੱਤਰੀ ਗੁਰਪ੍ਰੀਤ ਸਿੰਘ ਨੇ ਬਠਿੰਡਾ ਜ਼ਿਲ੍ਹੇ ਵਿੱਚੋਂ ਦੂਜਾ ਸਥਾਨ ਅਤੇ ਪਰਨੀਤ ਕੌਰ ਪੁੱਤਰੀ ਜਰਨੈਲ ਸਿੰਘ ਨੇ ਸੱਤਵਾਂ ਸਥਾਨ ਪ੍ਰਾਪਤ ਕੀਤਾ। ਵਿਦਿਆਰਥਣਾਂ ਦੀ ਇਸ ਉਪਲਬਧੀ 'ਤੇ ਸਕੂਲ ਪ੍ਰਬੰਧਕਾਂ ਵੱਲੋਂ ਸਕੂਲ ਵਿੱਚ ਸਾਦਾ ਪਰ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ। ਸਕੂਲ ਪਹੁੰਚਣ 'ਤੇ ਦੋਵੇਂ ਵਿਦਿਆਰਥਣਾਂ ਦਾ ਫੁੱਲਾਂ ਦੇ ਹਾਰ ਪਹਿਨਾ ਕੇ ਅਤੇ ਮੂੰਹ ਮਿੱਠਾ ਕਰਵਾ ਕੇ ਭਰਵਾਂ ਸੁਆਗਤ ਕੀਤਾ ਗਿਆ। ਇਸ ਮੌਕੇ ਸਕੂਲ ਪ੍ਰਬੰਧਕ ਹਰਪ੍ਰੀਤ ਸਿੰਘ ਅਤੇ ਗੁਰਪ੍ਰੀਤ ਸਿੰਘ ਨੇ ਵਿਦਿਆਰਥਣਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਨਤੀਜੇ ਬੱਚਿਆਂ ਦੀ ਮਿਹਨਤ, ਅਧਿਆਪਕਾਂ ਦੀ ਲਗਨ ਅਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹਨ। ਉਨ੍ਹਾਂ ਕਿਹਾ ਕਿ ਸਕੂਲ ਹਮੇਸ਼ਾ ਹੀ ਵਿਦਿਆਰਥੀਆਂ ਨੂੰ ਉੱਚ ਗੁਣਵੱਤਾ ਵਾਲੀ ਸਿੱਖਿਆ ਦੇਣ ਲਈ ਵਚਨਬੱਧ ਹੈ ਅਤੇ ਅਜਿਹੀਆਂ ਪ੍ਰਾਪਤੀਆਂ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਣਾ ਸਰੋਤ ਬਣਦੀਆਂ ਹਨ। ਉਹਨਾਂ ਹੋਰ ਕਿਹਾ ਕਿ ਅੱਜ ਦੇ ਮੁਕਾਬਲੇ ਦੇ ਯੁੱਗ ਵਿੱਚ ਸਫਲਤਾ ਹਾਸਲ ਕਰਨ ਲਈ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਲਗਾਤਾਰ ਅਭਿਆਸ ਬਹੁਤ ਜ਼ਰੂਰੀ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਜੇਕਰ ਮਨ ਵਿੱਚ ਮੰਜ਼ਿਲ ਪ੍ਰਾਪਤ ਕਰਨ ਦਾ ਜਜ਼ਬਾ ਹੋਵੇ ਤਾਂ ਕੋਈ ਵੀ ਔਖਾਈ ਰਾਹ ਵਿੱਚ ਰੁਕਾਵਟ ਨਹੀਂ ਬਣ ਸਕਦੀ। ਉਨ੍ਹਾਂ ਦੱਸਿਆ ਕਿ ਸਕੂਲ ਵੱਲੋਂ ਬੱਚਿਆਂ ਦੀ ਹਰ ਪੱਖੋਂ ਤਰੱਕੀ ਲਈ ਵਿਸ਼ੇਸ਼ ਧਿਆਨ ਦਿੱਤਾ ਜਾਂਦਾ ਹੈ ਤਾਂ ਜੋ ਉਹ ਪੜ੍ਹਾਈ ਦੇ ਨਾਲ-ਨਾਲ ਚੰਗੇ ਸੰਸਕਾਰ ਅਤੇ ਉੱਚੇ ਆਦਰਸ਼ਾਂ ਵਾਲੇ ਨਾਗਰਿਕ ਬਣ ਸਕਣ। ਇਸ ਮੌਕੇ ਜਿੱਥੇ ਬੱਚਿਆਂ ਦਾ ਮੂੰਹ ਮਿੱਠਾ ਕਰਵਾਇਆ ਗਿਆ ਉਥੇ ਪ੍ਰਸ਼ੰਸ਼ਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਕੂਲ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਕੋਆਪ੍ਰੇਟਿਵ ਬੈਂਕਾਂ ਵੱਲੋਂ ਕਿਸਾਨਾਂ ਦੀਆਂ ਫਸਲਾਂ ਲਈ ਵਧੇ ਹੱਦ ਕਰਜ਼ੇ ਦਿੱਤੇ ਜਾਣ

ਫ਼ਿਰੋਜ਼ਪੁਰ, 12 ਮਈ (ਮਨੋਹਰ ਲਾਲ) :— ਸ਼੍ਰੋਮਣੀ ਅਕਾਲੀ ਦਲ (ਪ.ਸ) ਜ਼ਿਲ੍ਹਾ ਫਿਰੋਜ਼ਪੁਰ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਕੋਆਪਰੇਟਿਵ ਬੈਂਕਾਂ ਵੱਲੋਂ ਕਿਸਾਨਾਂ ਦੇ ਫ਼ਸਲੀ ਹੱਦ ਕਰਜ਼ੇ ਸਰਕਾਰ ਵੱਲੋਂ ਕੀਤੇ ਵਾਧੇ ਮੁਤਾਬਕ ਦਿੱਤੇ ਜਾਣ, ਕਿਉਂਕਿ ਫੰਡਾਂ ਦਾ ਪ੍ਰਬੰਧ ਤਾਂ ਸਰਕਾਰ ਵੱਲੋਂ ਕੀਤਾ ਜਾਣਾ ਹੈ, ਬੈਂਕਾਂ ਦੇ ਅਧਿਕਾਰੀਆਂ ਕਰਮਚਾਰੀਆਂ ਵੱਲੋਂ ਇਸ ਦਾ ਵਿਰੋਧ ਕਰਨਾ ਨਹੀਂ ਬਣਦਾ। ਗੱਲਬਾਤ ਕਰਦਿਆਂ ਡਾਕਟਰ ਮੁਖਤਿਆਰ ਸਿੰਘ ਭੁੱਲਰ ਨੇ ਕਿਹਾ ਕਿ ਇਨ੍ਹਾਂ ਨੂੰ ਕਿਸਾਨਾਂ ਦਾ ਸਹਿਯੋਗ ਦੇਣਾ ਚਾਹੀਦਾ ਹੈ, ਜਦ ਕਿ ਇਹ ਵਿਰੋਧ ਕਰ ਰਹੇ ਹਨ, ਜੋ ਕਰਨਾ ਨਹੀਂ ਬਣਦਾ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀਆਂ ਫਸਲਾਂ ਦੇ ਲਾਗਤ ਖਰਚੇ, ਤੇਲ, ਖਾਦ, ਬੀਜ, ਲੇਬਰ, ਮਸ਼ੀਨਰੀ ਖਰਚਿਆਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ, ਕਿਸਾਨਾਂ ਵੱਲੋਂ ਬਹੁਤ ਸਮੇਂ ਤੋਂ ਮੰਗ ਕੀਤੀ ਜਾ ਰਹੀ ਸੀ ਕਿ ਹੱਦ ਕਰਜ਼ੇ ਵਧਾਏ ਜਾਣ। ਉਨ੍ਹਾਂ ਕਿਹਾ ਕਿ ਕੋਆਪਰੇਟਿਵ ਸੋਸਾਇਟੀਆਂ ਤਾਂ ਕਿਸਾਨਾਂ ਦੀ ਇਸ ਮੰਗ ਨਾਲ ਸਹਿਮਤ ਹਨ, ਪਰ ਕੋਆਪਰੇਟਿਵ ਬੈਂਕ ਜੋ ਕਿਸਾਨਾਂ ਦੇ ਸਿਰ ਹੀ ਚੱਲਦੇ ਹਨ ਉਹ ਕਿਸਾਨਾਂ ਦੇ ਨਵੇਂ ਹੱਦ ਕਰਜ਼ੇ ਮੁਤਾਬਿਕ ਪੇਮੈਂਟ ਕਰਨ ਲਈ ਤਿਆਰ ਨਹੀਂ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਜ਼ਿਲ੍ਹਾ ਫਿਰੋਜ਼ਪੁਰ ਵੱਲੋਂ ਕਿਸਾਨਾਂ ਦੇ ਹੱਕ ਵਿੱਚ ਪ੍ਰਸ਼ਾਸਨ ਨੂੰ ਬੇਨਤੀ ਕਰਦਾ ਹੈ ਕਿ ਕਿਸਾਨਾਂ ਦੇ ਹੱਦ ਕਰਜ਼ੇ ਵਧਾਉਣ ਵਿੱਚ ਕਿਸਾਨਾਂ ਦੀ ਮੱਦਦ ਕਰੇ। ਇਸ ਮੌਕੇ ਡਾਕਟਰ ਮੁਖਤਿਆਰ ਸਿੰਘ ਭੁੱਲਰ, ਜਥੇਦਾਰ ਜਸਬੀਰ ਸਿੰਘ ਭੁੱਲਰ, ਮੈਨੇਜਰ ਬਲਵਿੰਦਰ ਸਿੰਘ, ਮੈਨੇਜਰ ਜਸਪਾਲ ਸਿੰਘ ਖਾਲਸਾ, ਰਾਜ ਸਿੰਘ, ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV



# ਨੀਲੂ ਮਿੱਤਲ ਨੇ ਨਾਇਬ ਸਿੰਘ ਸੈਣੀ ਨਾਲ ਕੀਤੀ ਮੁਲਾਕਾਤ



**ਧੂਰੀ ( ਰਣਜੀਤ ਸਿੰਘ ਪੇਧਨੀ )-**ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵੀ ਕ੍ਰਿਸਨ ਗੋਪਾਲ ਨੀਲੂ ਮਿੱਤਲ ਨੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸੈਣੀ ਨਾਲ ਮਿਉਂਸਪਲ ਕਮੇਟੀ ਧੂਰੀ ਦੀਆਂ ਚੋਣਾਂ ਸੰਬੰਧੀ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਕ੍ਰਿਸ਼ਨ ਗੋਪਾਲ ਨੀਲੂ ਮਿੱਤਲ ਨੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ 26 ਮਈ ਨੂੰ ਹੋਣ ਵਾਲੀਆਂ ਮਿਉਂਸਪਲ ਕਮੇਟੀ ਦੀਆਂ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ 21 ਵਾਰਡਾਂ ਵਿੱਚ ਵੱਡੇ ਮਾਰਜਨ ਨਾਲ ਜਿੱਤ ਕੇ ਇਤਿਹਾਸ ਰਚਣਗੇ ਅਤੇ ਆਉਣ ਵਾਲੀ 2027 ਦੀਆਂ ਵਿਧਾਨ ਸਭਾ ਚੋਣਾਂ ਦਾ ਮੁੱਢ ਬੰਨਣਗੇ ।

ਆਵਾਜ਼ਿ ਕੌਮ AWAZE QAUM International Newspaper & WEB TV

# ਰਾਜ ਕਰਦੀਆਂ ਪਾਰਟੀਆਂ ਕਾਨੂੰਨ ਲਾਗੂ ਕਰਵਾਉਣ ਵਾਲੀਆਂ ਏਜੰਸੀਆਂ ਦੀ ਦੁਰਵਰਤੋਂ ਕਰ ਰਹੀਆਂ ਹਨ- ਸ ਭਰਪੂਰ ਸਿੰਘ ਧਾਂਦਰਾ



**ਚੰਡੀਗੜ੍ਹ, 12 ਮਈ (ਆਵਾਜ਼ਿ ਕੌਮ ਬਿਊਰੋ)-** ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਜਰਨਲ ਸਕੱਤਰ ਸ ਭਰਪੂਰ ਸਿੰਘ ਧਾਂਦਰਾ ਨੇ ਇਕ ਲਿਖਤੀ ਬਿਆਨ ਵਿੱਚ ਸਰਕਾਰਾਂ 'ਤੇ ਇਲਜ਼ਾਮ ਲਾਉਂਦਿਆਂ ਪੁਛਿਆ ਕਿ ਆਖਿਰ ਇਹ ਹੋ ਕੀ ਰਿਹਾ ਹੈ ? ਰਾਜ ਕਰਨ ਵਾਲੀਆਂ ਪਾਰਟੀਆਂ ਇਕ ਦੂਜੇ ਖਿਲਾਫ ਕਾਨੂੰਨ ਲਾਗੂ ਕਰਾਉਣ ਵਾਲੀਆਂ ਏਜੰਸੀਆਂ ਦੀ ਸ਼ਰੇਆਮ ਦੁਰਵਰਤੋਂ ਕਰ ਰਹੀਆਂ ਹਨ। ਡਰਾ ਕੇ ਪਾਰਟੀਆਂ ਬਦਲਾਈਆਂ ਜਾ ਰਹੀਆਂ ਹਨ। ਬਦਲ ਜਾਣ ਵਾਲਿਆਂ ਤੇ ਪਲੂਸ਼ਨ ਬੋਰਡ ਅਤੇ ਵਿਜੀਲੈਂਸ ਦੇ ਛਾਪੇ ਮਰਵਾਏ ਜਾ ਰਹੇ ਹਨ। ਦੂਜੇ ਬੰਨੇ ਉਹਨਾਂ ਵੱਲੋਂ ਬਦਲਾ ਲੈਣ ਲਈ ਈਡੀ ਆ ਰਹੀ ਹੈ ਅਤੇ ਸਾਰੀਆਂ ਰਾਜਸੀ ਪਾਰਟੀਆਂ ਇਸ ਬਦਲਾਖੋਰੀ ਦੇ ਛਾਪਿਆਂ ਲਈ ਏਜੰਸੀਆਂ ਦੀ ਦੁਰਵਰਤੋਂ ਖਿਲਾਫ ਅਵਾਜ ਚੁੱਕਣ ਦੀ ਬਜਾਏ ਵਾਹ-ਵਾਹੀ ਕਰ ਰਹੀਆਂ ਹਨ। ਕੱਲ੍ਹ ਰਾਤ ਦੀ ਖਬਰ ਨੇ ਤਾਂ ਹੱਦ ਹੀ ਕਰ ਦਿੱਤੀ ਜਦੋਂ ਸੀਬੀਆਈ ਨੇ ਵਿਜੀਲੈਂਸ ਬਿਊਰੋ ਦੇ ਦਫਤਰ ਵਿੱਚ ਹੀ ਛਾਪਾ ਮਾਰ ਲਿਆ। ਖਬਰਾਂ ਮੁਤਾਬਕ ਵੀਹ ਲੱਖ ਦੀ ਸੌਦੇਬਾਜ਼ੀ ਹੋ ਰਹੀ ਸੀ, ਜਿਸ ਵਿੱਚੋਂ ਤੇਰਾਂ ਲੱਖ ਕੈਸ਼ ਬਰਾਮਦ ਹੋਣ ਦੀ ਗੱਲ ਹੋ ਰਹੀ ਹੈ। ਸ ਧਾਂਦਰਾ ਨੇ ਕਿਹਾ ਕੀ ਇਸਦਾ ਮਤਲਬ ਹੈ ਕਿ ਸਾਡੇ 'ਤੇ ਰਾਜ ਕਰਨ ਵਾਲੇ ਲੋਕ ਕਾਨੂੰਨ ਦੀਆਂ ਨਜ਼ਰਾਂ ਵਿੱਚ ਸ਼ੱਕੀ ਹਨ, ਜੋ ਉਹਨਾਂ ਉਪਰ ਇਸ ਤਰਾਂ ਛਾਪੇਮਾਰੀਆਂ ਹੋ ਰਹੀਆਂ ਹਨ। ਅਜਿਹੇ ਸ਼ੱਕੀ ਲੋਕਾਂ ਦੇ ਹੱਥਾਂ ਵਿੱਚ ਰਾਜ ਦਾ ਭਵਿੱਖ ਕਿੰਨਾ ਕੁ ਸੁਰੱਖਿਅਤ ਹੈ। ਇਸਦਾ ਜਵਾਬ ਕੌਣ ਦੇਵੇਗਾ ? ਜੇ ਅਜਿਹੇ ਸ਼ੱਕੀ ਲੋਕ ਪੰਜਾਬ ਜਾਂ ਭਾਰਤ ਦੀ ਸੱਤਾ 'ਤੇ ਕਾਬਜ ਹਨ ਤਾਂ ਵਿਰੋਧੀ ਧਿਰਾਂ ਇਸਦੇ ਖਿਲਾਫ ਸੰਘਰਸ਼ ਕਿਉਂ ਨਹੀਂ ਕਰਦੀਆਂ ? ਆਮ ਲੋਕਾਂ ਦੇ ਇਹ ਕੁਝ ਸਵਾਲ ਹਨ, ਜਿੰਨਾ ਦਾ ਜਵਾਬ ਲੱਭਣ ਲਈ ਉਹਨਾਂ ਨੂੰ ਖੁਦ ਹੀ ਅੱਗੇ ਆਉਣਾ ਪਵੇਗਾ। ਕਿਉਂਕਿ ਬਦਲਾਖੋਰੀ ਦੀ ਇਹ ਰਾਜਨੀਤੀ ਉਹਨਾਂ ਨੂੰ ਆਰਥਿਕ ਤੌਰ 'ਤੇ ਬਹੁਤ ਮਹਿੰਗੀ ਪੈ ਰਹੀ ਹੈ। ਦਿੱਲੀ ਤੋਂ ਪੰਜਾਬ ਅਤੇ ਪੰਜਾਬ ਤੋਂ ਦਿੱਲੀ ਤੱਕ ਦੇ ਛਾਪਿਆਂ ਦਾ ਖਰਚਾ ਆਖਰ ਉਹਨਾਂ ਦੀ ਜੇਬ 'ਚੋਂ ਹੀ ਹੋ ਰਿਹਾ ਹੈ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਨੇ ਜਾਰੀ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸੇਵਕ ਧੂਰੀ ਹਲਕਾ ਇੰਚਾਰਜ ਕਾਤਰੋਂ ਦੀ ਅਗਵਾਈ ਹੇਠ ਅਕਾਲੀ ਦਲ 'ਚ ਹੋਏ ਸਾਮਿਲ



**ਧੂਰੀ ( ਰਣਜੀਤ ਸਿੰਘ ਪੇਧਨੀ )-**ਸ਼੍ਰੋਮਣੀ ਅਕਾਲੀ ਦਲ ਨੂੰ ਅੱਜ ਉਸ ਸਮੇਂ ਭਾਰੀ ਬਲ ਮਿਲਿਆ ਜਦੋਂ ਧੂਰੀ ਦੇ ਉੱਘੇ ਸਮਾਜ ਸੇਵੀ ਨੌਜਵਾਨ ਆਗੂ ਸੇਵਕ ਧੂਰੀ ਆਪਣੇ ਸਾਥੀਆਂ ਸਮੇਤ ਧੂਰੀ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਹੋਏ । ਇਸ ਮੌਕੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਨੌਜਵਾਨਾਂ ਨੂੰ ਪਾਰਟੀ ਵਿੱਚ ਪੂਰਾ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ 26 ਮਈ ਨੂੰ ਹੋਣ ਜਾ ਰਹੀਆਂ ਮਿਉਸਪਲ ਕਮੇਟੀ ਦੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਧੂਰੀ ਦੇ 21 ਵਾਰਡਾਂ ਵਿੱਚ ਜਿੱਤ ਪ੍ਰਾਪਤ ਕਰੇਗਾ।

### ਆਰਟੀਫੀਸ਼ੀਅਲ ਇੰਟੈਲੀਜੈਂਸ, ਨਵਿਆਉਣਯੋਗ ਊਰਜਾ, ਸਾਈਬਰ ਸੁਰੱਖਿਆ, ਪਲੇਸਮੈਂਟ ਆਦਿ ਲਈ

# ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਨਵੀਆਂ ਪਹਿਲ ਕਦਮੀਆਂ

**ਤਲਵੰਡੀ ਸਾਬੋ, 12 ਮਈ (ਗੁਰਜੰਟ ਸਿੰਘ ਨਥੇਹਾ)**-ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਆਰਟੀਫਿਸ਼ੀਅਲ ਇੰਟੈਲੀਜੈਂਸ, ਨਵਿਆਉਣਯੋਗ ਊਰਜਾ, ਸਾਈਬਰ ਸੁਰੱਖਿਆ, ਪਲੇਸਮੈਂਟ, ਡਰੋਨ ਤਕਨਾਲੋਜੀ ਆਦਿ ਨਵੀਨਤਮ ਖੇਤਰਾਂ ਵਿੱਚ ਸ਼ੁਰੂ ਕੀਤੀਆਂ ਗਈਆਂ ਨਵੀਆਂ ਪਹਿਲ ਕਦਮੀਆਂ ਬਾਰੇ ਜਾਣਕਾਰੀ ਦੇਣ ਲਈ ਵਰਸਿਟੀ ਵੱਲੋਂ "ਪ੍ਰੈਸ ਮਿਲਣੀ" ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਵਾਈਸ ਚਾਂਸਲਰ ਡਾ. ਬਲਰਾਜ ਸਿੰਘ, ਪਰੋ ਵਾਈਸ ਚਾਂਸਲਰ, ਡਾ. ਪੀਯੂਸ਼ ਵਰਮਾ, ਡਾਇਰੈਕਟਰ ਕੈਂਪਸ ਡਾ. ਹਰਜਸਪਾਲ ਸਿੰਘ ਸਿੱਧੂ ਅਤੇ ਡਾਇਰੈਕਟਰ ਦਾਖ਼ਲੇ ਡਾ. ਗੁਰਪ੍ਰੀਤ ਸਿੰਘ ਨੇ ਸ਼ਿਰਕਤ ਕੀਤੀ। ਇਸ ਮੌਕੇ ਖੋਜ ਅਤੇ ਨਵੀਨਤਾ ਦੇ ਖੇਤਰ ਵਿੱਚ ਵੱਖ-ਵੱਖ ਅੰਤਰ-ਰਾਸ਼ਟਰੀ ਯੂਨੀਵਰਸਿਟੀਆਂ ਨਾਲ ਕੀਤੇ ਗਏ ਦੁਵੱਲੇ ਸਮਝੌਤਿਆਂ ਬਾਰੇ ਜਾਣਕਾਰੀ ਦਿੰਦਿਆਂ ਪਰੋ ਵਾਈਸ ਚਾਂਸਲਰ, ਡਾ. ਵਰਮਾ ਨੇ ਦੱਸਿਆ ਕਿ ਵਿਦਿਆਰਥੀਆਂ ਦੀ ਪਲੇਸਮੈਂਟ, ਇੰਡੀਸਟਰੀਅਲ ਟ੍ਰੇਨਿੰਗ, ਲਾਈਵ ਪ੍ਰੋਜੈਕਟ ਅਤੇ ਇੰਟਰਨਸ਼ਿਪ ਲਈ ਵਰਸਿਟੀ ਵੱਲੋਂ ਲਾਰਸਨ ਐਂਡ ਟਬਰੋ ਕੰਪਨੀ ਨਾਲ ਦੁਵੱਲਾ ਸਮਝੌਤਾ ਕੀਤਾ ਗਿਆ ਹੈ। ਉਹਨਾਂ ਵਿਦਿਆਰਥੀਆਂ ਲਈ ਮਸ਼ੀਨ ਲਰਨਿੰਗ, ਸਾਈਬਰ ਸੁਰੱਖਿਆ, ਡਾਟਾ ਸਾਇੰਸ, ਕਲਾਉਡ ਕੰਪਿਊਟਿੰਗ, ਰੋਬੋਟਿਕਸ ਆਦਿ ਨਵੀਨਤਮ ਖੇਤਰਾਂ ਸੰਬੰਧੀ ਸ਼ੁਰੂ ਕੀਤੇ ਗਏ ਕੋਰਸਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਉਹਨਾਂ ਦੱਸਿਆ ਕਿ ਅਕਾਦਮਿਕ ਅਤੇ ਉਦਯੋਗਿਕ ਅਦਾਰਿਆਂ ਦੇ ਆਪਸੀ ਸਹਿਯੋਗ ਨੂੰ ਵਧਾਉਣ ਲਈ ਅਲਟਰਾਟੈਕ ਸੀਮੈਂਟ ਵੱਲੋਂ ਜੀ.ਕੇ.ਯੂ. ਵਿਖੇ ਉਨੱਤਤਾ ਕੇਂਦਰ ਵੀ ਸ਼ੁਰੂ ਕੀਤਾ ਗਿਆ ਹੈ। ਉਹਨਾਂ ਖੇਤੀ ਦੇ ਵਿਕਾਸ ਲਈ ਵਰਸਿਟੀ ਦੇ ਖੇਤੀਬਾੜੀ ਵਿਭਾਗ ਵੱਲੋਂ ਸਮਾਰਟ ਫਾਰਮਿੰਗ, ਡਰੋਨ ਅਧਾਰਿਤ ਖੇਤੀ ਅਤੇ ਸ਼ੁਰੂ ਕੀਤੇ ਗਏ, ਨਵੇਂ ਖੋਜ ਪ੍ਰੋਜੈਕਟਾਂ ਬਾਰੇ ਵੀ ਚਾਨਣਾ ਪਾਇਆ। ਇਸ ਮੌਕੇ ਉਹਨਾਂ ਨਵਨਿਯੁਕਤ ਵਾਈਸ ਚਾਂਸਲਰ ਡਾ. ਬਲਰਾਜ ਸਿੰਘ ਨੂੰ ਅਹੁਦਾ ਸੰਭਾਲਣ 'ਤੇ ਜੀ ਆਇਆ ਨੂੰ ਕਿਹਾ ਵਧਾਈ ਦਿੱਤੀ ਅਤੇ ਜਾਣ ਪਹਿਚਾਣ ਕਰਵਾਈ। ਖੇਡਾਂ ਵਿੱਚ ਅੰਤਰ-ਰਾਸ਼ਟਰੀ ਅਤੇ ਰਾਸ਼ਟਰੀ ਪੱਧਰ ਤੇ ਕੀਤੀਆਂ ਪ੍ਰਾਪਤੀਆਂ ਬਾਰੇ ਉਹਨਾਂ ਦੱਸਿਆ ਕਿ ਵਰਸਿਟੀ ਨੇ "ਖੇਲੋ ਇੰਡੀਆ" ਵਿੱਚ ਸਮੁੱਚੇ ਭਾਰਤ ਵਿੱਚ ਪੰਜਵਾਂ ਸਥਾਨ ਹਾਸਿਲ ਕੀਤਾ ਹੈ। ਉਹਨਾਂ ਵਰਸਿਟੀ ਦੀ ਖਿਡਾਰਨ ਭਜਨ ਕੌਰ ਵੱਲੋਂ ਵਿਸ਼ਵ ਤੀਰਅੰਦਾਜ਼ੀ ਉਲੰਪਿਕ ਕੁਆਲੀਫਾਇਰ ਮੁਕਾਬਲੇ ਵਿੱਚ ਜਿੱਤੇ ਸੋਨ ਤਗਮੇ, ਤੀਰਅੰਦਾਜ਼ ਰਿਸ਼ਭ ਯਾਦਵ ਵੱਲੋਂ ਵਿਸ਼ਵ ਰੈਕਿੰਗ ਵਿੱਚ ਹਾਸਿਲ ਕੀਤੀ ਚੌਥੀ ਰੈਕਿੰਗ, ਕਬੱਡੀ ਖਿਡਾਰਨ ਸਿਮਰਨ ਕੰਬੋਜ ਦਾ ਭਾਰਤੀ ਬੀਚ ਕਬੱਡੀ ਟੀਮ ਦੇ ਮੈਂਬਰ ਵਜੋਂ ਸੋਨ ਤਗਮਾ ਜਿੱਤਣ, ਤਲਵਾਰਬਾਜ ਕਦਮ ਯਸ਼ੇਸ਼ਰੀ ਲਕਸ਼ਮਨ ਵੱਲੋਂ ਬੈਂਕਾਕ ਤਲਵਾਰਬਾਜ਼ੀ ਚੈਂਪੀਅਨਸ਼ਿਪ ਵਿੱਚ ਜਿੱਤੇ ਚਾਂਦੀ ਦੇ ਤਗਮੇ ਅਤੇ ਜੁਡੋਕਾ ਹਿਮਾਸ਼ੀ ਟੋਕਸ ਵੱਲੋਂ ਵਿਸ਼ਵ ਰੈਕਿੰਗ ਵਿੱਚ ਪਹਿਲਾ ਸਥਾਨ ਹਾਸਿਲ ਕਰਨ ਬਾਰੇ ਚਾਨਣਾ ਪਾਇਆ। ਡਾਇਰੈਕਟਰ ਦਾਖ਼ਲੇ ਡਾ. ਸਿੰਘ ਨੇ ਵਰਸਿਟੀ ਵੱਲੋਂ ਵਿਦਿਆਰਥੀਆਂ ਨੂੰ ਦਿੱਤੇ ਜਾ ਰਹੇ 10 ਕਰੋੜ ਦੇ ਵਜੀਫ਼ਿਆਂ ਬਾਰੇ ਦੱਸਿਆ ਕਿ ਵਰਸਿਟੀ ਹੋਣਹਾਰ, ਆਰਥਿਕ ਪੱਖੋਂ ਕਮਜ਼ੋਰ, ਅਨੁਸੂਚਿਤ ਜਾਤੀ ਅਤੇ ਅਨੁਸੂਚਿਤ ਜਨ ਜਾਤੀ ਦੇ ਵਿਦਿਆਰਥੀਆਂ ਨੂੰ ਵਜੀਫ਼ੇ ਅਤੇ ਸਹੂਲਤਾਂ ਮੁਹੱਈਆ ਕਰਵਾਉਂਦੀ ਹੈ। ਉਹਨਾਂ ਨਾਰੀ ਸਿੱਖਿਆ ਨੂੰ ਉਤਸ਼ਾਹਿਤ ਕਰਨ ਲਈ ਸਿੰਗਲ ਗਰਲ ਚਾਇਲਡ ਤੇ ਫ਼ੀਸ ਵਿੱਚ ਦਿੱਤੇ ਜਾਂਦੇ 20% ਵਜ਼ੀਫ਼ੇ ਅਤੇ ਦੂਜੀ ਲੜਕੀ ਦੇ ਵਰਸਿਟੀ ਵਿਖੇ ਦਾਖ਼ਲਾ ਲੈਣ 'ਤੇ 25% ਵਜ਼ੀਫ਼ੇ ਬਾਰੇ ਵੀ ਚਾਨਣਾ ਪਾਇਆ। ਯੂਨੀਵਰਸਿਟੀ ਵਿੱਚ ਦਿੱਤੇ ਜਾ ਰਹੇ ਮੈਰੀਟੋਰੀਅਸ ਵਜੀਫ਼ਿਆਂ ਸੰਬੰਧੀ ਜਾਣਕਾਰੀ ਦਿੰਦਿਆਂ ਉਹਨਾਂ ਕਿਹਾ ਕਿ 95% ਅਤੇ ਇਸ ਉੱਪਰ ਨੰਬਰ ਲੈਣ ਵਾਲੇ ਵਿਦਿਆਰਥੀਆਂ ਦੀ 50% ਪ੍ਰਤੀਸ਼ਤ, 92 ਤੋਂ 94.99 % ਪ੍ਰਤੀਸ਼ਤ ਅੰਕ ਲੈਣ ਵਾਲੇ ਵਿਦਿਆਰਥੀਆਂ ਲਈ 25 ਪ੍ਰਤੀਸ਼ਤ, 80-89.99 ਪ੍ਰਤੀਸ਼ਤ ਅਨੇਕ ਲੈਣ ਵਾਲੇ ਵਿਦਿਆਰਥੀਆਂ ਨੂੰ 20 ਪ੍ਰਤੀਸ਼ਤ ਫ਼ੀਸ ਅਤੇ 70-79.99 ਪ੍ਰਤੀਸ਼ਤ ਅੰਕਲ ਲੈਣ ਵਾਲਿਆਂ ਨੂੰ 15 ਪ੍ਰਤੀਸ਼ਤ ਫ਼ੀਸ ਦਾ ਸਕਾਲਰਸ਼ਿਪ ਦਿੱਤਾ ਜਾ ਰਿਹਾ ਹੈ। ਉਹਨਾਂ ਮਾਨਯੋਗ ਚਾਂਸਲਰ ਸਾਹਿਬ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਇਸ ਸਾਲ ਤੋਂ ਜਿਸ ਵੀ ਯੂਨੀਵਰਸਿਟੀ ਬੱਸ ਵਿੱਚ 50% ਤੱਕ ਬੇਟੀਆਂ ਸਫ਼ਰ ਕਰਨਗੀਆਂ ਉਹਨਾਂ ਬੱਸਾਂ ਵਿੱਚ ਆਉਣ ਵਾਲੀਆਂ ਬੇਟੀਆਂ ਦੀ ਬੱਸ ਫ਼ੀਸ ਵਿੱਚ ਵੀ 50 ਪ੍ਰਤੀਸ਼ਤ ਦੀ ਛੋਟ ਦਿੱਤੀ ਗਈ ਹੈ ਤੇ ਬੱਸਾਂ ਦਾ ਰੂਟ ਵੀ ਮੇਨ ਸੜਕਾਂ ਦੇ ਨਾਲ-ਨਾਲ ਲਿੰਕ ਸੜਕਾਂ ਨਾਲ ਵੀ ਜੋੜਿਆ ਗਿਆ ਹੈ ਤਾਂ ਜੋ ਬੇਟੀਆਂ ਨੂੰ ਵੱਧ ਤੋਂ ਵੱਧ ਸਹੂਲਤ ਅਤੇ ਸੁਰੱਖਿਆ ਪ੍ਰਦਾਨ ਕੀਤੀ ਜਾ ਸਕੇ। ਉਹਨਾਂ ਕਿਹਾ ਕਿ ਗੁਰੂ ਕਾਸ਼ੀ ਯੂਨੀਵਰਸਿਟੀ ਸਿਰਫ਼ ਸਿੱਖਿਆ ਦਾ ਕੇਂਦਰ ਨਹੀਂ, ਬਲਕਿ ਸੰਸਕਾਰ, ਸੁਰੱਖਿਆ, ਅਨੁਸ਼ਾਸਨ, ਸੇਵਾ ਅਤੇ ਸਮਰਪਣ ਦੀ ਜੀਵੰਤ ਮਿਸਾਲ ਹੈ। ਯੂਨੀਵਰਸਿਟੀ ਵਿੱਚ ਵਿਦਿਆਰਥੀਆਂ ਦੀ ਸੁਰੱਖਿਆ ਅਤੇ ਅਨੁਸ਼ਾਸਨ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਜਾਂਦੀ ਹੈ।




ਆਵਾਜ਼ਿ ਕੌਮ AWAZE QAUM International Newspaper & WEB TV

# ਮਹਿਗਾਂਈ ਦੇ ਖਿਲਾਫ 14 ਮਈ ਨੂੰ ਮੋਟਰਸਾਈਕਲ ਮਾਰਚ-ਭੁੱਲਰ, ਦਿਉਲ

ਫ਼ਿਰੋਜ਼ਪੁਰ, 12 ਮਈ (ਮਨੋਹਰ ਲਾਲ) :— ਅਕਾਲੀ ਦਲ ਅੰਮ੍ਰਿਤਸਰ ਜ਼ਿਲ੍ਹਾ ਫਿਰੋਜ਼ਪੁਰ ਵੱਲੋ 14 ਮਈ ਨੂੰ ਗੁਰਦੁਆਰਾ ਜੰਜ ਘਰ ਬਾਂਸੀ ਗੇਟ ਫਿਰੋਜ਼ਪੁਰ ਤੋਂ ਡੀ ਸੀ ਦਫ਼ਤਰ ਤੱਕ ਠੀਕ 10 ਵਜੇ ਤੋਂ ਨਸ਼ਿਆਂ, ਮਹਿੰਗਾਈ, ਪ੍ਰਦੂਸ਼ਣ ਅਤੇ ਲੋਕ ਮਸਲਿਆਂ ਦੇ ਸਬੰਧੀ ਵਿਸ਼ਾਲ ਰੋਸ ਮਾਰਚ ਕੀਤਾ ਜਾ ਰਿਹਾ ਹੈ। ਇਸ ਮੌਕੇ ਬੋਲਦਿਆਂ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ ਗੁਰਚਰਨ ਸਿੰਘ ਭੁੱਲਰ ਅਤੇ ਤੇਜਿੰਦਰ ਸਿੰਘ ਦਿਓਲ ਨੇ ਸਮੂਹ ਪੰਜਾਬ ਵਾਸੀਆਂ, ਨੌਜਵਾਨਾਂ ਅਤੇ ਇਲਾਕਾ ਨਿਵਾਸੀਆਂ ਨੂੰ ਅਪੀਲ ਕਿ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚ ਕੇ ਇਸ ਸੰਘਰਸ਼ ਦਾ ਹਿੱਸਾ ਬਣੋ। ਉਨ੍ਹਾਂ ਕਿਹਾ ਕੇ ਮਹਿੰਗਾਈ ਨੇ ਲੋਕਾਂ ਦਾ ਕਚੂਮਾਰ ਕੱਢ ਦਿੱਤਾ ਹੈ ਅਤੇ ਬੀਤੇ ਦਿਨੀ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਵਲੋਂ ਲੋਕਾਂ ਨੂੰ ਸੋਨਾ ਖਰੀਦਣ ਤੋਂ ਅਤੇ ਤੇਲ ਖਰੀਦਣ ਤੋਂ ਅਤੇ ਇਥੋਂ ਤੱਕ ਕੇ ਖਾਣ ਵਾਲਾ ਤੇਲ ਖਰੀਦਣ ਤੋਂ ਵੀ ਮਨਾਹੀ ਕਰਨ ਦੇ ਬਿਆਨ ਦਿੱਤੇ ਹਨ, ਜਿਸ ਤੋਂ ਜ਼ਾਹਿਰ ਹੁੰਦਾ ਹੈ ਕਿ ਦੇਸ਼ ਆਰਥਿਕ ਤੌਰ ਤੇ ਦਵਾਲਿਆ ਹੋਣ ਦੇ ਕੰਡੇ ਤੇ ਹੈ ਅਤੇ ਨਸਿਆਂ ਵਿੱਚ ਪੰਜਾਬ ਦੀ ਜਵਾਨੀ ਨੂੰ ਡੋਬਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਬੇਰੋਜਗਾਰੀ ਵੱਧ ਰਹੀ ਹੈ, ਲੋਕਾਂ ਨੂੰ ਸਰੇਆਮ ਮਾਰਿਆ ਤੇ ਲੁਟਿਆ ਜਾ ਰਿਹਾ ਹੈ, ਪੰਜਾਬ ਵਿੱਚ ਕਾਨੂੰਨ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ ਅਤੇ ਇਨਸਾਫ ਦੇਣ ਵਾਲੇ ਲੋਕਾਂ ਨਾਲ ਧੱਕੇ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ ਅੱਜ ਵੀ ਲੋਕ ਨਾ ਜਾਗੇ ਤਾਂ ਭਾਰਤ ਛੇਤੀ ਹੀ ਉਨ੍ਹਾਂ ਭੁੱਖ ਮਾਰੀ ਦੇਸ਼ਾਂ ਵਾਲੀ ਸੂਚੀ ਵਿੱਚ ਸ਼ਮੀਲ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਅਗਰ ਪੰਜਾਬ ਬਚਾਉਣਾ ਚਾਹੁੰਦੇ ਹੋ ਤਾਂ ਸਭ ਤੋਂ ਪਹਿਲਾ ਹੁਸੈਨੀਵਾਲਾ ਬਾਰਡਰ, ਵਾਹਗਾ ਬਾਰਡਰ ਸੁਲੇਮਾਨਕੀ ਬਾਰਡਰ ਖੁਲਵਾਉਣ ਵਾਸਤੇ ਸਾਰੀਆ ਪਾਰਟੀਆਂ ਤੇ ਜ਼ੋਰ ਪਾਇਆ ਜਾਵੇ ਜੋ ਆਪਣੀਆਂ ਪਾਰਟੀਆਂ ਵਲੋਂ ਮਤੇ ਪਾ ਕੇ ਕੇਂਦਰ ਨੂੰ ਭੇਜਣ ਕਿ ਪੰਜਾਬ ਦੇ ਲੋਕਾਂ ਦੀ ਪਾਕਿਸਤਾਨ ਦੇ ਲੋਕਾਂ ਨਾਲ ਕੋਈ ਦੁਸ਼ਮਣੀ ਨਹੀਂ ਹੈ ਪਰ ਸੈਂਟਰ ਦੀ ਸਰਕਾਰ ਪਾਕਿਸਤਾਨ ਵਿਚਲਾ ਹਊਆਂ ਬਣਾ ਕੇ ਪੰਜਾਬ ਦੇ ਬਾਰਡਰ ਸੀਲ ਕੀਤੇ ਹਨ ਪਰ ਪੰਜਾਬ ਤੋਂ ਬਾਹਰ ਦੇ ਬਾਰਡਰਾਂ ਰਾਹੀਂ ਪਾਕਿਸਤਾਨ ਨਾਲ ਵਪਾਰ ਕਰ ਰਹੇ ਹਨ ਅਤੇ ਪੰਜਾਬ, ਹਰਿਆਣਾ, ਹਿਮਾਚਲ ਨਾਲ ਮਤਰੇਈ ਮਾਂ ਵਾਲਾ ਸਲੂਕ ਹੋ ਰਿਹਾ ਹੈ। ਇਸ ਮੌਕੇ ਤੇਜਿੰਦਰ ਸਿੰਘ ਦਿਓਲ ਯੂਥ ਪ੍ਰਧਾਨ ਪੰਜਾਬ, ਜਗਜੀਤ ਸਿੰਘ ਸੂਸ਼ਕ ਤਾਲਮੇਲ ਸਕੱਤਰ ਯੂਥ ਵਿੰਗ ਪੰਜਾਬ ਨੇ ਵੀ ਪੰਜਾਬ ਲੋਕਾਂ ਤੇ ਮਹਿਗਾਈ ਦੀ ਮਾਰ ਦੀ ਨਿਖੇਧੀ ਕੀਤੀ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

### ਵਿਧਾਨ ਸਭਾ ਚੋਣਾਂ

# ਕੀ ਜਸਬੀਰ ਸਿੰਘ ਭੁੱਲਰ ਹੋਣਗੇ ਪੁਨਰ ਸੁਰਜੀਤ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ—ਪੰਥਕ ਏਕਤਾ ਤੇ ਟਿਕੀਆਂ ਸਭ ਦੀਆਂ ਨਜ਼ਰਾਂ

ਫ਼ਿਰੋਜ਼ਪੁਰ, 12 ਮਈ (ਮਨੋਹਰ ਲਾਲ) :— ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸਿਆਸੀ ਸਰਗਰਮੀਆਂ ਤੇਜ਼ ਹੋ ਗਈਆਂ ਹਨ। ਇਸੇ ਦੌਰਾਨ ਹਲਕਾ ਇੰਚਾਰਜ ਜਸਬੀਰ ਸਿੰਘ ਭੁੱਲਰ ਦੀ ਉਮੀਦਵਾਰੀ ਨੂੰ ਲੈ ਕੇ ਚਰਚਾਵਾਂ ਦਾ ਬਾਜ਼ਾਰ ਗਰਮ ਹੈ। ਸੂਤਰਾਂ ਅਨੁਸਾਰ ਜੇਕਰ ਸਾਰੀਆਂ ਪਾਰਟੀਆਂ ਦਾ ਪੰਥਕ ਇਕੱਠ ਹੋ ਜਾਂਦਾ ਹੈ ਤਾਂ ਜਸਬੀਰ ਸਿੰਘ ਭੁੱਲਰ ਨੂੰ ਪੁਨਰ ਸੁਰਜੀਤ ਸ਼੍ਰੋਮਣੀ ਅਕਾਲੀ ਦਲ ਵੱਲੋਂ ਚੋਣ ਟਿਕਟ ਮਿਲਣ ਦੀ ਪੂਰੀ ਸੰਭਾਵਨਾ ਹੈ। ਇਲਾਕੇ ਨਿਵਾਸੀਆਂ ਮੁਤਾਬਿਕ ਜਸਬੀਰ ਸਿੰਘ ਭੁੱਲਰ ਆਪਣੀ ਮਿਲਾਪੜੀ ਸ਼ਖਸੀਅਤ ਲਈ ਜਾਣੇ ਜਾਂਦੇ ਹਨ, ਉਨ੍ਹਾਂ ਨੂੰ ਹਰ ਧਰਮ ਅਤੇ ਵਰਗ ਦੇ ਲੋਕਾਂ ਵੱਲੋਂ ਭਰਵਾਂ ਪਿਆਰ ਅਤੇ ਸਤਿਕਾਰ ਮਿਲ ਰਿਹਾ ਹੈ, ਜੋ ਉਨ੍ਹਾਂ ਦੀ ਦਾਅਵੇਦਾਰੀ ਨੂੰ ਹੋਰ ਮਜ਼ਬੂਤ ਕਰਦਾ ਹੈ। ਹੁਣ ਦੇਖਣਾ ਇਹ ਹੋਵੇਗਾ ਕਿ ਆਉਣ ਵਾਲੇ ਦਿਨਾਂ ਵਿੱਚ ਸਿਆਸੀ ਸਮੀਕਰਨ ਕੀ ਮੋੜ ਲੈਂਦੇ ਹਨ ਅਤੇ ਕੀ ਪੰਥਕ ਏਕਤਾ ਦੇ ਸਿਰ ਤੇ ਜਸਬੀਰ ਸਿੰਘ ਭੁੱਲਰ ਚੋਣ ਮੈਦਾਨ ਵਿੱਚ ਨਿੱਤਰਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV



# ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਗੁਰਪੁਰਬ ਨੂੰ ਮੁੱਖ ਰੱਖਦਿਆਂ 41 ਦਿਨ ਸੁਖਮਨੀ ਸਾਹਿਬ ਜੀ ਦੇ ਪਾਠ ਹੋਏ ਸ਼ੁਰੂ





ਫ਼ਿਰੋਜ਼ਪੁਰ, 12 ਮਈ (ਮਨੋਹਰ ਲਾਲ) :— ਗੁਰਦੁਆਰਾ ਮਾਈ ਰਾਮ ਦੇਵੀ ਜੀ ਅੰਦਰੂਨ ਦਿੱਲੀ ਗੇਟ ਫ਼ਿਰੋਜ਼ਪੁਰ ਸ਼ਹਿਰ ਵਿਖੇ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਜੋੜ ਮੇਲੇ ਨੂੰ ਮੁੱਖ ਰੱਖਦਿਆਂ 41 ਦਿਨ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਹੋਏ ਸ਼ੁਰੂ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਹੈਡ ਗ੍ਰੰਥੀ ਭਾਈ ਅਵਤਾਰ ਸਿੰਘ ਫੌਜੀ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਵਿਖੇ ਅਨੋਖੇ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦੀ ਅਖੰਡ ਜੋਤ ਪਿਛਲੇ 30 ਸਾਲ ਤੋਂ ਚੱਲ ਰਹੀ ਹੈ ਗੁਰੂ ਕੀਆਂ ਸੰਗਤਾਂ ਆਪਣੀਆਂ—ਆਪਣੀਆਂ ਭਾਵਨਾਵਾਂ ਨੂੰ ਮੁੱਖ ਰੱਖ ਕੇ ਜੋਤ ਵਿੱਚ ਘਿਓ ਪਾਉਂਦੀਆਂ ਹਨ। ਇੱਥੇ ਦੱਸਣਾ ਜਰੂਰੀ ਹੈ ਕਿ ਸ਼੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਦੇ ਸ਼ਹੀਦੀ ਜੋੜ ਮੇਲੇ ਨੂੰ ਮੁੱਖ ਰੱਖਦਿਆਂ 41 ਦਿਨ ਦੇ ਸ੍ਰੀ ਸੁਖਮਨੀ ਸਾਹਿਬ ਪਾਠ ਜਿਸ ਨੂੰ ਚਲ੍ਹੀਆ ਸਾਹਿਬ ਜੀ ਸੰਗਤਾਂ ਕਹਿੰਦੀਆਂ ਹਨ ਜਿੱਥੇ ਪਾਠ ਕਰਦੀਆਂ ਹਨ ਸੰਗਤਾਂ ਉਥੇ ਨਾਲ ਦੇਗ ਦੀ ਵਾਰੀ ਨਾਲ ਲੈ ਕੇ ਸੰਗਤਾਂ ਨੂੰ ਚਾਹ ਪਾਣੀ ਦਾ ਲੰਗਰ ਛਕਾ ਕੇ ਬਾਬਾ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਦੀਆਂ ਹਨ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ 18 ਜੂਨ ਤੱਕ ਚੱਲਣਗੇ ਅਤੇ 16 ਜੂਨ ਨੂੰ ਦੋ ਸ਼੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਸ੍ਰੀ ਆਖੰਡ ਪਾਠ ਸਾਹਿਬ ਜੀ ਪਾਠ ਕਰਵਾਏ ਜਾ ਰਹੇ ਹਨ, ਜ਼ੋ ਗੁਰਪ੍ਰੀਤ ਸਿੰਘ ਚੱਡਾ ਅਤੇ ਭਾਈ ਅਵਤਾਰ ਸਿੰਘ ਫੌਜੀ ਕੋਲੋਂ ਸਤਿਗੁਰੂ ਜੀ ਸੇਵਾ ਲੈ ਰਹੇ ਹਨ, ਉਪਰੰਤ ਗੁਰੂ ਕੀਆਂ ਸੰਗਤਾਂ ਲਈ ਲੰਗਰ ਦੇ ਪ੍ਰਬੰਧ ਕੀਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਇਲਾਕਾ ਨਿਵਾਸੀ ਸੰਗਤਾਂ ਨੂੰ ਬੇਨਤੀ ਹੈ ਕਿ ਚੱਲ ਰਹੇ ਸ੍ਰੀ ਸੁਖਮਨੀ ਸਾਹਿਬ ਪਾਠ ਚਲ੍ਹੀਆ ਸਾਹਿਬ ਵਿੱਚ ਹਾਜ਼ਰੀ ਭਰਕੇ ਬਾਬਾ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੀਏ। ਹੈਡ ਗ੍ਰੰਥੀ ਭਾਈ ਅਵਤਾਰ ਸਿੰਘ ਫੌਜੀ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜੀਤ ਸਿੰਘ ਵੱਲੋਂ ਸੰਗਤਾਂ ਨੂੰ ਬੇਨਤੀ ਕੀਤੀ ਕਿ 41 ਦਿਨਾਂ ਧਾਰਮਿਕ ਸਮਾਗਮਾਂ ਵਿਚ ਸ਼ਿਰਕਤ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸਮਾਗਮਾਂ ਵਿਚ ਸਰਬਜੀਤ ਸਿੰਘ ਪਾਪੜਾ ਵਾਲੇ, ਸੁਖਵਿੰਦਰ ਸਿੰਘ, ਸੋਨੂੰ ਬਾਵਾ, ਅਜੇ ਮੋਗਾ ਬੱਲੀ, ਦਵਿੰਦਰ ਸਿੰਘ, ਰਵਿੰਦਰ ਸਿੰਘ, ਸਿਮਰਨਜੀਤ ਸਿੰਘ, ਲਾਡਾ, ਨਿਤੀਸ਼, ਵਿਸ਼ੂ ਅਤੇ ਭਾਈ ਤਜਿੰਦਰ ਸਿੰਘ ਨਗਾਰਾ ਵਜਾਉਣ ਦੀ ਸੇਵਾ ਕਰਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਚ ਕਰਵਾਇਆ ਰਾਸ਼ਟਰੀ ਤਕਨਾਲੋਜੀ ਦਿਵਸ



ਫ਼ਿਰੋਜ਼ਪੁਰ, 12 ਮਈ (ਮਨੋਹਰ ਲਾਲ) :— ਮੋਗਾ ਰੋਡ ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਚ ਰਾਸ਼ਟਰੀ ਤਕਨਾਲੋਜੀ ਦਿਵਸ ਮਨਾਇਆ ਗਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਸਕੂਲ ਚੇਅਰਮੈਨ ਡਾ: ਹੀਰਾਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਅਤੇ ਜਨਰਲ ਸਕੱਤਰ ਸ਼ਿਵਮ ਸ਼ਰਮਾ ਦੀ ਨਿਗਰਾਨੀ ਹੇਠ ਚਲ ਰਹੇ ਸਕੂਲ ਵਿਚ ਸਮੇਂ—ਸਮੇਂ ਤੇ ਸਮਾਗਮ ਕਰਵਾਏ ਜਾਂਦੇ ਹਨ ਤਾਂ ਜ਼ੋ ਬੱਚਿਆਂ ਨੂੰ ਪੜ੍ਹਾਈ ਦੇ ਨਾਲ—ਨਾਲ ਹਰ ਪਹਿਲੂ ਤੋਂ ਜਾਣੂ ਕਰਵਾ ਕੇ ਸਮੇਂ ਦੇ ਹਾਣੀ ਬਣਾਇਆ ਜਾ ਸਕੇ। ਉਨ੍ਹਾਂ ਦੱਸਿਆ ਕਿ ਰਾਸ਼ਟਰੀ ਤਕਨਾਲੋਜੀ ਦਿਵਸ ਮਨਾਉਣ ਲਈ ਸੱਤਵੀਂ ਅਤੇ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨੇ ਤਕਨਾਲੋਜੀ ਜੀਵਨ ਨੂੰ ਬਦਲ ਰਹੀ ਹੈ ਵਿਸ਼ੇ ਤੇ ਇੱਕ ਵਿਸ਼ੇਸ਼ ਪੀਪੀਟੀ ਪੇਸ਼ਕਾਰੀ ਗਤੀਵਿਧੀ ਦਾ ਆਯੋਜਨ ਕੀਤਾ। ਵਿਦਿਆਰਥੀਆਂ ਨੇ ਭਾਰਤ ਦੀਆਂ ਪ੍ਰਮੁੱਖ ਤਕਨੀਕੀ ਪ੍ਰਾਪਤੀਆਂ, ਡਿਜੀਟਲ ਇੰਡੀਆ ਅਤੇ ਆਧੁਨਿਕ ਜੀਵਨ ਵਿੱਚ ਏ.ਆਈ ਦੀ ਭੂਮਿਕਾ ਨੂੰ ਉਜਾਗਰ ਕੀਤਾ। ਪ੍ਰਸਤੁਤੀਆਂ ਜਾਣਕਾਰੀ ਭਰਪੂਰ ਚੰਗੀ ਤਰ੍ਹਾਂ ਖੋਜੀਆਂ ਗਈਆਂ ਸਨ ਅਤੇ ਵਿਦਿਆਰਥੀਆਂ ਦੀ ਸਿਰਜਣਾਤਮਕਤਾ ਅਤੇ ਤਕਨੀਕੀ ਹੁਨਰਾਂ ਦਾ ਪ੍ਰਦਰਸ਼ਨ ਕਰਦੀਆਂ ਸਨ। ਪ੍ਰਬੰਧਕ ਮੈਂਬਰ, ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਅਤੇ ਜਨਰਲ ਸਕੱਤਰ ਸ਼ਿਵਮ ਸ਼ਰਮਾ ਨੇ ਸਾਰੇ ਭਾਗੀਦਾਰਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਵਿਦਿਆਰਥੀਆਂ ਦੇ ਵਿਸ਼ਵਾਸ, ਸਪੱਸ਼ਟਤਾ ਅਤੇ ਸਾਡੇ ਰਾਸ਼ਟਰ ਨੂੰ ਆਕਾਰ ਦੇਣ ਵਾਲੀਆਂ ਤਕਨੀਕੀ ਤਰੱਕੀਆਂ ਬਾਰੇ ਜਾਗਰੂਕਤਾ ਲਈ ਪ੍ਰਸ਼ੰਸਾ ਕੀਤੀ। ਪ੍ਰਿੰਸੀਪਲ ਰੇਖਾ ਪਾਸੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਤਕਨਾਲੋਜੀ ਤਰੱਕੀ ਦੀ ਰੀੜ੍ਹ ਦੀ ਹੱਡੀ ਹੈ, ਹਰੇਕ ਵਿਦਿਆਰਥੀ ਲਈ ਜ਼ਿੰਮੇਵਾਰੀ ਨਾਲ ਤਕਨਾਲੋਜੀ ਨੂੰ ਸਮਝਣਾ, ਵਰਤਣਾ ਅਤੇ ਨਵੀਨਤਾ ਕਰਨਾ ਮਹੱਤਵਪੂਰਨ ਹੈ, ਅਜਿਹੀਆਂ ਗਤੀਵਿਧੀਆਂ ਵਿਗਿਆਨਕ ਸੁਭਾਅ ਵਿਕਸਤ ਕਰਦੀਆਂ ਹਨ ਅਤੇ ਸਾਡੇ ਬੱਚਿਆਂ ਨੂੰ ਭਵਿੱਖ ਲਈ ਤਿਆਰ ਕਰਦੀਆਂ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਆਲੋਚਨਾਤਮਕ ਤੌਰ ਤੇ ਸੋਚਣ, ਨਵੇਂ ਵਿਚਾਰਾਂ ਦੀ ਪੜਚੋਲ ਕਰਨ ਅਤੇ ਸਮਾਜ ਦੀ ਬਿਹਤਰੀ ਲਈ ਤਕਨਾਲੋਜੀ ਦੀ ਵਰਤੋਂ ਕਰਨ ਲਈ ਉਤਸ਼ਾਹਿਤ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

### ਐੱਸ. ਜੀ. ਐੱਨ. ਇੰਟਰਨੈਸ਼ਨਲ ਸਕੂਲ ਦੀਵਾਨਾ ਵੱਲੋਂ ਨਵੇਂ ਸੈਸ਼ਨ ਦੀ ਸ਼ੁਰੂਆਤ ਮੌਕੇ ਫ਼ਰੈਸ਼ਰ ਪਾਰਟੀ ਕਰਵਾਈ ਗਈ

# ਸਕੂਲ ਵਿੱਚ ਨਵੇਂ ਬੱਚਿਆਂ ਦਾ ਸਕੂਲ ਸਟਾਫ ਨੇ ਕੀਤਾ ਸਵਾਗਤ








ਬਰਨਾਲਾ -(ਵਰਿਆਮ ਹਠੂਰ) ਨਾਮਵਾਰ ਵਿੱਦਿਅਕ ਸੰਸਥਾ ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ (ਬਰਨਾਲਾ) ਵਿਖੇ ਨਵੇਂ ਸੈਸ਼ਨ ਦੀ ਸ਼ੁਰੂਆਤ ਮੌਕੇ ਫ਼ਰੈਸ਼ਰ ਪਾਰਟੀ ਕਰਵਾਈ ਗਈ ਜਿਸ ਵਿੱਚ ਸਕੂਲ ਵਿੱਚ ਨਵੇਂ ਆਏ ਬੱਚਿਆਂ ਦਾ ਸਵਾਗਤ ਕੀਤਾ ਗਿਆ।ਸਕੂਲ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ, ਕੁਲਜੀਤ ਸਿੰਘ ਦੀਵਾਨਾ ਅਤੇ ਸਮੂਹ ਸਟਾਫ਼ ਨੇ ਬੱਚਿਆਂ ਨੂੰ ਨਵੇਂ ਸੈਸ਼ਨ ਵਿੱਚ ਨਵੀਂ ਕਲਾਸ ਵਿੱਚ ਆਉਣ ਤੇ ਮੁਬਾਰਕਬਾਦ ਦਿੱਤੀ।ਇਸ ਮੌਕੇ ਜੋ ਬੱਚਿਆਂ ਨੇ ਸਕੂਲ ਵਿੱਚ ਇਸ ਸਾਲ ਦਾਖ਼ਲਾ ਲਿਆ ਹੈ ਉਹਨਾਂ ਨੂੰ ਸਕੂਲ ਵਿੱਚ ਚਾਕਲੇਟ, ਟਾਫੀਆਂ ਤੇ ਬਿਸਕੁਟ ਵੰਡੇ ਗਏ। ਤੇ ਬੱਚਿਆਂ ਨੇ ਝੂਲਿਆਂ ਤੇ ਖੇਡ ਕੇ ਖੂਬ ਮਸਤੀ ਕੀਤੀ। ਇਸ ਮੌਕੇ ਸਕੂਲ ਸਟਾਫ਼ ਨੇ ਬੱਚਿਆਂ ਨੂੰ ਨਵੀਆਂ ਮਿਲੀਆਂ ਕਿਤਾਬਾਂ ਅਤੇ ਸਕੂਲ ਡਾਇਰੀ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਸਕੂਲ ਪ੍ਰਿੰਸੀਪਲ ਨੇ ਬੱਚਿਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਬੱਚੇ ਸਕੂਲ ਦੀ ਨੀਂਹ ਹੁੰਦੇ ਹਨ ਉਨ੍ਹਾਂ ਨੇ ਨਵੇਂ ਬੱਚਿਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦੇ ਹੋਏ ਬੱਚਿਆਂ ਨੂੰ ਪੜ੍ਹਾਈ ਵਿੱਚ ਧਿਆਨ ਦੇਣ ਦੇ ਨਾਲ - ਨਾਲ ਵਿਸ਼ੇਸ਼ ਤੌਰ ਤੇ ਖੇਡਾਂ, ਕਲਾ ਦੇ ਖੇਤਰ ਵੱਲ ਵੀ ਵਿਸ਼ੇਸ਼ ਧਿਆਨ ਦੇਣ ਲਈ ਵੀ ਕਿਹਾ ਅਤੇ ਹਰ ਗਤੀਵਿਧੀਆਂ ਮੁਕਾਬਲੇ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਇਸ ਮੌਕੇ ਸਕੂਲ ਸਟਾਫ ਅਤੇ ਬੱਚੇ ਹਾਜਰ ਸਨ।

### ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਅਕੈਡਮੀ ਜੱਬੋਵਾਲ ਵਿਚ

# ਗੁਰਮਤਿ ਵਿਦਿਆ ਨਾਲ ਰਾਸ਼ਨ ਵੀ ਵੰਡਿਆ : ਸੰਤ ਬਾਬਾ ਮਲਕੀਤ ਸਿੰਘ ਖਾਲਸਾ, ਗਿਆਨੀ ਤੇਜਬੀਰ ਸਿੰਘ ਭਲਾਈਪੁਰ (ਕਨੇਡਾ)





**ਚੌਕ ਮਹਿਤਾ, 1 2 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਨੈਸ਼ਨਲ ਹਾਈਵੇ ਤੋਂ ਥੋੜ੍ਹੀ ਦੂਰੀ ਜਬੋਵਾਲ ਰੋਡ ਤੇ ਸਥਿਤ ਸੰਤ ਬਾਬਾ ਗੁਰਬਖਸ਼ ਸਿੰਘ ਜੀ ਖਾਲਸਾ ਜਬੋਵਾਲ ਅਕੈਡਮੀ ਵੱਲੋਂ ਬੇ- ਸਹਾਰਿਆ ਦਾ ਸਹਾਰਾ ਬਣਕੇ ਹਰ ਮਹੀਨੇ ਦੀ ਤਰਾਂ ਇਸ ਮਹੀਨੇ ਵੀ 130 ਦੇ ਕਰੀਬ ਰਾਸ਼ਣ ਵੰਡਿਆ ਗਿਆ।ਇਸ ਅਕੈਡਮੀ ਵੱਲੋਂ ਲੋੜਵੰਦ ਬੱਚਿਆਂ ਦੀ ਪੜਾਈ ਅਤੇ ਗਰੀਬ ਪਰਿਵਾਰਾਂ ਦੀ ਬਾਂਹ ਫੜੀ ਜਾਂਦੀ ਹੈ, ਹਰ ਮਹੀਨ ਦੀ ਤਰ੍ਹਾਂ ਇਸ ਵਾਰ ਵੀ ਅਕੈਡਮੀ ਵੱਲੋਂ ਗਰੀਬ ਪਰਿਵਾਰਾਂ ਲੋੜਵੰਦ ਪਰਿਵਾਰਾਂ, ਅਤੇ ਜਿਨਾਂ ਦਾ ਕੋਈ ਕਮਾਈ ਦਾ ਸਾਧਨ ਨਹੀਂ ਹੈ ਉਨ੍ਹਾਂ ਪਰਿਵਾਰਾਂ ਨੂੰ ਰਾਸ਼ਨ ਵੰਡਿਆ ਗਿਆ । ਇਸ ਮੌਕੇ ਤੇ ਅਕੇਡਮੀ ਦੇ ਸੰਚਾਲਕ ਸੰਤ ਬਾਬਾ ਮਲਕੀਤ ਸਿੰਘ ਅਤੇ ਗਿਆਨੀ ਤੇਜਬੀਰ ਸਿੰਘ ਭਲਾਈਪੁਰ ਕਨੇਡਾ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਹ ਪਹਿਲ ਕਦਮੀ ਅਤੇ ਸੇਵਾ ਦੀ ਆਰੰਭਤਾ 2013 ਤੋਂ ਸ਼ੁਰੂ ਕੀਤੀ ਸੀ ਰਾਸ਼ਨ ਅਸੀਂ ਪਹਿਲਾਂ ਪੰਜ ਪਰਿਵਾਰਾਂ ਵਿੱਚ ਵੰਡਿਆ ਇਹ ਉਹ ਪਰਿਵਾਰ ਸਨ ਜਿਨਾਂ ਦੇ ਕਮਰੇ ਵੀ ਕੱਚੇ ਸਨ ਅਤੇ ਕਮਾਈ ਦਾ ਕੋਈ ਸਾਧਨ ਨਹੀਂ ਸੀ ਜਾਂ ਜਿੰਨਾ ਪਰਿਵਾਰਾਂ ਵਿੱਚ ਕਮਾਉਣ ਵਾਲਾ ਕੋਈ ਆਦਮੀ ਨਹੀਂ ਸੀ,ਉਹਨਾਂ ਪਰਿਵਾਰਾਂ ਤੋਂ ਆਰੰਭਤਾ ਕੀਤੀ। ਅਤੇ ਸਰਕਾਰ ਵੱਲੋਂ ਉਨਾਂ ਪਰਿਵਾਰਾਂ ਦੇ ਰਾਸ਼ਨ ਕਾਰਡ ਵੀ ਕੱਟੇ ਹੋਏ ਸਨ। ਇਸ ਮੌਕੇ ਤੇ ਬਾਬਾ ਜੀ ਨੇ ਦੱਸਿਆ ਕਿ ਅਸੀਂ ਰਾਸ਼ਨ ਦੇ ਨਾਲ ਨਾਲ ਇਹ ਵੀ ਸੋਚਿਆ ਕਿ ਇਹਨਾਂ ਦੇ ਬੱਚਿਆਂ ਨੂੰ ਅਕੈਡਮੀ ਵਿੱਚ ਹੀ ਰੱਖਿਆ ਜਾਵੇ ਅਤੇ ਉਹਨਾਂ ਨੂੰ ਦੁਨਿਆਵੀ ਵਿਦਿਆ ਦੇ ਨਾਲ ਨਾਲ ਗੁਰਮਤਿ ਨਾਲ ਵੀ ਜੋੜਿਆ ਜਾਵੇ । ਤਾਂ ਜੋ ਬੱਚੇ ਪੜ ਲਿਖ ਸਕਣ ਅਤੇ ਗੁਰਬਾਣੀ ਨਾਲ ਜੁੜਨ ਅਤੇ ਆਪਣੇ ਪੈਰਾਂ ਤੇ ਸਟੈਂਡ ਹੋ ਕੇ ਆਪਣੀ ਰੋਜ਼ੀ ਰੋਟੀ ਕਮਾ ਸਕਣ। ਇਸ ਸਮੇਂ ਖਾਲਸਾ ਅਕੈਡਮੀ ਵਿੱਚ ਬੱਚਿਆਂ ਦੀ ਪੜ੍ਹਾਈ ਵੀ ਫਰੀ ਹੈ ਅਤੇ ਉਹਨਾਂ ਨੂੰ ਗੁਰਮਤਿ ਦੀ ਸੰਥਿਆ ਵੀ ਦਿੱਤੀ ਜਾ ਰਹੀ ਹੈ ਅਤੇ ਉਹਨਾਂ ਨੂੰ ਸਵੇਰ ਤੋਂ ਲੈ ਕੇ ਸ਼ਾਮ ਤੱਕ ਗੁਰਬਾਣੀ ਨਾਲ ਵੀ ਜੋੜਿਆ ਜਾਂਦਾ ਹੈ।ਅਤੇ ਇੱਥੇ ਬੱਚਿਆਂ ਨੂੰ ਬਾਕਸਿੰਗ ਦੀ ਸਿਖਾਈ ਜਾਂਦੀ ਹੈ ਅਤੇ ਹੋਰ ਖੇਡਾਂ ਬਾਰੇ ਵੀ ਜਾਗਰਿਤ ਕੀਤਾ ਜਾਂਦਾ ਹੈ।ਅਕੈਡਮੀ ਦੇ ਪ੍ਰਿੰਸੀਪਲ ਸਾਹਿਬ ਵੀ ਬਹੁਤ ਹੀ ਕਾਬਲੀਅਤ ਇਨਸਾਨ ਹਨ।ਇੱਥੇ ਬੱਚਿਆਂ ਨੂੰ ਸ਼ਾਮ ਦੇ ਟਾਈਮ ਤੇ ਕਥਾ ਕੀਰਤਨ ਅਤੇ ਗੁਰਬਾਣੀ ਦੀ ਸੰਥਿਆ ਵੀ ਦਿੱਤੀ ਜਾਂਦੀ ਹੈ।ਅਤੇ ਬੱਚਿਆਂ ਨੂੰ ਤਬਲਾ ਹਾਰਮੋਨੀਅਮ ਵੀ ਸਿਖਾਇਆ ਜਾਂਦਾ ਹੈ। ਇਹ ਦੱਸਣ ਯੋਗ ਹੈ ਕਿ ਇਹ ਅਕੈਡਮੀ ਦੇ ਸਿੰਘ ਸਮੇਂ ਸਮੇਂ ਤੇ ਪੰਜਾਬ ਤੇ ਆਈਆਂ ਮੁਸੀਬਤਾਂ ਵਿੱਚ ਆਪਣਾ ਯੋਗਦਾਨ ਪਾਉਂਦੇ ਹਨ ਜਿਵੇਂ ਕਿਸਾਨ ਮੋਰਚੇ ਵਿੱਚ ਵੀ ਇਹਨਾਂ ਦਾ ਅਹਿਮ ਯੋਗਦਾਨ ਰਿਹਾ ਉੱਥੇ ਵੀ ਇਹਨਾਂ ਲੰਗਰ ਦੀ ਸੇਵਾ ਨਿਭਾਈ ਅਤੇ ਹੁਣ ਹੜ ਪੀੜਤਾਂ ਵਾਸਤੇ ਵੀ ਲਗਾਤਾਰ ਨਿਰੰਤਰ ਸੇਵਾ ਇਹਨਾਂ ਦੀ ਜਾਰੀ ਹੈ ਅਤੇ ਇਹਨਾਂ ਦੇ ਸੇਵਾਦਾਰ ਬਹੁਤ ਹੀ ਤਨ ਮਨ ਧਨ ਨਾਲ ਆਪਣੀ ਸੇਵਾ ਕਰ ਰਹੇ ਹਨ ਇੱਥੇ ਸੰਤ ਬਾਬਾ ਮਲਕੀਤ ਸਿੰਘ ਖਾਲਸਾ ਜੀ ਅਤੇ ਗਿਆਨੀ ਤੇਜਬੀਰ ਸਿੰਘ ਭਲਾਈਪੁਰ ਕਨੇਡਾ ਨੇ ਦੱਸਿਆ ਕਿ 2014 ਤੋਂ ਲੈ ਕੇ 2026 ਤੱਕ ਹੁਣ ਲਗਭਗ 130 ਪਰਿਵਾਰਾਂ ਨੂੰ ਹਰ ਮਹੀਨੇ ਰਾਸ਼ਨ ਮੁਹਈਆ ਕਰਵਾਇਆ ਜਾ ਰਿਹਾ ਹੈ। ਇਹ ਰਾਸਨ ਵੰਡਣ ਤੋਂ ਪਹਿਲਾਂ ਸੰਗਤ ਨੂੰ ਦੋ ਘੰਟੇ 9 ਤੋਂ 11 ਵਜੇ ਤੱਕ ਨਾਮ ਵੀ ਜਪਾਇਆ ਜਾਂਦਾ ਹੈ।ਇਸ ਮੌਕੇ ਤੇ ਮੁੱਖ ਸੇਵਾਦਾਰ ਸੰਤ ਬਾਬਾ ਮਲਕੀਤ ਸਿੰਘ ਖਾਲਸਾ,ਭਾਈ ਸੁਖਚੈਨ ਸਿੰਘ ਗਿਆਨੀ ਤੇਜ ਬੀਰ ਸਿੰਘ ਭਲਾਈਪੁਰ ( ਕਨੇਡਾ), ਪ੍ਰਿੰਸੀਪਲ ਸੁਰਿੰਦਰਜੀਤ ਸਿੰਘ ਜਸਪਾਲ ਸਿੰਘ ਟੋਮਾ, ਸੁਖਦੇਵ ਸਿੰਘ ਗੁਰਬਾਜ ਸਿੰਘ ਬਾਜ,ਗੁਰਪਿੰਦਰ ਸਿੰਘ ਆਦਿ ਸੇਵਾਦਾਰ ਹਾਜਰ ਸਨ।



# ਆਈਡੀਅਲ ਕੌਨਵੈਂਟ ਸਕੂਲ ਹਠੂਰ ਦਾ ਦਸਵੀਂ ਕਲਾਸ ਦਾ ਨਤੀਜਾ ਰਿਹਾ ਸ਼ਾਨਦਾਰ

### ਪ੍ਰਿੰਸੀਪਲ ਸਮੇਤ ਸਮੂਹ ਸਕੂਲ ਸਟਾਫ਼ ਨੇ ਬੱਚਿਆਂ ਨੂੰ ਦਿੱਤੀਆਂ ਮੁਬਾਰਕਾਂ



ਹਠੂਰ / ਜਗਰਾਉਂ -(ਵਰਿਆਮ ਹਠੂਰ) ਵਿੱਦਿਆ ਦੇ ਖੇਤਰ ਵਿੱਚ ਚਰਚਿਤ ਤੇ ਨਾਮਵਾਰ ਵਿੱਦਿਅਕ ਸੰਸਥਾ ਆਈਡੀਅਲ ਕੌਨਵੈਂਟ ਸਕੂਲ ਹਠੂਰ (ਲੁਧਿਆਣਾ) ਦਾ ਦਸਵੀਂ ਕਲਾਸ ਦਾ ਨਤੀਜਾ ਸ਼ਾਨਦਾਰ ਰਿਹਾ ਜਾਣਕਾਰੀ ਸਾਂਝੀ ਕਰਦਿਆਂ ਸਕੂਲ ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਅਤੇ ਵਾਇਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਨੇ ਕਿਹਾ ਕਿ ਸਾਡੇ ਸਕੂਲ ਦਾ 10ਵੀਂ ਕਲਾਸ ਦਾ ਨਤੀਜਾ ਸੌ ਫੀਸਦੀ ਰਿਹਾ ਸਾਰੇ ਬੱਚੇ ਚੰਗੇ ਨੰਬਰ ਲੈ ਕੇ ਪਾਸ ਹੋਏ ਜਿਨ੍ਹਾਂ ਵਿੱਚੋਂ ਗੁਰਲੀਨ ਕੌਰ ਨੇ 94 ਪ੍ਰਤੀਸ਼ਤ ਅੰਕ ਲੈ ਕੇ ਪਹਿਲਾ ਸਥਾਨ ਹਾਸਿਲ ਕੀਤਾ ਅਤੇ ਦਮਨਪ੍ਰੀਤ ਕੋਰ ਨੇ 89 ਪ੍ਰਤੀਸ਼ਤ ਅੰਕ ਹਾਸਿਲ ਕਰਕੇ ਦੂਜਾ ਸਥਾਨ ਹਾਸਿਲ ਕੀਤਾ ਤੇ ਇਸੇ ਤਰ੍ਹਾਂ ਕੁਲਵੀਰ ਕੌਰ ਨੇ 89 ਪ੍ਰਤੀਸ਼ਤ ਅੰਕ ਹਾਸਿਲ ਕਰਕੇ ਤੀਸਰਾ ਸਥਾਨ ਹਾਸਿਲ ਕੀਤਾ, ਸਾਡੇ ਵੱਲੋਂ ਪੁਜੀਸ਼ਨਾਂ ਹਾਸਿਲ ਕਰਨ ਵਾਲੇ ਬੱਚਿਆਂ ਨੂੰ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਬਹੁਤ ਬਹੁਤ ਮੁਬਾਰਕਾਂ, ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਅਤੇ ਵਾਇਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਨੇ ਅੱਗੇ ਕਿਹਾ ਕਿ ਸਾਡੇ ਸਕੂਲ ਦਾ ਸਮੂਹ ਸਟਾਫ਼ ਵੀ ਵਧਾਈ ਦਾ ਪਾਤਰ ਹੈ। ਜੋ ਬੱਚਿਆਂ ਨੂੰ ਚੰਗੀ ਵਿੱਦਿਆ ਦੇ ਨਾਲ-ਨਾਲ ਬੱਚਿਆਂ ਵਿੱਚ ਅੱਛੇ ਸੰਸਕਾਰ ਪੈਦਾ ਕਰਨ ਲਈ ਲਗਾਤਾਰ ਮਿਹਨਤ ਕਰ ਰਿਹਾ ਹੈ। ਤੇ ਬੱਚਿਆਂ ਦਾ ਭਵਿੱਖ ਉਜਵਲ ਬਣਾਉਣ ਲਈ ਅਸੀਂ ਹਮੇਸਾਂ ਦੀ ਤਰ੍ਹਾਂ ਵਚਨਵੱਧ ਹਾਂ, ਉਨ੍ਹਾਂ ਅੱਗੇ ਕਿਹਾ ਕਿ ਸਾਡੀ ਇਹੋ ਸੋਚ ਹੈ। ਕਿ ਬੱਚਿਆਂ ਨੂੰ ਸਮੇਂ ਦੇ ਹਾਣੀ ਬਣਾਇਆ ਜਾਵੇ। ਤੇ ਸਕੂਲ ਵਿੱਚ ਚੰਗੀ ਵਿੱਦਿਆ ਦੇ ਨਾਲ ਨਾਲ ਤਰ੍ਹਾਂ ਦੀ ਐਕਟੀਵਿਟੀ ਕਰਵਾਈ ਜਾਂਦੀ ਹੈ। ਤੇ ਬੱਚਿਆਂ ਨੂੰ ਖੇਡਾਂ ਨਾਲ ਜੋੜਨ ਲਈ ਵਧੀਆ ਕੋਚ ਦੀ ਕੋਚਿੰਗ ਲੈ ਕੇ ਲਗਾਤਾਰ ਉਪਰਾਲੇ ਜਾਰੀ ਹਨ। ਮੈਡੀਕਲ ਅਤੇ ਨਾਨ ਮੈਡੀਕਲ ਦੀਆਂ ਕਲਾਸਾਂ ਵੀ ਆਈਡੀਅਲ ਕੌਨਵੈਂਟ ਸਕੂਲ ਹਠੂਰ ਵਿੱਚ ਲੱਗਣਗੀਆਂ ਜਿਸ ਲਈ ਇੱਕ ਵੱਖਰੀ ਬਿਲਡਿੰਗ ਤਿਆਰ ਹੋ ਰਹੀ ਹੈ। ਅੰਤ ਵਿੱਚ ਉਨ੍ਹਾਂ ਮੁੜ ਤੋਂ ਸਮੂਹ ਬੱਚਿਆਂ ਨੂੰ ਮੁਬਾਰਕਾਂ ਦਿੰਦੇ ਹੋਏ ਬੱਚਿਆਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ ਇਸ ਮੌਕੇ ਸਕੂਲ ਸਟਾਫ ਅਤੇ ਬੱਚੇ ਹਾਜਰ ਸਨ।

# ਪੰਜਾਬ ਡੇਅਰੀ ਸੈਕਟਰ ਨੂੰ ਅਮੁੱਲ ਮਾਡਲ ਦੀ ਕਰਨੀ ਚਾਹੀਦੀ ਹੈ ਪਾਲਣਾ: ਵਿਕਰਮਜੀਤ ਸਿੰਘ ਸਾਹਨੀ




**ਨਵੀਂ ਦਿੱਲੀ 12 ਮਈ (ਮਨਪ੍ਰੀਤ ਸਿੰਘ ਖਾਲਸਾ)**:-ਸੀਆਈਏ ਸਾਲਾਨਾ ਸੰਮੇਲਨ ਵਿੱਚ ਬੋਲਦਿਆਂ, ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਦੁਹਰਾਇਆ ਕਿ ਪੰਜਾਬ ਵਿੱਚ ਡੇਅਰੀ ਫਾਰਮਿੰਗ ਅਤੇ ਡੇਅਰੀ ਸਹਿਕਾਰੀ ਸਭਾਵਾਂ ਦੀਆਂ ਬਹੁਤ ਸੰਭਾਵਨਾਵਾਂ ਹਨ ਅਤੇ ਗੁਜਰਾਤ ਵਿੱਚ ਅਮੁੱਲ ਦੇ ਸਫਲ ਮਾਡਲ ਦੀ ਪਾਲਣਾ ਕੀਤੀ ਜਾਣੀ ਚਾਹੀਦੀ ਹੈ। ਡਾ. ਸਾਹਨੀ ਨੇ ਦੁੱਖ ਪ੍ਰਗਟ ਕੀਤਾ ਕਿ ਪੰਜਾਬ ਵਿੱਚ ਗਾਵਾਂ ਦੇ ਉਚ ਪੱਧਰ ਤੱਕ ਦੁਧਾਰੂ ਹੋਣ ਅਤੇ ਚਾਰੇ ਦੀ ਉਪਲਬਧਤਾ ਦੇ ਬਾਵਜੂਦ, ਪੰਜਾਬ ਨੇ ਡੇਅਰੀ ਫਾਰਮਿੰਗ ਨੂੰ ਪੂਰੀ ਤਰ੍ਹਾਂ ਵਧਾ ਕੇ ਡੇਅਰੀ ਸਹਿਕਾਰੀ ਸਭਾਵਾਂ ਅਤੇ ਡਾਊਨਸਟ੍ਰੀਮ ਦੁੱਧ ਉਤਪਾਦਾਂ ਵਿੱਚ ਮੋਹਰੀ ਨਹੀਂ ਬਣਾਇਆ ਹੈ ਜੋ ਪੂਰੇ ਭਾਰਤ ਵਿੱਚ ਮਾਰਕੀਟ ਕੀਤੇ ਜਾ ਰਹੇ ਹਨ ਅਤੇ ਨਿਰਯਾਤ ਵੀ ਹੋ ਰਿਹਾ ਹੈ। ਡਾ. ਸਾਹਨੀ ਨੇ ਇਹ ਵੀ ਕਿਹਾ ਕਿ ਹੋਰ ਔਰਤਾਂ ਦੀ ਅਗਵਾਈ ਵਾਲੇ ਸਹਿਕਾਰੀ, ਸਵੈ-ਸਹਾਇਤਾ ਸਮੂਹ ਅਤੇ ਪੇਂਡੂ ਉੱਦਮ ਹੋਣੇ ਚਾਹੀਦੇ ਹਨ ਜਿਨ੍ਹਾਂ ਨੂੰ ਵਧੇਰੇ ਮਜ਼ਬੂਤ ਸੰਸਥਾਗਤ ਸਮਰਥਨ ਪ੍ਰਾਪਤ ਹੋਵੇ। ਉਨ੍ਹਾਂ ਇਹ ਵੀ ਕਿਹਾ ਕਿ ਕਾਰਪੋਰੇਟ ਪੇਂਡੂ ਮੰਗ ਨੂੰ ਪੂਰਾ ਕਰਨ ਅਤੇ ਉਤਸ਼ਾਹਿਤ ਕਰਨ ਲਈ ਸਹਿਕਾਰੀ ਸਭਾਵਾਂ ਨਾਲ ਸਹਿਯੋਗ ਕਰਨ ਦਾ ਲਾਭ ਉਠਾ ਸਕਦੇ ਹਨ ਅਤੇ ਸਮਾਜਿਕ ਉੱਦਮਾਂ ਦਾ ਵੀ ਟੀਚਾ ਰੱਖ ਸਕਦੇ ਹਨ।

ਦਮਦਮੀ ਟਕਸਾਲ ਨੇ ਜੂਨ '84 ਦੇ ਸ਼ਹੀਦਾਂ ਦੀ ਯਾਦ 'ਚ

# ਪਿੰਡ ਅਬਦਾਲ ਵਿਖੇ ਦੀਵਾਨ ਸਜਾਏ

## ਸੰਗਤਾਂ ਕਰਮਕਾਂਡ ਛੱਡ ਕੇ ਅੰਮ੍ਰਿਤ ਛੱਕਣ 'ਤੇ ਪੂਰਨ ਸਿੰਘ ਸੱਜਣ : ਬਾਬਾ ਹਰਨਾਮ ਸਿੰਘ ਖਾਲਸਾ













ਚੌਂਕ ਮਹਿਤਾ, 9 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)–ਤੀਸਰਾ ਘੱਲੂਘਾਰਾ ਜੂਨ '84 ਦੇ ਸ਼ਹੀਦਾਂ ਦੀ ਯਾਦ ਵਿੱਚ ਦਮਦਮੀ ਟਕਸਾਲ (ਜਥਾ ਭਿੰਡਰਾਂ ਮਹਿਤਾ) ਦੇ ਵੱਲੋਂ ਅੱਜ ਦਸਵੇਂ ਦਿਨ ਦੇ ਸ਼ਹੀਦੀ ਦੀਵਾਨ ਗੁਰਦੁਆਰਾ ਬਾਬਾ ਆਲਾ ਸਿੰਘ ਜੀ ਪਿੰਡ ਅਬਦਾਲ ਵਿਖੇ ਸਜਾਏ ਗਏ। ਜਿਸ ਦੌਰਾਨ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਜੱਥੇ ਵੱਲੋਂ ਪਾਵਨ ਗੁਰਬਾਣੀ ਦਾ ਇਲਾਹੀ ਕੀਰਤਨ ਕੀਤਾ ਗਿਆ।ਉਪਰੰਤ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਨੇ ਮੀਰੀ ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ਼੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਜੀਵਨ ਬਿਰਤਾਂਤ ਨਾਲ ਸਬੰਧਤ ਪਾਵਨ ਗੁਰ ਇਤਹਾਸ ਦਾ ਲੜੀਵਾਰ ਪ੍ਰਸੰਗ ਸਰਵਨ ਕਰਵਾ ਕੇ ਦੀਵਾਨ ਵਿਚ ਜੁੜੀਆਂ ਬੇਅੰਤ ਸੰਗਤਾਂ ਨੂੰ ਨਿਹਾਲ ਕੀਤਾ। ਇਸ ਦੌਰਾਨ ਗਿਆਨੀ ਖਾਲਸਾ ਨੇ ਸੰਗਤ ਨੂੰ ਕਰਮਕਾਂਡ ਛੱਡ ਕੇ ਅੰਮ੍ਰਿਤ ਛੱਕਣ ਅਤੇ ਪੂਰਨ ਸਿੰਘ ਸੱਜਣ ਦੀ ਸੇਧ ਦਿੱਤੀ। ਸਮਾਗਮ ਦੇ ਅਖੀਰ ਵਿਚ ਬਾਬਾ ਰਾਮ ਸਿੰਘ ਅਬਦਾਲ, ਸਰਪੰਚ ਸੁਬੇਗ ਸਿੰਘ ਅਬਦਾਲ, ਸੈਕਟਰੀ ਬਾਵਾ ਸਿੰਘ ਅਬਦਾਲ ਤੇ ਹੋਰਨਾਂ ਪ੍ਰਬੰਧਕਾਂ ਦੇ ਵੱਲੋਂ ਸਿਰੋਪਾਓ ਅਤੇ ਦੁਸ਼ਾਲਾ ਭੇਟ ਕਰਕੇ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦਾ ਸਨਮਾਨ ਕੀਤਾ ਗਿਆ। ਜਿਕਰਯੋਗ ਹੈ ਕਿ ਦਮਦਮੀ ਟਕਸਾਲ ਦੇ ਵੱਲੋਂ ਜੂਨ 1984 (ਤੀਸਰਾ ਘੱਲੂਘਾਰਾ) ਦੌਰਾਨ ਸ਼ਹੀਦ ਹੋਏ ਕੌਮੀ ਯੋਧਿਆਂ ਸਮੂਹ ਸਿੰਘਾਂ–ਸਿੰਘਣੀਆਂ ਤੇ ਭੁਝੰਗੀਆਂ ਦੀ ਯਾਦ ਨੂੰ ਸਮਰਪਿਤ ਇਹ ਸ਼ਹੀਦੀ ਦੀਵਾਨ 31 ਮਈ ਤਕ ਜਿਲਾ ਅੰਮ੍ਰਿਤਸਰ ਅਤੇ ਗੁਰਦਾਸਪੁਰ ਦੇ ਵੱਖ ਵੱਖ ਨਗਰਾਂ ਵਿਚ ਲਗਾਤਾਰ ਸਜਾਏ ਜਾਣਗੇ। ਉਪਰੰਤ 1 ਤੋਂ 5 ਜੂਨ ਤਕ ਸ਼ਹੀਦੀ ਹਫਤਾ ਅਤੇ 6 ਜੂਨ ਨੂੰ 42ਵਾਂ ਸ਼ਹੀਦੀ ਸਮਾਗਮ ਅੰਤਰਰਾਸ਼ਟਰੀ ਪੱਧਰ ਤੇ ਮਨਾਇਆ ਜਾਵੇਗਾ। ਇਸ ਮੌਕੇ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਸੁਖਦੇਵ ਸਿੰਘ, ਹੈੱਡ ਗ੍ਰੰਥੀ ਗਿਆਨੀ ਗੁਰਦੀਪ ਸਿੰਘ, ਜਥੇਦਾਰ ਬਾਬਾ ਅਜੀਤ ਸਿੰਘ ਮੁੱਖੀ ਤਰਨਾ ਦਲ ਮਹਿਤਾ, ਜਥੇਦਾਰ ਬਾਬਾ ਬੋਹੜ ਸਿੰਘ, ਗਿਆਨੀ ਗੁਰਬਾਜ ਸਿੰਘ, ਗਿਆਨੀ ਸਾਹਿਬ ਸਿੰਘ, ਬਾਬਾ ਰਾਮ ਸਿੰਘ ਅਬਦਾਲ, ਬਾਬਾ ਗੁਰਬਖਸ਼ ਸਿੰਘ, ਪ੍ਰਧਾਨ ਸ੍ਰੀ ਮਤੀਂ ਕੁਲਦੀਪ ਕੌਰ, ਮੀਰਾਂ ਚੱਕ, ਗਿਆਨੀ ਭਰਥ ਸਿੰਘ ਅਬਦਾਲ, ਬਾਬਾ ਸੁਖਜਿੰਦਰ ਸਿੰਘ ਅਬਦਾਲ, ਭਾਈ ਲਛਮਣ ਸਿੰਘ ਅਬਦਾਲ, ਭਾਈ ਜਤਿੰਦਰਜੀਤ ਸਿੰਘ ਪੰਛੀ ਢੱਡੇ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ ਤੇ ਡਾਕਟਰ ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ), ਗੁਰਪ੍ਰੀਤ ਸਿੰਘ ਜੋਨੀ, ਭਾਈ ਜੁਝਾਰ ਸਿੰਘ, ਭਾਈ ਪ੍ਰਭਜੀਤ ਸਿੰਘ, ਭਾਈ ਸਤਨਾਮ ਸਿੰਘ, ਭਾਈ ਗੁਰਪ੍ਰੀਤ ਸਿੰਘ ਵੈਦ, ਪ੍ਰੋਫਸਰ ਗਿਆਨੀ ਜੋਬਨਜੀਤ ਸਿੰਘ, ਭਾਈ ਨਿਰਮਲ ਸਿੰਘ, ਗਿਆਨੀ ਮੋਹਣ ਸਿੰਘ, ਭਾਈ ਗੁਰਕਿਰਪਾਲ ਸਿੰਘ, ਭਾਈ ਪ੍ਰਕਾਸ਼ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ••

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਅਮਰੀਕੀ ਕਮਿਸ਼ਨ ਵੱਲੋਂ ਮੁੜ ਭਾਰਤ ਨੂੰ

# 'ਵਿਸ਼ੇਸ਼ ਚਿੰਤਾ ਵਾਲਾ ਦੇਸ਼' ਐਲਾਨਣ ਦੀ ਮੰਗ

**ਨਵੀਂ ਦਿੱਲੀ, 12 ਮਈ (ਮਨਪ੍ਰੀਤ ਸਿੰਘ ਖਾਲਸਾ)**:- ਅਮਰੀਕੀ ਅੰਤਰਰਾਸ਼ਟਰੀ ਧਾਰਮਿਕ ਆਜ਼ਾਦੀ ਕਮਿਸ਼ਨ (ਯੂਐਸਸੀਆਈਆਰਐਫ) ਨੇ ਇੱਕ ਵਾਰ ਫਿਰ ਆਪਣੇ ਮੁਲਾਂਕਣ ਅਤੇ ਸੁਣਵਾਈ ਦੀ ਗਵਾਹੀ ਵਿੱਚ ਦੇਸ਼ ਵਿੱਚ "ਚੱਲ ਰਹੇ, ਯੋਜਨਾਬੱਧ ਅਤੇ ਭਿਆਨਕ ਧਾਰਮਿਕ ਆਜ਼ਾਦੀ ਦੇ ਹਾਲਾਤ" ਦਾ ਹਵਾਲਾ ਦਿੰਦੇ ਹੋਏ ਵਿਦੇਸ਼ ਵਿਭਾਗ ਨੂੰ ਭਾਰਤ ਨੂੰ "ਖਾਸ ਚਿੰਤਾ ਦਾ ਦੇਸ਼" ਘੋਸ਼ਿਤ ਕਰਨ ਦੀ ਅਪੀਲ ਕੀਤੀ ਹੈ। ਇੱਕ ਵਿਅਕਤੀਗਤ ਸੁਣਵਾਈ ਦੌਰਾਨ ਇਸ ਮੁੱਦੇ ਦੀ ਜਾਂਚ ਕੀਤੀ ਗਈ, ਜਿੱਥੇ ਕਮਿਸ਼ਨਰਾਂ, ਕਾਨੂੰਨ ਨਿਰਮਾਤਾਵਾਂ, ਵਿਦਵਾਨਾਂ ਅਤੇ ਕਾਨੂੰਨੀ ਮਾਹਰਾਂ ਨੇ ਮੁਸਲਮਾਨਾਂ, ਈਸਾਈਆਂ, ਸਿੱਖਾਂ ਅਤੇ ਦਲਿਤਾਂ ਨੂੰ ਦਰਪੇਸ਼ ਹਾਲਤਾਂ ਦੇ ਨਾਲ-ਨਾਲ ਵਿਦੇਸ਼ਾਂ ਵਿੱਚ ਆਲੋਚਕਾਂ ਨੂੰ ਨਿਸ਼ਾਨਾ ਬਣਾ ਕੇ ਵਧ ਰਹੇ ਅੰਤਰਰਾਸ਼ਟਰੀ ਦਮਨ ਦੇ ਦੋਸ਼ਾਂ 'ਤੇ ਆਪਣੇ ਵਿਚਾਰ ਪ੍ਰਗਟ ਕੀਤੇ। ਯੂਐਸਸੀਆਈਆਰਐਫ ਮੁਖੀ ਵਿੱਕੀ ਹਾਰਟਜ਼ਲਰ ਨੇ ਕਿਹਾ ਕਿ ਧਾਰਮਿਕ ਆਜ਼ਾਦੀ 'ਤੇ ਭਾਰਤ ਦੀ ਤਰੱਕੀ ਲਗਾਤਾਰ ਘਟਦੀ ਜਾ ਰਹੀ ਹੈ। ਉਨ੍ਹਾਂ ਕਿਹਾ ਸਾਡੀ 2026 ਦੀ ਸਾਲਾਨਾ ਰਿਪੋਰਟ, ਯੂਐਸਸੀਆਈਆਰਐਫ ਨੇ ਇੱਕ ਵਾਰ ਫਿਰ ਸਿਫ਼ਾਰਸ਼ ਕੀਤੀ ਹੈ ਕਿ ਵਿਦੇਸ਼ ਵਿਭਾਗ ਭਾਰਤ ਨੂੰ ਇਸਦੀਆਂ ਚੱਲ ਰਹੀਆਂ, ਯੋਜਨਾਬੱਧ ਅਤੇ ਭਿਆਨਕ ਧਾਰਮਿਕ ਆਜ਼ਾਦੀ ਦੀਆਂ ਸਥਿਤੀਆਂ ਲਈ ਖਾਸ ਚਿੰਤਾ ਵਾਲੇ ਦੇਸ਼ ਵਜੋਂ ਨਾਮਜ਼ਦ ਕਰੇ। ਉਸਨੇ ਅੱਗੇ ਕਿਹਾ ਕਿ ਮੌਜੂਦਾ ਰਾਜਨੀਤਿਕ ਮਾਹੌਲ ਵਿੱਚ, ਭਾਰਤ ਸਰਕਾਰ, ਰਾਸ਼ਟਰੀ, ਰਾਜ ਅਤੇ ਸਥਾਨਕ ਦੋਵਾਂ ਪੱਧਰਾਂ 'ਤੇ, ਪੱਖਪਾਤੀ ਕਾਨੂੰਨਾਂ ਦੀ ਵਰਤੋਂ, ਧਾਰਮਿਕ ਆਗੂਆਂ ਦੀ ਮਨਮਾਨੀ ਨਜ਼ਰਬੰਦੀ, ਅਤੇ ਧਾਰਮਿਕ ਘੱਟ ਗਿਣਤੀ ਭਾਈਚਾਰਿਆਂ ਵਿਰੁੱਧ ਹਮਲਿਆਂ ਵਿੱਚ ਦਖਲ ਦੇਣ ਵਿੱਚ ਅਸਫਲਤਾ ਰਾਹੀਂ ਧਾਰਮਿਕ ਆਜ਼ਾਦੀ ਦੀ ਉਲੰਘਣਾ ਨੂੰ ਸੌਖਾ ਅਤੇ ਬਰਦਾਸ਼ਤ ਕਰ ਰਹੀ ਹੈ। ਹਾਰਟਜ਼ਲਰ ਨੇ ਧਰਮ ਪਰਿਵਰਤਨ ਅਤੇ ਸੁਰੱਖਿਆ ਕਾਨੂੰਨਾਂ ਨੂੰ ਪ੍ਰਭਾਵਿਤ ਕਰਨ ਵਾਲੇ ਕਾਨੂੰਨੀ ਢਾਂਚੇ 'ਤੇ ਵੀ ਚਾਨਣਾ ਪਾਇਆ, ਕਿਹਾ 2026 ਤੱਕ, 28 ਵਿੱਚੋਂ 13 ਭਾਰਤੀ ਰਾਜਾਂ ਵਿੱਚ ਹੁਣ ਸਖ਼ਤ ਧਰਮ ਪਰਿਵਰਤਨ ਵਿਰੋਧੀ ਕਾਨੂੰਨ ਹਨ ਅਤੇ ਲਾਗੂ ਹਨ। ਉਸਨੇ ਅੱਗੇ ਕਿਹਾ ਇਨ੍ਹਾਂ ਕਾਨੂੰਨਾਂ ਵਿੱਚ ਹਿੰਦੂ ਧਰਮ ਤੋਂ ਕਿਸੇ ਹੋਰ ਧਰਮ ਵਿੱਚ ਧਾਰਮਿਕ ਪਰਿਵਰਤਨ ਦੀ ਸਹੂਲਤ ਦੇਣ ਜਾਂ ਕਰਵਾਉਣ ਵਾਲੇ ਮੰਨੇ ਜਾਣ ਵਾਲੇ ਲੋਕਾਂ ਲਈ ਸਖ਼ਤ ਸਜ਼ਾਵਾਂ - ਕੁਝ ਮਾਮਲਿਆਂ ਵਿੱਚ, ਉਮਰ ਕੈਦ ਵੀ ਸ਼ਾਮਲ ਹਨ। ਯੂਐਸਸੀਆਈਆਰਐਫ ਦੇ ਵਾਈਸ ਚੇਅਰਪਰਸਨ ਆਸਿਫ਼ ਮਹਿਮੂਦ ਨੇ ਆਪਣੇ ਲਿਖਤੀ ਨਿਰੀਖਣ ਵਿੱਚ, ਭਾਰਤ ਦੀਆਂ ਸਰਹੱਦਾਂ ਤੋਂ ਪਰੇ ਧਾਰਮਿਕ ਭਾਈਚਾਰਿਆਂ ਅਤੇ ਉਨ੍ਹਾਂ ਦੀਆਂ ਸੰਸਥਾਵਾਂ 'ਤੇ ਵਧ ਰਹੇ ਅੰਤਰਰਾਸ਼ਟਰੀ ਦਮਨ ਅਤੇ ਦਬਾਅ ਦੇ ਰੂਪ ਵਿੱਚ ਵਰਣਨ ਕੀਤੇ ਗਏ ਸ਼ਬਦਾਂ 'ਤੇ ਧਿਆਨ ਕੇਂਦਰਿਤ ਕੀਤਾ। ਉਨ੍ਹਾਂ ਕਿਹਾ ਕਿ "ਭਾਰਤ ਸਰਕਾਰ ਨੇ ਆਪਣੀਆਂ ਸਰਹੱਦਾਂ ਤੋਂ ਪਾਰ ਧਾਰਮਿਕ ਘੱਟ ਗਿਣਤੀਆਂ ਅਤੇ ਵਕੀਲਾਂ ਨੂੰ ਵੀ ਨਿਸ਼ਾਨਾ ਬਣਾਇਆ ਹੈ, ਅੰਤਰਰਾਸ਼ਟਰੀ ਦਮਨ ਦੀਆਂ ਕਾਰਵਾਈਆਂ ਰਾਹੀਂ," ਉਨ੍ਹਾਂ ਅੱਗੇ ਕਿਹਾ ਕਿ ਇਸ ਵਿੱਚ "ਵਕੀਲਾਂ ਦੀ ਨਿਗਰਾਨੀ ਅਤੇ ਨਿਗਰਾਨੀ, ਅਤੇ ਸਭ ਤੋਂ ਵੱਧ ਅੰਤ 'ਤੇ, ਉੱਤਰੀ ਅਮਰੀਕਾ ਵਿੱਚ ਮੁੱਖ ਤੌਰ 'ਤੇ ਸਿੱਖਾਂ ਦੇ ਕਤਲ ਦੇ ਯਤਨ" ਸ਼ਾਮਲ ਹਨ। ਅਮਰੀਕੀ ਪ੍ਰਤੀਨਿਧੀ ਕ੍ਰਿਸ ਸਮਿਥ ਨੇ ਆਪਣਾ ਦਖਲ ਭਾਰਤ ਦੇ ਵਿਦੇਸ਼ੀ ਯੋਗਦਾਨ ਨਿਯਮ ਐਕਟ (ਐਫਸੀਆਰਏ) ਅਤੇ ਸਿਵਲ ਸਮਾਜ ਲਈ ਇਸਦੇ ਪ੍ਰਭਾਵਾਂ 'ਤੇ ਕੇਂਦਰਿਤ ਕੀਤਾ। ਉਨ੍ਹਾਂ ਕਿਹਾ ਭਾਰਤ ਸਰਕਾਰ ਨੇ ਲੰਬੇ ਸਮੇਂ ਤੋਂ ਧਾਰਮਿਕ ਘੱਟ ਗਿਣਤੀਆਂ, ਖਾਸ ਕਰਕੇ ਈਸਾਈਆਂ, ਮੁਸਲਮਾਨਾਂ ਅਤੇ ਸਿੱਖਾਂ ਵਿਰੁੱਧ ਗੰਭੀਰ ਅਧਿਕਾਰਾਂ ਦੀ ਉਲੰਘਣਾ ਨੂੰ ਬਰਦਾਸ਼ਤ ਕੀਤਾ ਹੈ ਅਤੇ ਕਈ ਵਾਰ, ਉਨ੍ਹਾਂ ਨੂੰ ਸੁਵਿਧਾਜਨਕ ਬਣਾਇਆ ਹੈ। ਉਸਨੇ ਪ੍ਰਸਤਾਵਿਤ ਕਾਨੂੰਨੀ ਸੋਧਾਂ ਬਾਰੇ ਚੇਤਾਵਨੀ ਦਿੰਦੇ ਹੋਏ ਕਿਹਾ ਇਨ੍ਹਾਂ ਵਿੱਚੋਂ ਜ਼ਿਆਦਾਤਰ ਈਸਾਈ ਚਰਚ ਅਤੇ ਚੈਰੀਟੇਬਲ ਸੰਸਥਾਵਾਂ ਹਨ, ਜਿਵੇਂ ਕਿ ਹਸਪਤਾਲ ਅਤੇ ਸਕੂਲ। ਅਸਲ ਵਿੱਚ, ਜੇਕਰ ਐਫਸੀਆਰਏ ਵਿੱਚ ਸੋਧਾਂ ਲਾਗੂ ਕੀਤੀਆਂ ਜਾਂਦੀਆਂ ਹਨ, ਤਾਂ ਪੂਰੇ ਈਸਾਈ ਸੰਗਠਨਾਂ ਅਤੇ ਡਾਇਓਸਿਸ ਦੀ ਕੁੱਲ ਜਾਇਦਾਦ, ਨਾਲ ਹੀ ਸਿਹਤ-ਸੰਭਾਲ ਪ੍ਰਣਾਲੀਆਂ ਅਤੇ ਸਕੂਲਾਂ ਨੂੰ ਜਲਦੀ ਹੀ ਭਾਰਤ ਸਰਕਾਰ ਦੁਆਰਾ ਜ਼ਬਤ ਕਰਨ ਦੀ ਸੰਭਾਵਨਾ ਹੋ ਸਕਦੀ ਹੈ। ਕੈਲੀਫੋਰਨੀਆ ਯੂਨੀਵਰਸਿਟੀ, ਬਰਕਲੇ ਦੀ ਵਿਦਵਾਨ ਅੰਗਨਾ ਚੈਟਰਜੀ ਨੇ ਧਾਰਮਿਕ ਅਤੇ ਰਾਜਨੀਤਿਕ ਜੀਵਨ ਦੇ ਢਾਂਚਾਗਤ ਪਰਿਵਰਤਨ ਦਾ ਵਰਣਨ ਕੀਤਾ। ਉਸਨੇ ਕਿਹਾ ਇੱਕ ਤਾਨਾਸ਼ਾਹੀ ਸ਼ਾਸਨ ਦੇ ਅਧੀਨ, ਘੱਟ ਗਿਣਤੀ ਭਾਈਚਾਰਿਆਂ ਲਈ ਧਰਮ ਦੀ ਆਜ਼ਾਦੀ ਖ਼ਤਰੇ ਵਿੱਚ ਹੈ। ਉਸਨੇ ਲਿਖਿਆ ਧਰਮੀਕਰਨ ਦੇ ਇਸ ਹੜ੍ਹ ਨੇ 'ਬਹੁਗਿਣਤੀ' ਨੂੰ 'ਘੱਟ ਗਿਣਤੀ' ਦੇ ਵਿਰੁੱਧ, ਗੁਆਂਢੀ ਨੂੰ ਗੁਆਂਢੀ ਦੇ ਵਿਰੁੱਧ ਹੌਲੀ-ਹੌਲੀ ਧਰੁਵੀਕਰਨ ਕਰ ਦਿੱਤਾ ਹੈ, ਜਿਸ ਨਾਲ ਧਾਰਮਿਕ ਬਹੁਲਵਾਦ ਨੂੰ ਖ਼ਤਰਾ ਪੈਦਾ ਹੋ ਗਿਆ ਹੈ।" ਉਸਨੇ ਰਾਜ ਸ਼ਕਤੀ ਦੀ ਵਰਤੋਂ ਕਰਦੇ ਹੋਏ ਧਾਰਮਿਕ ਘੱਟ ਗਿਣਤੀ ਭਾਈਚਾਰਿਆਂ ਦੇ ਨਸਲੀ ਅਤੇ ਹਿੰਸਕ ਅਧੀਨਗੀ ਦਾ ਵੀ ਵਰਣਨ ਕੀਤਾ। ਜਾਰਜਟਾਊਨ ਯੂਨੀਵਰਸਿਟੀ ਲਾਅ ਸੈਂਟਰ ਦੇ ਪ੍ਰੋਫੈਸਰ ਅਰਜੁਨ ਸੇਠੀ ਨੇ ਡਾਇਸਪੋਰਾ ਕਾਰਕੁਨਾਂ ਨੂੰ ਨਿਸ਼ਾਨਾ ਬਣਾ ਰਹੇ ਕਥਿਤ ਅੰਤਰਰਾਸ਼ਟਰੀ ਦਮਨ 'ਤੇ ਧਿਆਨ ਕੇਂਦਰਿਤ ਕੀਤਾ। ਉਨ੍ਹਾਂ ਕਿਹਾ ਭਾਰਤੀ ਅਧਿਕਾਰੀ ਉੱਤਰੀ ਅਮਰੀਕਾ ਵਿੱਚ ਕਾਰਕੁਨਾਂ ਦੀ ਹੱਤਿਆ ਕਰ ਰਹੇ ਹਨ। ਉਨ੍ਹਾਂ ਨੇ 2023 ਵਿੱਚ ਸਿੱਖ ਆਗੂ ਹਰਦੀਪ ਸਿੰਘ ਨਿੱਝਰ ਦੇ ਕਤਲ ਦਾ ਹਵਾਲਾ ਦਿੰਦੇ ਹੋਏ ਕਿਹਾ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਬਾਅਦ ਵਿੱਚ ਦੁਨੀਆ ਨੂੰ ਦੱਸਿਆ ਕਿ ਭਾਰਤ ਸਰਕਾਰ ਨੇ ਇਸ ਕਤਲ ਨੂੰ ਅਧਿਕਾਰਤ ਕੀਤਾ ਸੀ ਅਤੇ ਉਹ 'ਗੁਪਤ ਜਾਣਕਾਰੀ ਇਕੱਠੀ ਕਰਨ ਦੀਆਂ ਤਕਨੀਕਾਂ, ਦੱਖਣੀ ਏਸ਼ੀਆਈ ਕੈਨੇਡੀਅਨਾਂ ਨੂੰ ਨਿਸ਼ਾਨਾ ਬਣਾਉਣ ਵਾਲੇ ਜ਼ਬਰਦਸਤੀ ਵਿਵਹਾਰ, ਅਤੇ ਕਤਲ ਸਮੇਤ ਇੱਕ ਦਰਜਨ ਤੋਂ ਵੱਧ ਧਮਕੀ ਭਰੇ ਅਤੇ ਹਿੰਸਕ ਕੰਮਾਂ ਵਿੱਚ ਸ਼ਾਮਲ ਸਨ। ਉਸਨੇ ਸਿੱਖ ਅਮਰੀਕੀ ਕਾਰਕੁਨ ਗੁਰਪਤਵੰਤ ਸਿੰਘ ਪੰਨੂ ਵਿਰੁੱਧ ਇੱਕ ਕਥਿਤ ਸਾਜ਼ਿਸ਼ ਦਾ ਵੀ ਹਵਾਲਾ ਦਿੱਤਾ, ਇਹ ਕਹਿੰਦੇ ਹੋਏ: ਇੱਕੋ ਸਮੇਂ, ਭਾਰਤ ਸਰਕਾਰ ਬਰੁਕਲਿਨ, ਨਿਊਯਾਰਕ ਵਿੱਚ ਇੱਕ ਸਿੱਖ ਅਮਰੀਕੀ ਨਾਗਰਿਕ ਗੁਰਪਤਵੰਤ ਸਿੰਘ ਪੰਨੂ ਨੂੰ ਕਤਲ ਕਰਨ ਦੀ ਸਾਜ਼ਿਸ਼ ਰਚ ਰਹੀ ਸੀ।

### ਖ਼ਾਲਸਾ ਕਾਲਜੀਏਟ ਸਕੂਲ ਮਹਿਤਾ ਦੇ ਵਿਦਿਆਰਥੀਆਂ ਨੇ

# 10ਵੀਂ ਦੇ ਨਤੀਜਿਆਂ ਵਿੱਚ ਮਾਰੀਆਂ ਮੱਲਾਂ



**ਚੌਕ ਮਹਿਤਾ, 12 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜੀਏਟ ਸਕੂਲ ਮਹਿਤਾ ਦੇ ਵਿਦਿਆਰਥੀਆਂ ਦਾ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ 10ਵੀਂ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਰਿਹਾ । ਜਿਸ ਵਿੱਚ ਗੁਰਲੀਨ ਕੌਰ, ਸਿਮਰਨਜੀਤ ਕੌਰ ਤੇ ਅਕਾਸ਼ਦੀਪ ਸਿੰਘ , ਅਨਮੋਲਪ੍ਰੀਤ ਕੌਰ ਨੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਸਰਾ ਸਥਾਨ ਹਾਸਿਲ ਕੀਤਾ ।ਸਕੂਲ ਦੇ ਸਾਰੇ ਵਿਦਿਆਰਥੀਆਂ ਨੇ ਵਧੀਆ ਅੰਕ ਪ੍ਰਾਪਤ ਕਰਕੇ ਮਾਪਿਆ ਤੇ ਸਕੂਲ ਦਾ ਨਾਮ ਰੌਸ਼ਨ ਕੀਤਾ। ਇਸ ਮੌਕੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਨੂੰ ਦਿਲੋਂ ਵਧਾਈ ਦਿੰਦਿਆਂ ਕਿਹਾ ਕਿ ਇਹ ਨਤੀਜੇ ਵਿਦਿਆਰਥੀਆਂ ਦੀ ਕਠਿਨ ਮਿਹਨਤ, ਅਨੁਸ਼ਾਸਨ ਅਤੇ ਅਧਿਆਪਕਾਂ ਦੀ ਯੋਗ ਰਹਿਨੁਮਾਈ ਦਾ ਨਤੀਜਾ ਹਨ। ਉਨ੍ਹਾਂ ਨੇ ਕਿਹਾ ਕਿ ਸਕੂਲ ਹਮੇਸ਼ਾਂ ਵਿਦਿਆਰਥੀਆਂ ਨੂੰ ਗੁਣਵੱਤਾ ਭਰਪੂਰ ਸਿੱਖਿਆ ਦੇਣ ਲਈ ਵਚਨਬੱਧ ਹੈ। ਉਨ੍ਹਾਂ ਅੱਗੇ ਕਿਹਾ ਕਿ ਅੱਜ ਦੇ ਮੁਕਾਬਲੇ ਦੇ ਯੁੱਗ ਵਿੱਚ ਸਫਲਤਾ ਹਾਸਲ ਕਰਨ ਲਈ ਲਗਾਤਾਰ ਮਿਹਨਤ ਅਤੇ ਸਕਾਰਾਤਮਕ ਸੋਚ ਬਹੁਤ ਜ਼ਰੂਰੀ ਹੈ। ਸਕੂਲ ਦੇ ਅਧਿਆਪਕਾਂ ਵੱਲੋਂ ਵੀ ਵਿਦਿਆਰਥੀਆਂ ਦੀ ਇਸ ਉਪਲਬਧੀ 'ਤੇ ਖ਼ੁਸ਼ੀ ਪ੍ਰਗਟਾਈ ਗਈ। ਇਸ ਮੌਕੇ 'ਤੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਜਤਿੰਦਰ ਸ਼ਰਮਾ, ਸੁਖਦੇਵ ਸਿੰਘ , ਸੁਖਜੀਤ ਸਿੰਘ , ਕੁਲਦੀਪ ਕੌਰ ਅਤੇ ਸਮੂਹ ਸਟਾਫ ਨੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ।

**ਵਿਦਿਆਰਥੀਆਂ ਨੇ ਵਧੀਆ ਅੰਕ ਪ੍ਰਾਪਤ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਮ ਕੀਤਾ ਰੌਸ਼ਨ - ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਜਲਾਲ**

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# 13ਵਾਂ ਸਲਾਨਾ ਨੈਸ਼ਨਲ ਸਿੱਖ ਯੂਥ ਸ਼ਹੀਦੀ ਫੁੱਟਬਾਲ ਟੂਰਨਾਮੈਂਟ ਵਿਲੇਨਹਾਲ ਵਿੱਚ ਮੁੜ ਹੋਵੇਗਾ ਆਯੋਜਿਤ: ਦੀਪਾ ਸਿੰਘ




ਨਵੀਂ ਦਿੱਲੀ 12 ਮਈ (ਮਨਪ੍ਰੀਤ ਸਿੰਘ ਖਾਲਸਾ):- 13ਵਾਂ ਸਲਾਨਾ ਨੈਸ਼ਨਲ ਸ਼ਹੀਦੀ ਫੁੱਟਬਾਲ ਟੂਰਨਾਮੈਂਟ ਸ਼ਨੀਵਾਰ 13 ਜੂਨ ਨੂੰ ਵਿਲੇਨਹਾਲ, ਯੂਕੇ ਵਿੱਚ ਆਯੋਜਿਤ ਕੀਤਾ ਜਾ ਰਿਹਾ ਹੈ, ਜੋ ਦੁਨੀਆ ਭਰ ਤੋਂ ਸਿੱਖ ਨੌਜਵਾਨਾਂ ਅਤੇ ਸੰਗਤਾਂ ਨੂੰ ਖੇਡ, ਏਕਤਾ ਅਤੇ ਯਾਦਗਾਰੀ ਦੇ ਇਕ ਸ਼ਕਤੀਸ਼ਾਲੀ ਦਿਨ ਲਈ ਇਕੱਠਾ ਕਰੇਗਾ। ਸਿੱਖ ਯੂਥ ਯੂਕੇ ਦੇ ਮੁੱਖੀ ਭਾਈ ਦੀਪਾ ਸਿੰਘ ਨੇ ਦਸਿਆ ਕਿ ਇਸ ਸਾਲ ਦੇ ਟੂਰਨਾਮੈਂਟ ਵਿੱਚ 17 ਮੁਕਾਬਲਾਤੀ ਸ਼੍ਰੇਣੀਆਂ ਹੋਣਗੀਆਂ, ਜਿਨ੍ਹਾਂ ਵਿੱਚ ਹਰ ਉਮਰ ਅਤੇ ਯੋਗਤਾ ਦੇ ਖਿਡਾਰੀਆਂ ਦਾ ਸਵਾਗਤ ਕੀਤਾ ਜਾਵੇਗਾ। ਪਿਛਲੇ ਸਾਲ ਦੇ ਰਿਕਾਰਡ ਤੋੜ ਸਮਾਗਮ, ਜਿਸ ਵਿੱਚ 200 ਤੋਂ ਵੱਧ ਟੀਮਾਂ ਨੇ ਭਾਗ ਲਿਆ ਸੀ, ਤੋਂ ਬਾਅਦ 2026 ਦਾ ਟੂਰਨਾਮੈਂਟ ਹੋਰ ਵੀ ਵੱਡੇ ਪੱਧਰ 'ਤੇ ਹੋਣ ਦੀ ਉਮੀਦ ਹੈ। ਵਿਸ਼ਵ ਭਰ ਤੋਂ ਆਉਣ ਵਾਲੀਆਂ ਅੰਤਰਰਾਸ਼ਟਰੀ ਟੀਮਾਂ ਇਸ ਸਮਾਗਮ ਨੂੰ ਇੱਕ ਸੱਚਮੁੱਚ ਵਿਸ਼ਵ ਪੱਧਰੀ ਟੂਰਨਾਮੈਂਟ ਬਣਾਉਂਦੀਆਂ ਹਨ। ਉਨ੍ਹਾਂ ਦਸਿਆ ਇਹ ਟੂਰਨਾਮੈਂਟ ਸਿਰਫ਼ ਇੱਕ ਖੇਡ ਸਮਾਗਮ ਨਹੀਂ, ਸਗੋਂ 1984 ਦੀਆਂ ਘਟਨਾਵਾਂ ਨੂੰ ਯਾਦ ਕਰਨ ਅਤੇ ਸਰਬੱਤ ਖਾਲਸਾ ਘੋਸ਼ਣਾ ਦੇ 40 ਸਾਲ ਪੂਰੇ ਹੋਣ ਦੇ ਮੌਕੇ ਨੂੰ ਚਿੰਨ੍ਹਤ ਕਰਨ ਲਈ ਇੱਕ ਮਹੱਤਵਪੂਰਨ ਮੰਚ ਵੀ ਹੈ। ਇਹ ਸਿੱਖ ਕੌਮ ਲਈ ਚਿੰਤਨ, ਏਕਤਾ ਅਤੇ ਸਾਂਝੀ ਯਾਦਗਾਰੀ ਦਾ ਵਿਸ਼ੇਸ਼ ਮੌਕਾ ਪ੍ਰਦਾਨ ਕਰਦਾ ਹੈ। ਉਨ੍ਹਾਂ ਕਿਹਾ ਟੂਰਨਾਮੈਂਟ ਫੁੱਟਬਾਲ ਦੇ ਸਕਾਰਾਤਮਕ ਪ੍ਰਭਾਵ ਨੂੰ ਵੀ ਦਰਸਾਉਂਦਾ ਹੈ, ਜੋ ਲੋਕਾਂ ਨੂੰ ਇਕੱਠਾ ਕਰਨ ਅਤੇ ਇੱਕ ਸੁਰੱਖਿਅਤ, ਸਮਾਨ ਅਤੇ ਸ਼ਾਮਿਲਕਾਰੀ ਮਾਹੌਲ ਤਿਆਰ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਇਸ ਵਿੱਚ ਨਾ ਕੇਵਲ ਖਿਡਾਰੀਆਂ ਵਜੋਂ, ਸਗੋਂ ਆਯੋਜਕਾਂ, ਸੇਵਾਦਾਰਾਂ ਅਤੇ ਪ੍ਰਬੰਧਕੀ ਭੂਮਿਕਾਵਾਂ ਵਿੱਚ ਵੀ ਪੁਰਸ਼ਾਂ ਅਤੇ ਮਹਿਲਾਵਾਂ ਦੋਵਾਂ ਦੀ ਸਮਾਨ ਭਾਗੀਦਾਰੀ ਹੈ । ਆਯੋਜਕਾਂ ਵੱਲੋਂ ਸਮਰਪਿਤ ਸੇਵਾਦਾਰਾਂ, ਗੁਰਦੁਆਰਾ ਕਮੇਟੀਆਂ ਅਤੇ ਨੌਜਵਾਨ ਜਥੇਬੰਦੀਆਂ ਦਾ ਦਿਲੋਂ ਧੰਨਵਾਦ ਕੀਤਾ ਗਿਆ ਹੈ, ਜਿਨ੍ਹਾਂ ਦੇ ਲਗਾਤਾਰ ਸਹਿਯੋਗ ਅਤੇ ਮਿਲਵਰਤਣ ਨਾਲ ਇਹ ਟੂਰਨਾਮੈਂਟ ਹਰ ਸਾਲ ਸੰਭਵ ਬਣਦਾ ਹੈ। ਉਨ੍ਹਾਂ ਦੀ ਸੇਵਾ ਅਤੇ ਵਚਨਬੱਧਤਾ ਕੌਮ ਦੀ ਤਾਕਤ, ਏਕਤਾ ਅਤੇ ਚੜ੍ਹਦੀ ਕਲਾ ਨੂੰ ਦਰਸਾਉਂਦੀ ਹੈ। ਭਾਗੀਦਾਰਾਂ, ਸਮਰਥਕਾਂ ਅਤੇ ਸੰਗਤਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਇਸ ਤਾਰੀਖ ਨੂੰ ਆਪਣੇ ਕੈਲੰਡਰ ਵਿੱਚ ਦਰਜ ਕਰਨ ਅਤੇ ਇਸ ਮਹੱਤਵਪੂਰਨ ਮੌਕੇ ਦਾ ਹਿੱਸਾ ਬਣਨ। ਉਨ੍ਹਾਂ ਦਸਿਆ ਰਜਿਸਟ੍ਰੇਸ਼ਨ ਸੰਬੰਧੀ ਜਾਣਕਾਰੀ ਅਧਿਕਾਰਕ ਇਵੈਂਟ ਪੋਸਟਰ 'ਤੇ ਉਪਲਬਧ ਹੈ। ਉਨ੍ਹਾਂ ਕਿਹਾ ਇਹ ਸਿਰਫ਼ ਇੱਕ ਟੂਰਨਾਮੈਂਟ ਨਹੀਂ ਇਹ ਪਛਾਣ, ਹੌਸਲੇ ਅਤੇ ਏਕਤਾ ਦਾ ਜਸ਼ਨ ਹੈ। ਸਭ ਨੂੰ ਅਪੀਲ ਹੈ ਕਿ ਇਸ ਪ੍ਰੇਰਣਾਦਾਇਕ ਕੌਮੀ ਸਮਾਗਮ ਵਿੱਚ ਸ਼ਾਮਲ ਹੋਣ, ਭਾਗ ਲੈਣ ਅਤੇ ਆਪਣਾ ਸਮਰਥਨ ਦੇਣ। ਵਧੇਰੇ ਜਾਣਕਾਰੀ ਲਈ ਅਧਿਕਾਰਕ ਪੋਸਟਰ ਵੇਖੋ ਜਾਂ ਆਯੋਜਕ ਟੀਮ ਸਿੱਖ ਯੂਥ ਯੂਕੇ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

# ਪੀ.ਏ.ਯੂ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਬਠਿੰਡਾ ਵੱਲੋਂ ਪਿੰਡ ਬਹਿਮਨ ਕੌਰ ਸਿੰਘ ਵਾਲਾ ਵਿਖੇ ਇੱਕ ਰੋਜਾ ਸਿਖਲਾਈ ਕੈਂਪ ਆਯੋਜਿਤ



**ਤਲਵੰਡੀ ਸਾਬੋ, 12 ਮਈ (ਗੁਰਜੰਟ ਸਿੰਘ ਨਥੇਹਾ)**- ਪੀ.ਏ.ਯੂ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਬਠਿੰਡਾ ਵੱਲੋਂ ਬਲਾਕ ਤਲਵੰਡੀ ਸਾਬੋ ਦੇ ਪਿੰਡ ਬਹਿਮਣ ਕੌਰ ਸਿੰਘ ਵਾਲਾ ਵਿਖੇ ਦਾਲਾਂ ਦੀ ਸਾਂਭ-ਸੰਭਾਲ ਅਤੇ ਮੁੱਲ ਵਧਾਊ ਉਤਪਾਦ ਤਿਆਰ ਕਰਨ ਸੰਬੰਧੀ ਇੱਕ ਰੋਜਾ ਸਿਖਲਾਈ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਡਾ. ਰਮਨਦੀਪ ਕੌਰ, ਸਹਾਇਕ ਪ੍ਰੋਫੈਸਰ ਪ੍ਰੋਸੈਸਿੰਗ ਅਤੇ ਫੂਡ ਇੰਜੀਨੀਅਰਿੰਗ ਨੇ ਮੌਜੂਦਾ ਖੇਤੀਬਾੜੀ ਪ੍ਰਸੰਗ ਵਿੱਚ ਫੂਡ ਪ੍ਰੋਸੈਸਿੰਗ, ਵੈਲਿਊ ਐਡੀਸ਼ਨ, ਸਫਾਈਪੂਰਵਕ ਸੰਭਾਲ ਅਤੇ ਖੇਤੀ ਆਧਾਰਤਿ ਉਦਯੋਗਾਂ ਦੇ ਮਹੱਤਵ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਕਿਸਾਨਾਂ ਅਤੇ ਪਿੰਡ ਦੀਆਂ ਔਰਤਾਂ ਨੂੰ ਆਮਦਨ ਵਿੱਚ ਵਾਧਾ ਕਰਨ ਅਤੇ ਫ਼ਸਲ ਕੱਟਣ ਤੋਂ ਬਾਅਦ ਹੋਣ ਵਾਲੇ ਨੁਕਸਾਨ ਨੂੰ ਘਟਾਉਣ ਲਈ ਪ੍ਰੋਸੈਸਿੰਗ ਆਧਾਰਿਤ ਰੋਜ਼ਗਾਰ ਅਪਣਾਉਣ ਲਈ ਪ੍ਰੇਰਿਤ ਕੀਤਾ। ਕੈਂਪ ਦੌਰਾਨ ਕਿਸਾਨਾਂ ਨੂੰ ਘੱਟ ਸਮੇਂ ਵਿੱਚ ਤਿਆਰ ਹੋਣ ਵਾਲੀਆਂ ਝੋਨੇ ਦੀਆਂ ਕਿਸਮਾਂ ਬਾਰੇ ਜਾਣਕਾਰੀ ਦਿੱਤੀ ਗਈ ਤਾਂ ਜੋ ਪਾਣੀ ਦੀ ਬੱਚਤ ਹੋ ਸਕੇ ਅਤੇ ਅਗਲੀ ਫ਼ਸਲ ਦੀ ਸਮੇਂ-ਸਿਰ ਬਿਜਾਈ ਕੀਤੀ ਜਾ ਸਕੇ। ਇਸ ਮੌਕੇ ਕਿਸਾਨਾਂ ਨੂੰ ਖੇਤੀਬਾੜੀ ਸਬੰਧੀ ਸਿਫਾਰਸ਼ੀ ਸਾਹਿਤ ਵੀ ਵੰਡਿਆ ਗਿਆ। ਇਸ ਦੌਰਾਨ ਡਾ. ਪ੍ਰਭਜੋਤ ਕੌਰ, ਹਾਰਟੀਕਲਚਰ ਡਿਵੈਲਪਮੈਂਟ ਅਫਸਰ, ਬਾਗਬਾਨੀ ਵਿਭਾਗ, ਬਠਿੰਡਾ ਨੇ ਜ਼ਮੀਨ ਹੇਠਲੇ ਖਰਾਬ ਪਾਣੀ ਨੂੰ ਧਿਆਨ ਵਿੱਚ ਰੱਖਦੇ ਹੋਏ ਕਿਸਾਨਾਂ ਨੂੰ ਡੱਗਾਂ ਅਤੇ ਡ੍ਰਿਪ ਸਿੰਚਾਈ ਪ੍ਰਣਾਲੀ ਅਪਣਾਉਣ ਲਈ ਪ੍ਰੇਰਤਿ ਕੀਤਾ। ਇਸ ਮੌਕੇ ਅਗਾਂਹਵਧੂ ਕਿਸਾਨ ਸ. ਸੁਖਜੀਤ ਸਿੰਘ ਨੇ ਛੋਲਿਆਂ ਦੀ ਖੇਤੀ ਅਤੇ ਸਿੱਧੀ ਵਿਕਰੀ ਬਾਰੇ ਆਪਣੇ ਤਜਰਬੇ ਸਾਂਝੇ ਕੀਤੇ। ਉਨ੍ਹਾਂ ਦੱਸਿਆ ਕਿ ਸਿੱਧੀ ਵਿਕਰੀ ਰਾਹੀਂ ਉਤਪਾਦਕ ਅਤੇ ਖਪਤਕਾਰ ਦੋਵਾਂ ਨੂੰ ਚੰਗਾ ਮੁਨਾਫ਼ਾ ਪ੍ਰਾਪਤ ਹੁੰਦਾ ਹੈ।

### ਸ਼੍ਰੋਮਣੀ ਅਕਾਲੀ ਦਲ ਨੇ ਧੂਰੀ ਦੇ 21 ਵਾਰਡਾਂ ਵਿੱਚ

# ਆਪਣੇ ਉਮੀਦਵਾਰ ਖੜੇ ਕੀਤੇ: ਰਣਜੀਤ ਸਿੰਘ ਰੰਧਾਵਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਦੀ ਅਗਵਾਈ ਹੇਠ ਧੂਰੀ ਦੀਆਂ ਮਿਉਸਪਲ ਕਮੇਟੀ ਦੀਆਂ ਹੋ ਰਹੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰਾਂ ਦਾ ਐਲਾਨ ਕੀਤਾ ਗਿਆ। ਜਿਸ ਵਿੱਚ ਵਾਰਡ ਨੰਬਰ 1 ਤੋਂ ਚਰਨਜੀਤ ਕੌਰ ਪਤਨੀ ਫੌਜੀ ਰਾਮ ਸਿੰਘ, ਵਾਰਡ ਨੰਬਰ 2 ਤੋਂ ਅਵਤਾਰ ਸਿੰਘ ਰਾਜੂ, ਵਾਰਡ ਨੰਬਰ 4 ਤੋਂ ਸਮਾਜ ਸੇਵੀ ਸੇਵਕ ਧੂਰੀ, ਵਾਰਡ ਨੰਬਰ 13 ਤੋਂ ਸੁਮਿਤਾ ਰਾਣੀ, ਵਾਰਡ ਨੰਬਰ 19 ਤੋਂ ਗੁਰਪ੍ਰੀਤ ਕੌਰ ਆਦਿ ਉਮੀਦਵਾਰਾਂ ਦਾ ਐਲਾਨ ਸ੍ਰੋਮਣੀ ਅਕਾਲੀ ਦਲ ਦੇ ਸਹਿਰ ਵਾਲੇ ਦਫ਼ਤਰ ਵਿੱਚ ਕੀਤਾ ਗਿਆ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਧੂਰੀ ਦੇ 21 ਵਾਰਡਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਨਿਸ਼ਾਨ ਤੇ ਚੋਣ ਲੜ ਕੇ ਵੱਡੇ ਮਾਰਜਨ ਨਾਲ ਜਿੱਤ ਕੇ ਮਿਉਸਪਲ ਕਮੇਟੀ ਦੇ ਵਿੱਚ ਆਪਣਾ ਪ੍ਰਧਾਨ ਬਣਾਏਗਾ ਅਤੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਹੱਥ ਮਜਬੂਤ ਕਰਨਗੇ। ਇਸ ਮੌਕੇ ਸਹਿਰੀ ਪ੍ਰਧਾਨ ਸੰਜੀਵ ਕੁਮਾਰ ਪਿੰਟਾ, ਜਸਦੇਵ ਸਿੰਘ ਜੱਸਾ, ਅਵਤਾਰ ਸਿੰਘ ਕਾਂਝਲਾ, ਪ੍ਰਦੀਪ ਗਰਗ, ਪੱਪੂ ਧੂਰੀ, ਰਵੀ ਪਰੋਚਾ, ਜਗਰੂਪ ਸਿੰਘ, ਹਰਪਾਲ ਸਿੰਘ ਧੂਰਾ, ਹਰਨੇਕ ਸਿੰਘ ਦੀਵਾਨਾ, ਸਰਬਨ ਸਿੰਘ ਮੱਲੂਮਾਜਰਾ ਹਾਜਰ ਸਨ।

### ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਸੀਨੀਅਰ ਸੈਕੰਡਰੀ ਸਕੂਲ ਚੂੰਗ

# ਦਸਵੀਂ ਕਲਾਸ ਦਾ ਨਤੀਜਾ ਰਿਹਾ ਸ਼ਾਨਦਾਰ : ਡਾਇਰੈਕਟਰ ਤੇਜਬੀਰ ਸਿੰਘ ਸੋਹਲ



**ਚੌਕ ਮਹਿਤਾ, 12 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਇਲਾਕੇ ਦੀਆਂ ਨਾਮਵਰ ਮਸ਼ਹੂਰ ਵਿਦਿਅਕ ਸੰਸਥਾਵਾਂ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸੀਨੀਅਰ ਸੈਕੰਡਰੀ ਸਕੂਲ, ਚੂੰਗ ਦੇ ਵਿਦਿਆਰਥੀਆਂ ਦਾ ਦਸਵੀਂ ਕਲਾਸ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ। ਸਾਰੇ ਹੀ ਵਿਦਿਆਰਥੀ ਬਹੁਤ ਹੀ ਵਧੀਆ ਨੰਬਰਾਂ ਦੇ ਨਾਲ ਪਾਸ ਹੋਏ। ਹਰਮੀਤ ਕੌਰ ਨੇ 93.69% ਨੰਬਰ ਲੈ ਕੇ ਪਹਿਲਾ ਸਥਾਨ ਹਾਸਿਲ ਕੀਤਾ, ਅਰਮਾਨ ਬੱਤਰਾ ਨੇ 93.5% ਨੰਬਰ ਲੈ ਕੇ ਦੂਸਰਾ ਸਥਾਨ ਹਾਸਿਲ ਕੀਤਾ ਅਤੇ ਐਸ਼ਪ੍ਰੀਤ ਕੌਰ ਨੇ 92.1% ਨੰਬਰ ਲੈ ਕੇ ਤੀਸਰਾ ਸਥਾਨ ਹਾਸਲ ਕੀਤਾ। ਇਹਨਾਂ ਤੋਂ ਇਲਾਵਾ ਕੁਮਾਰੀ ਮਹਿਮਾਂ 92.61%, ਕੋਮਲਦੀਪ ਕੌਰ 91.69%, ਹਰਸਿਮਰਨ ਕੌਰ 91.38%, ਸੁਖਮਨਪ੍ਰੀਤ ਕੌਰ 91.7%, ਜਸਲੀਨ ਕੌਰ ਨੇ 90.46% ਅਤੇ ਜਸ਼ਨਪ੍ਰੀਤ ਕੌਰ ਨੇ 90.15% ਨੰਬਰ ਹਾਸਿਲ ਕੀਤੇ। ਬਾਕੀ ਸਾਰੇ ਹੀ ਵਿਦਿਆਰਥੀ 80% ਤੋਂ ਜਿਆਦਾ ਨੰਬਰ ਲੈ ਕੇ ਪਾਸ ਹੋਏ। ਸਕੂਲ ਦੇ ਚੇਅਰਮੈਨ ਰਘਬੀਰ ਸਿੰਘ ਸੋਹਲ ਨੇ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਾਇਆ ਅਤੇ ਉਹਨਾਂ ਨੂੰ ਟਰਾਫੀਆਂ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਸਕੂਲ ਦੇ ਡਾਇਰੈਕਟਰ ਤੇਜਬੀਰ ਸਿੰਘ ਸੋਹਲ, ਪ੍ਰਿੰਸੀਪਲ ਮਨਤੇਸ਼ ਕੁਮਾਰ, ਡਾਰੈਕਟਰ ਜਸਪ੍ਰੀਤ ਕੌਰ ਸੋਹਲ, ਹਰਪ੍ਰੀਤ ਕੌਰ, ਨਵਨੀਤ ਕੌਰ ਸਮੂਹ ਵਿਦਿਆਰਥੀ ਅਤੇ ਅਧਿਆਪਕ ਹਾਜ਼ਰ ਸਨ।

# ਮੋਨਟੈਂਸਰੀ ਖਾਲਸਾ ਅਕੈਡਮੀ ਅਰਜਨ ਮਾਂਗਾ ਦਾ ਨਤੀਜਾ ਰਿਹਾ ਸ਼ਾਨਦਾਰ

**ਚੌਕ ਮਹਿਤਾ,12 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਨਿਰੋਲ ਪੇਂਡੂ ਖੇਤਰ ਵਿੱਚ ਚੱਲ ਰਹੀ ਮੋਨਟੈਂਸਰੀ ਖਾਲਸਾ ਅਕੈਡਮੀ (ਸੀਨੀਅਰ ਸੈਕੰਡਰੀ )ਅਰਜਨ ਮਾਂਗਾ ਅੰਮ੍ਰਿਤਸਰ ਦਾ ਦਸਵੀਂ ਕਲਾਸ ਦਾ ਨਤੀਜਾ ਸ਼ਾਨਦਾਰ ਰਿਹਾ ਸੰਸਥਾ ਦੇ ਹੋਣਹਾਰ ਵਿਦਿਆਰਥੀ ਜੈਸਮੀਨ ਕੌਰ 90 ਫੀਸਦੀ, ਅਨੂਪ੍ਰੀਤ ਕੌਰ 89 ਫੀਸਦੀ, ਜੀਨਤ ਗਿੱਲ 88 ਫੀਸਦੀ ਹਰਸਿਮਰਨ ਕੌਰ, ਜੈਸਮੀਨ ਕੌਰ ਕੌਰ,ਅਤੇ ਪਰਮਿੰਦਰ ਕੌਰ ਨੇ 85 ਫੀਸਦੀ ਅੰਕ ਪ੍ਰਾਪਤ ਕਰਕੇ ਸੰਸਥਾਂ ਵਿੱਚੋਂ ਪਹਿਲੀਆਂ ਪੁਜੀਸ਼ਨਾਂ ਹਾਸਲ ਕੀਤੀਆਂ ਜਦ ਕਿ ਬਾਕੀ ਸਭ ਨੇ ਫਸਟ ਡਵੀਜ਼ਨ ਵਿੱਚ ਪਾਸ ਹੋਕੇ ਆਪਣੇ ਮਾਪਿਆਂ ਅਤੇ ਅਧਿਆਪਕਾਂ ਦਾ ਨਾਮ ਰੌਸ਼ਨ ਕੀਤਾ ਇਸ ਮੌਕੇ ਪ੍ਰਿੰਸੀਪਲ ਗੁਰਮੁੱਖ ਸਿੰਘ ਅਤੇ ਡਾਇਰੈਕਟਰ ਨਿਸ਼ਾਨ ਸਿੰਘ ਨੇ ਵਿਦਿਆਰਥੀਆਂ ਨੂੰ ਸਨਮਾਨਿਤ ਕਰਦੇ ਹੋਏ ਵਧਾਈ ਦਿੱਤੀ ਅਤੇ ਜ਼ਿੰਦਗੀ ਵਿੱਚ ਮਿਹਨਤ ਲਗਨ ਅਤੇ ਹਿੰਮਤ ਨਾਲ ਅੱਗੇ ਵਧਣ ਦੀ ਪ੍ਰੇਰਣਾ ਦਿੱਤੀ।



# ਸ੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ ਵੈਰੋਨੰਗਲ ਦਾ ਦਸਵੀਂ ਜਮਾਤ ਦਾ ਨਤੀਜਾ 100% ਰਿਹਾ, ਡਾਇਰੈਕਟਰ ਸ਼੍ਰ ਨਰਿੰਦਰ ਸਿੰਘ ਬਾਠ



ਇਲਾਕੇ ਦੀ ਨਾਮਵਰ ਵਿਦਿਅਕ ਅਦਾਰਾ ਸ੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ ਵੈਰੋਨੰਗਲ ਦਾ ਨਤੀਜਾ ਰਿਹਾ 100% ਇਸ ਮੌਕੇ ਤੇ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਸਕੂਲ ਵਿੱਚ ਅਨਮੋਲਪ੍ਰੀਤ ਕੌਰ ਨੇ 93% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਦਮਨਪ੍ਰੀਤ ਨੇ ਦੂਜਾ ਸਥਾਨ ਪ੍ਰਾਪਤ ਕੀਤਾ, ਜਦਕਿ ਮੁਸਕਾਨਪ੍ਰੀਤ ਕੌਰ ਅਤੇ ਮੁਸਕਾਨਪ੍ਰੀਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਸਕੂਲ ਦੇ ਡਾਇਰੈਕਟਰ ਸ਼੍ ਨਰਿੰਦਰ ਸਿੰਘ ਬਾਠ ਚੇਅਰਮੈਨ ਸ੍ਰੀ ਮਤੀ ਰਾਜਵੰਤ ਕੌਰ ਬਾਠ ਅਤੇ ਪ੍ਰਿੰਸੀਪਲ ਮੈਡਮ ਸਾਕਸੀ ਬੇਦੀ ਨੇ ਸਾਰੇ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਕਿਹਾ ਕਿ ਵਿਦਿਆਰਥੀਆਂ ਦੀ ਮਿਹਨਤ ਅਤੇ ਅਧਿਆਪਕਾਂ ਦੀ ਲਗਨ ਨਾਲ ਇਹ ਸ਼ਾਨਦਾਰ ਨਤੀਜਾ ਸੰਭਵ ਹੋਇਆ।

# ਪੰਜਾਬ ਵਿੱਚ ਪੰਜਾਬੀ ਦੀ ਅਣਦੇਖੀ ਬਰਦਾਸ਼ਤ ਨਹੀਂ : ਪ੍ਰੋ. ਸਰਚਾਂਦ ਸਿੰਘ ਖਿਆਲਾ

**☛ ਪੰਜਾਬੀ ਗੁਰੂਆਂ, ਸ਼ਹੀਦਾਂ ਅਤੇ ਪੰਜਾਬ ਦੀ ਰੂਹ ਦੀ ਭਾਸ਼ਾ – ਆਰਮੀ ਪਬਲਿਕ ਸਕੂਲਾਂ ਵਿੱਚ ਪੰਜਾਬੀ ਨੂੰ ਹਾਸ਼ੀਏ ’ਤੇ ਧੱਕਣਾ ਚਿੰਤਾਜਨਕ। ☛ ਪੰਜਾਬ ’ਚ ਪੰਜਾਬੀ ਦੀ ਅਣਦੇਖੀ ਨਵੀਂ ਸਿੱਖਿਆ ਨੀਤੀ ਦੇ ਉਲਟ, ਹਰ ਸਕੂਲ ਵਿੱਚ ਪੰਜਾਬੀ ਲਾਜ਼ਮੀ ਬਣਾਈ ਰੱਖਣ ਦੀ ਜ਼ਿੰਮੇਵਾਰੀ ਰਾਜ ਸਰਕਾਰ ਦੀ । ☛ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਨਾਲ ਚਟਾਨ ਵਾਂਗ ਖੜੀ ਹੈ ਭਾਜਪਾ। ਸੰਸਕ੍ਰਿਤ ਦਾ ਸਤਿਕਾਰ, ਪਰ ਪੰਜਾਬੀ ਦੀ ਕੀਮਤ ’ਤੇ ਨਹੀਂ।**

**ਅੰਮ੍ਰਿਤਸਰ, 12 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਪੰਜਾਬ ਦੇ ਸੀਬੀਐਸਈ ਨਾਲ ਸੰਬੰਧਿਤ ਆਰਮੀ ਪਬਲਿਕ ਸਕੂਲਾਂ ਵਿੱਚ ਪੰਜਾਬੀ ਭਾਸ਼ਾ ਦੀ ਅਣਦੇਖੀ ਨੂੰ ਗੰਭੀਰ ਚਿੰਤਾ ਦਾ ਵਿਸ਼ਾ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸੀਬੀਐਸਈ ਅਤੇ ਸੰਬੰਧਿਤ ਅਥਾਰਟੀਆਂ ਨੂੰ ਪੰਜਾਬ ਦੀ ਭਾਸ਼ਾਈ ਸੰਵੇਦਨਸ਼ੀਲਤਾ ਅਤੇ ਸੰਵਿਧਾਨਕ ਹਕੀਕਤ ਦਾ ਪੂਰਾ ਸਤਿਕਾਰ ਕਰਨਾ ਚਾਹੀਦਾ ਹੈ।



ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਹਰ ਸਕੂਲ ਵਿੱਚ ਪੰਜਾਬੀ ਨੂੰ ਲਾਜ਼ਮੀ ਤੌਰ ’ਤੇ ਪੜ੍ਹਾਏ ਜਾਣ ਸਬੰਧੀ “ਪੰਜਾਬ ਅਤੇ ਹੋਰ ਭਾਸ਼ਾਵਾਂ ਦੀ ਸਿੱਖਿਆ ਐਕਟ, 2008”, ਜੋ ਅਕਾਲੀ–ਭਾਜਪਾ ਸਰਕਾਰ ਦੌਰਾਨ ਲਿਆਂਦਾ ਗਿਆ ਸੀ, ਦੀਆਂ ਧਾਰਾਵਾਂ ਦਾ ਪਾਲਣ ਕੀਤਾ ਜਾਣਾ ਚਾਹੀਦਾ ਹੈ। ਇਸ ਕਾਨੂੰਨ ਤਹਿਤ ਪੰਜਾਬ ਦੇ ਹਰੇਕ ਸਕੂਲ ਵਿੱਚ ਪਹਿਲੀ ਤੋਂ ਦਸਵੀਂ ਜਮਾਤ ਤੱਕ ਪੰਜਾਬੀ ਪੜ੍ਹਾਉਣਾ ਲਾਜ਼ਮੀ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਇਸ ਮਸਲੇ ਨੂੰ ਸਿਆਸੀ ਜਾਂ ਫ਼ਿਰਕੂ ਰੰਗ ਦੇਣ ਦੀ ਬਜਾਏ ਸੰਵਾਦ ਅਤੇ ਸਹਿਮਤੀ ਰਾਹੀਂ ਹੱਲ ਕੀਤਾ ਜਾਣਾ ਚਾਹੀਦਾ ਹੈ, ਨਾ ਕਿ ਕਿਸੇ ਦਬਾਅ ਜਾਂ ਥੋਪਣ ਵਾਲੀ ਨੀਤੀ ਰਾਹੀਂ।

ਉਨ੍ਹਾਂ ਕਿਹਾ ਕਿ ਪੰਜਾਬ ਭਾਜਪਾ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਨਾਲ ਚਟਾਨ ਵਾਂਗ ਖੜੀ ਹੈ। ਪੰਜਾਬੀ ਗੁਰੂਆਂ, ਸ਼ਹੀਦਾਂ ਅਤੇ ਲੋਕ-ਸੱਭਿਆਚਾਰ ਦੀ ਭਾਸ਼ਾ ਹੈ। ਇਸ ਨੂੰ ਹਾਸ਼ੀਏ ’ਤੇ ਧੱਕਣ ਦੀ ਇਜਾਜ਼ਤ ਕਿਸੇ ਵੀ ਕੀਮਤ ’ਤੇ ਨਹੀਂ ਦਿੱਤੀ ਜਾ ਸਕਦੀ।

ਉਨ੍ਹਾਂ ਕਿਹਾ ਕਿ ਪੰਜਾਬੀ ਸਿਰਫ਼ ਇੱਕ ਭਾਸ਼ਾ ਨਹੀਂ, ਸਗੋਂ ਪੰਜਾਬ ਦੀ ਰੂਹ, ਸੱਭਿਆਚਾਰ, ਇਤਿਹਾਸ ਅਤੇ ਸਾਂਝੀ ਵਿਰਾਸਤ ਦੀ ਪਹਿਚਾਣ ਹੈ। ਪੰਜਾਬੀ ਦੀ ਅਣਦੇਖੀ ਕਿਸੇ ਵੀ ਹਾਲਤ ਵਿੱਚ ਕਬੂਲਯੋਗ ਨਹੀਂ। ਪੰਜਾਬ ਭਾਜਪਾ ਦਾ ਸਪਸ਼ਟ ਮੱਤ ਹੈ ਕਿ ਪੰਜਾਬ ਦੀ ਧਰਤੀ ’ਤੇ ਪੰਜਾਬੀ ਨੂੰ ਉਸ ਦਾ ਬਣਦਾ ਸਨਮਾਨ ਅਤੇ ਸੰਵਿਧਾਨਕ ਦਰਜਾ ਹਰ ਹਾਲਤ ਵਿੱਚ ਬਰਕਰਾਰ ਰਹਿਣਾ ਚਾਹੀਦਾ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਸੰਸਕ੍ਰਿਤ ਸਿੱਖਣਾ ਜਾਂ ਸਿਖਾਉਣਾ ਗ.ਲਤ ਨਹੀਂ, ਪਰ ਇਹ ਪੰਜਾਬੀ ਦੀ ਕੀਮਤ ’ਤੇ ਨਹੀਂ ਹੋਣਾ ਚਾਹੀਦਾ। ਉਨ੍ਹਾਂ ਕਿਹਾ ਕਿ ਸਿੱਖ ਗੁਰੂ ਸਾਹਿਬਾਨ ਅਤੇ ਸਿੱਖ ਪਰੰਪਰਾ ਨੇ ਗੁਰਬਾਣੀ ਨੂੰ ਲੋਕ-ਭਾਸ਼ਾ ਵਿੱਚ ਰਚ ਕੇ ਲੋਕ-ਭਾਸ਼ਾਵਾਂ ਨੂੰ ਮਾਣ ਬਖ਼ਸ਼ਿਆ। ਗੁਰਬਾਣੀ ਲੋਕਾਂ ਦੀ ਸਮਝ ਵਾਲੀ ਭਾਸ਼ਾ ਵਿੱਚ ਉਚਾਰੀ ਗਈ ਤਾਂ ਜੋ ਆਮ ਇਨਸਾਨ ਰੱਬੀ ਗਿਆਨ ਅਤੇ ਅਧਿਆਤਮਿਕਤਾ ਨਾਲ ਜੁੜ ਸਕੇ।

ਪ੍ਰੋ. ਖਿਆਲਾ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸਰਕਾਰ ਵੱਲੋਂ ਜੁਲਾਈ 2020 ਵਿੱਚ ਲਿਆਂਦੀ ਗਈ ਨਵੀਂ ਸਿੱਖਿਆ ਨੀਤੀ (©▲♰◆✿✪▲♦ 5➢♰✵▲♰◆✿✪ ♦✿♦◆✵⋂-2020) ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਨੀਤੀ ਸਿੱਖਿਆ ਨੂੰ ਹੋਰ ਲਚਕੀਲਾ, ਹੁਨਰ-ਅਧਾਰਿਤ, ਮਾਂ-ਬੋਲੀ ਕੇਂਦਰਿਤ ਅਤੇ ਵਿਸ਼ਵ ਪੱਧਰੀ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ।

ਉਨ੍ਹਾਂ ਕਿਹਾ ਕਿ ਨਵੀਂ ਸਿੱਖਿਆ ਨੀਤੀ ਵਿੱਚ ਮਾਂ-ਬੋਲੀ ਵਿੱਚ ਸਿੱਖਿਆ ’ਤੇ ਖ਼ਾਸ ਜ਼ੋਰ ਦਿੱਤਾ ਗਿਆ ਹੈ। ਇਸ ਤਹਿਤ ਘੱਟੋ-ਘੱਟ ਪੰਜਵੀਂ ਜਮਾਤ ਤੱਕ ਅਤੇ ਸੰਭਵ ਹੋਵੇ ਤਾਂ ਅੱਠਵੀਂ ਜਮਾਤ ਤੱਕ ਬੱਚਿਆਂ ਨੂੰ ਮਾਂ-ਬੋਲੀ ਜਾਂ ਸਥਾਨਕ ਭਾਸ਼ਾ ਵਿੱਚ ਪੜ੍ਹਾਉਣ ਦੀ ਸਿਫ਼ਾਰਸ਼ ਕੀਤੀ ਗਈ ਹੈ। ਇਹ ਨੀਤੀ ਮੰਨਦੀ ਹੈ ਕਿ ਮਾਂ-ਬੋਲੀ ਬੱਚਿਆਂ ਦੇ ਬੌਧਿਕ ਅਤੇ ਭਾਵਨਾਤਮਕ ਵਿਕਾਸ ਲਈ ਸਭ ਤੋਂ ਉਚਿਤ ਮਾਧਿਅਮ ਹੈ।

ਉਨ੍ਹਾਂ ਕਿਹਾ ਕਿ ਨਵੀਂ ਸਿੱਖਿਆ ਨੀਤੀ ਮਾਂ-ਬੋਲੀ ਨੂੰ ਮਜ਼ਬੂਤ ਕਰਨ ਦੀ ਗੱਲ ਕਰਦੀ ਹੈ। ਇਸ ਲਈ ਪੰਜਾਬ ਵਿੱਚ ਪੰਜਾਬੀ ਨੂੰ ਕਮਜ਼ੋਰ ਕਰਨ ਵਾਲਾ ਕੋਈ ਵੀ ਕਦਮ ਨਵੀਂ ਸਿੱਖਿਆ ਨੀਤੀ ਦੀ ਮੂਲ ਭਾਵਨਾ ਦੇ ਉਲਟ ਮੰਨਿਆ ਜਾਵੇਗਾ। ਉਨ੍ਹਾਂ ਮੰਗ ਕੀਤੀ ਕਿ ਸੰਬੰਧਿਤ ਅਥਾਰਟੀਆਂ ਪੰਜਾਬ ਵਿੱਚ ਪੰਜਾਬੀ ਦੀ ਮਰਿਆਦਾ, ਸਨਮਾਨ ਅਤੇ ਸੰਵਿਧਾਨਕ ਹੱਕਾਂ ਨੂੰ ਬਰਕਰਾਰ ਰੱਖਣ।

ਪ੍ਰੋ. ਖਿਆਲਾ ਨੇ ਪੰਜਾਬ ਸਰਕਾਰ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਸੰਵਿਧਾਨਕ ਅਧਿਕਾਰਾਂ ਅਤੇ ਜ਼ਿੰਮੇਵਾਰੀਆਂ ਦਾ ਪ੍ਰਯੋਗ ਕਰਦਿਆਂ ਪੰਜਾਬੀ ਭਾਸ਼ਾ ਦੇ ਹਿੱਤਾਂ ਦੀ ਰੱਖਿਆ ਲਈ ਪ੍ਰਭਾਵਸ਼ਾਲੀ ਦਖ਼ਲ ਦੇਵੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਅੱਜ 13 ਮਈ ਨੂੰ ਜਨਮ ਦਿਨ 'ਤੇ ਵਿਸ਼ੇਸ਼

# ਸੰਸਾਰ ਦੇ ਸਮੁੱਚੇ ਧਰਮਾਂ ਦੀ ਸਤਿਕਾਰੀ ਸ਼ਖ਼ਸੀਅਤ - ਸੰਤ ਤੇਜਾ ਸਿੰਘ ਮਸਤੂਆਣਾ

**ਸੰਸਾਰ** ਭਰ ਦੇ ਸਾਰੇ ਧਰਮਾਂ ਦੀ ਸਤਿਕਾਰੀ ਉੱਘੀ ਸ਼ਖ਼ਸੀਅਤ ਸਨ – ਸੰਤ ਤੇਜਾ ਸਿੰਘ ਮਸਤੂਆਣਾ ।ਸੰਤ ਬਾਬਾ ਅਤਰ ਸਿੰਘ ਮਸਤੂਆਣਾ ਨੇ 20ਵੀਂ ਸਦੀ ਦੇ ਆਰੰਭਿਕ ਵਰ੍ਹਿਆਂ ਵਿੱਚ ਜਦੋਂ ਇਸ ਗੱਲ ਨੂੰ ਭਲੀ ਭਾਂਤ ਅਨੁਭਵ ਕੀਤਾ, ਉਸ ਸਮੇਂ ਅੰਗ੍ਰੇਜ਼ ਹਕੂਮਤ ਦਾ ਡੰਕਾ ਪੂਰੀ ਦੁਨੀਆਂ ਵਿੱਚ ਵੱਜਦਾ ਸੀ । ਗੁਰੂ ਨਾਨਕ ਸਾਹਿਬ ਦੇ ਮਾਨਵਤਾ ਦੇ ਭਲੇ ਦੇ ਸੁਨੇਹੇ ਨੂੰ ਸੰਸਾਰ ਦੇ ਦੂਜੇ ਦੇਸ਼ਾਂ ਵਿੱਚ ਕਿਵੇਂ ਪਹੁੰਚਾਇਆ ਜਾਵੇ ਤਾਂ ਉਨ੍ਹਾਂ ਉਚੇਚੇ ਤੌਰ 'ਤੇ ਦੁਨਿਆਵੀਂ ਵਿਦਿਆ ਦੀ ਪ੍ਰਾਪਤੀ ਲਈ ਉਸ ਸਮੇਂ ਦੇ ਵਿਕਸਤ ਦੇਸ਼ਾਂ ਵਿੱਚ ਸੰਤ ਤੇਜਾ ਸਿੰਘ ਨੂੰ ਭੇਜਣ ਦਾ ਵੱਡਾ ਉਪਰਾਲਾ ਕੀਤਾ ।ਸੰਤ ਤੇਜਾ ਸਿੰਘ ਦਾ ਸਮੁੱਚਾ ਜੀਵਨ ਇਕ ਵਿਦਵਾਨ ਪ੍ਰਚਾਰਕ ਤੋਂ ਇਲਾਵਾ ਬੰਦਗੀ, ਨਿਰਮਾਣਤਾ, ਸਾਦਗੀ, ਵਿਦਿਆਦਾਨੀ ਅਤੇ ਸਿੱਖਿਆ ਸ਼ਾਸਤਰੀ ਆਦਿ ਗੁਣਾਂ ਦਾ


-ਭਗਵਾਨ ਸਿੰਘ ਜੌਹਲ



bhagwansinghjohal@gmail.com

ਮੋਬਾਈਲ :

98143-24040


ਬਹੁ-ਰੰਗਾਂ ਗੁਲਦਸਤਾ ਸੀ ।ਸੰਸਾਰ ਦੇ ਧਰਮੀ ਲੋਕਾਂ ਵਿੱਚ ਆਪ ਰੌਸ਼ਨ ਮੀਨਾਰ ਵਜੋਂ ਜਾਣੇ ਜਾਂਦੇ ਸਨ ।ਇਨ੍ਹਾਂ ਦਾ ਜਨਮ ਪੱਛਮੀ ਪੰਜਾਬ (ਪਾਕਿਸਤਾਨ) ਦੇ ਗੁਜਰਾਂਵਾਲਾ ਦੇ ਪਿੰਡ ਬਲੋਵਾਲੀ ਵਿੱਚ ਸ। ਰੁਲੀਆ ਸਿੰਘ ਦੇ ਗ੍ਰਹਿ ਵਿਖੇ ਮਾਤਾ ਸਦਾ ਕੌਰ ਦੀ ਕੁੱਖ ਤੋਂ ਹੋਇਆ ।ਸੰਤ ਤੇਜਾ ਸਿੰਘ ਦਾ ਬਚਪਨ ਦਾ ਨਾਂਅ ਨਿਰੰਜਨ ਸਿੰਘ ਸੀ ।20 ਵਰ੍ਹੇ ਦੀ ਭਰ ਜਵਾਨੀ ਦੀ ਉਮਰ ਵਿੱਚ ਸੰਤ ਬਾਬਾ ਅਤਰ ਸਿੰਘ ਮਸਤੂਆਣਾ ਪਾਸੋਂ ਖੰਡੇ ਬਾਟੇ ਦੀ ਦਾਤ ਪ੍ਰਾਪਤ ਕਰਕੇ ਤੇਜਾ ਸਿੰਘ ਦਾ ਨਾਂਅ ਪ੍ਰਾਪਤ ਕੀਤਾ ।ਆਪਣੇ ਪਿੰਡ ਦੇ ਨੇੜਲੇ ਪਿੰਡ ਫ਼ਾਜ਼ਲਾ ਤੋਂ ਸਕੂਲੀ ਵਿਦਿਆ ਹਾਸਲ ਕੀਤੀ ।ਪਿੱਛੋਂ ਲਾਹੌਰ ਗੌਰਮਿੰਟ ਕਾਲਜ ਤੋਂ ਗ੍ਰੈਜੂਏਸ਼ਨ ਅਤੇ ਇਥੋਂ ਹੀ ਐੱਮ ਏ। (ਅੰਗ੍ਰੇਜ਼ੀ) ਦੀ ਮਾਸਟਰ ਡਿਗਰੀ ਪ੍ਰਾਪਤ ਕੀਤੀ ।ਇਥੋਂ ਹੀ ਲਾਅ ਦੀ ਡਿਗਰੀ ਵੀ ਪ੍ਰਾਪਤ ਕੀਤੀ ।

ਹੁਣ ਜਦੋਂ ਕਾਲਜ ਦੀ ਸਿੱਖਿਆ ਪੂਰੀ ਹੋ ਚੁੱਕੀ ਸੀ ਤਾਂ ਆਪ ਪਿੰਡ ਭੇਰਾ ਦੇ ਐਂਗਲੋ ਸੰਸਕ੍ਰਿਤ ਹਾਈ ਸਕੂਲ ਦੇ ਪ੍ਰਿੰਸੀਪਲ ਨਿਯੁਕਤ ਹੋਏ ।ਇਸ ਸਕੂਲ ਵਿੱਚ ਥੋੜ੍ਹਾ ਸਮਾਂ ਸੇਵਾਵਾਂ ਨਿਭਾਉਣ ਤੋਂ ਛੇਤੀ ਪਿੱਛੋਂ ਆਪ ਖ਼ਾਲਸਾ ਕਾਲਜ ਅੰਮ੍ਰਿਤਸਰ ਦੇ ਵਾਈਸ-ਪ੍ਰਿੰਸੀਪਲ ਬਣ ਗਏ ।ਹੁਣ 1906 ਈ: ਵਿੱਚ ਸੰਤ ਬਾਬਾ ਅਤਰ ਸਿੰਘ ਮਸਤੂਆਣਾ ਦੀ ਦੂਰ-ਦ੍ਰਿਸ਼ਟੀ ਨਾਲ ਖੰਡੇ-ਬਾਟੇ ਦੀ ਪਾਹੁਲ ਪ੍ਰਾਪਤ ਕਰਨ ਤੋਂ ਬਾਅਦ ਇਨ੍ਹਾਂ ਸਮੇਤ ਚਾਰ ਹੋਰ ਨੌਜਵਾਨਾਂ ਨੂੰ ਉਚੇਰੀ ਵਿਦਿਆ ਲਈ ਵਿਦੇਸ਼ ਭੇਜਿਆ ।ਇਨ੍ਹਾਂ ਸਭ ਤੋਂ ਪਹਿਲਾਂ ਯੂਨੀਵਰਸਿਟੀ ਕਾਲਜ ਲੰਡਨ (ਇੰਗਲੈਂਡ) ਵਿਖੇ ਦਾਖਲਾ ਪ੍ਰਾਪਤ ਕੀਤਾ ।ਇਸ ਤੋਂ ਬਾਅਦ ਬਹੁਤ ਛੇਤੀ ਪੜ੍ਹਾਈ ਵਿੱਚਕਾਰ ਛੱਡ ਕੇ ਟੀਚਰਜ਼ ਕਾਲਜ ਕੋਲੰਬੀਆ ਯੂਨੀਵਰਸਿਟੀ ਅਮਰੀਕਾ ਵਿਖੇ ਜਾ ਦਾਖਲ ਹੋਏ ।ਇਥੇ ਪੜ੍ਹਦਿਆਂ ਆਪ ਨੇ ਹਾਵਰਡ ਯੂਨੀਵਰਸਿਟੀ ਵਿਖੇ ਮਾਈਗ੍ਰੇਸ਼ਨ ਕਰਵਾ ਲਈ।



ਸੰਤ ਤੇਜਾ ਸਿੰਘ ਜੀ ਮਹਾਰਾਜ
M.A., LL.B. (Pb.) A.M. (Harvard, U.S.A.)
(1877 - 1965)

1911 ਈ: ਵਿੱਚ ਪੜ੍ਹਾਈ ਤੋਂ ਵਿਹਲੇ ਹੋ ਕੇ ਅਮਰੀਕਾ, ਕਨੇਡਾ ਵਰਗੇ ਦੇਸ਼ਾਂ ਵਿੱਚ ਸਿੱਖ ਧਰਮ ਬਾਰੇ ਦੁਨੀਆਂ ਦੇ ਦੂਜੇ ਧਰਮਾਂ ਦੇ ਮੁਖੀਆਂ ਦੇ ਸਨਮੁੱਖ ਵਿਸ਼ੇਸ਼ ਵਿਖਿਆਨ ਦਿੱਤੇ ।ਦੂਜੀਆਂ ਕੌਮਾਂ ਨੂੰ ਸਿੱਖ ਧਰਮ ਦੀ ਵਿਲੱਖਣਤਾ, ਸਿਧਾਂਤਾਂ, ਸਿੱਖ ਇਤਿਹਾਸ ਅਤੇ ਗੁਰਬਾਣੀ ਸਬੰਧੀ ਵਿਦਵਤਾ ਭਰਪੂਰ ਸਿਧਾਂਤਕ ਵਿਚਾਰ ਦੇ ਕੇ ਪ੍ਰਭਾਵਿਤ ਕੀਤਾ ।ਲੰਡਨ ਵਿਖੇ ਪਹਿਲਾਂ ਗੁਰੂ ਘਰ ਸ਼ੈਫਰਡ-ਬੁੱਸ਼ ਅਤੇ ਕਨੇਡਾ ਵਿਖੇ ਖ਼ਾਲਸਾ ਦੀਵਾਨ ਸੁਸਾਇਟੀ ਬਣਾ ਕੇ ਸਿੱਖ ਧਰਮ ਦੇ ਪ੍ਰਚਾਰ ਦਾ ਅਗਾਜ਼ ਕੀਤਾ ।ਹੁਣ ਅੰਗ੍ਰੇਜ਼ ਹਕੂਮਤ ਜੋ ਸਿੱਖਾਂ ਨੂੰ ਕੇਵਲ ਜੁਝਾਰੂ ਹੀ ਸਮਝਦੀ ਸੀ, ਉਨ੍ਹਾਂ ਜਾਣ ਲਿਆ ਸਿੱਖ ਦੁਨੀਆਂ ਦੇ ਇਤਿਹਾਸ ਵਿੱਚ ਇਕ ਵੱਖਰੀ ਪਹਿਚਾਣ ਬਣਾ ਕੇ ਆਪਣੀ ਵਿਲੱਖਣਤਾ ਦੇ ਝੰਡੇ ਵੀ ਗੱਡਣ ਦੇ ਸਮਰੱਥ ਹਨ ।ਇਸ ਤੋਂ ਪਿੱਛੋਂ ਮਸਤੂਆਣਾ ਆ ਕੇ ਮੁੜ ਧਾਰਮਿਕ ਸੇਵਾਵਾਂ ਵਿੱਚ ਜੁੱਟ ਗਏ ।ਥੋੜ੍ਹਾ ਸਮਾਂ ਭਦੌੜ ਦੇ ਲੜਕੀਆਂ ਦੇ ਕਾਲਜ ਵਿੱਚ ਵੀ ਡਿਊਟੀ ਨਿਭਾਈ ।1920 ਈ: ਵਿੱਚ ਉਨ੍ਹਾਂ ਬਨਾਰਸ ਹਿੰਦੂ ਯੂਨੀਵਰਸਿਟੀ ਦੇ ਟੀਚਰਜ਼ ਕਾਲਜ ਦੇ ਪ੍ਰਿੰਸੀਪਲ ਵਜੋਂ ਸੇਵਾਵਾਂ ਨਿਭਾਈਆਂ ।ਇਸ ਤੋਂ ਇਕ ਸਾਲ ਬਾਅਦ ਸੰਤ ਬਾਬਾ ਅਤਰ ਸਿੰਘ ਮਸਤੂਆਣਾ ਦੇ ਹੁਕਮ ਮੁਤਾਬਿਕ ਮਸਤੂਆਣਾ ਵਿਖੇ ਅਕਾਲ ਡਿਗਰੀ ਕਾਲਜ ਦੀ ਸਥਾਪਨਾ ਕੀਤੀ ।

ਵਿਦਵਾਨ ਹਸਤੀ ਸੰਤ ਤੇਜਾ ਸਿੰਘ ਮਸਤੂਆਣਾ ਦਾ ਜੀਵਨ ਸੇਵਾ, ਸਿਮਰਨ, ਤਪ-ਤਿਆਗ ਅਤੇ ਸਿੱਖ ਮਿਸ਼ਨਰੀ ਦਾ ਇਕ ਉੱਤਮ ਨਮੂਨਾ ਸੀ ।ਉਨ੍ਹਾਂ ਨੇ ਜੀਵਨ ਵਿੱਚ ਵਿਸ਼ਵ ਪੱਧਰ ਦੀਆਂ ਕਾਨਫਰੰਸਾਂ, ਸੈਮੀਨਾਰਾਂ ਅਤੇ ਗੋਸ਼ਟੀਆਂ ਵਿੱਚ ਜਾ ਕੇ ਸਿੱਖਾਂ ਦੀ ਵਿਦਵਤਾ ਅਤੇ ਸਵੈ-ਪਹਿਚਾਣ ਦਾ ਪ੍ਰਗਟਾਵਾ ਕੀਤਾ ।ਦੂਜੇ ਧਰਮਾਂ ਦੇ ਲੋਕਾਂ ਨੇ ਸਿੱਖ ਧਰਮ ਮਾਨਵਤਾ ਦੀ ਸੇਵਾ ਦੇ ਸਿਧਾਂਤ, ਸਿੱਖਾਂ ਦੇ ਇਤਿਹਾਸ ਨੂੰ ਜਾਨਣ ਦੀ ਉਤਸੁਕਤਾ ਤੇ ਜਗਿਆਸਾ ਲਈ ਭਰਪੂਰ ਹੁੰਗਾਰਾ ਦਿੱਤਾ ।ਜਿਸ ਸਦਕਾ ਅੱਜ ਸਿੱਖ ਧਰਮ ਸਰਬ-ਵਿਆਪੀ ਪਹਿਚਾਣ ਬਣਾ ਚੁੱਕਾ ਹੈ ।

ਆਵਾਜ਼ਿ ਕੌਮ AWAZE QAUM International Newspaper & WEB TV

ਸੰਤ ਬਾਬਾ ਤੇਜਾ ਸਿੰਘ ਮਸਤੂਆਣਾ ਨੇ ਇਕ ਵਡੇਰਾ ਕਾਰਜ ਕਰਦਿਆਂ ਜੀਵਨ ਕਥਾ ਗੁਰਮੁੱਖ ਪਿਆਰੇ ਸੰਤ ਅਤਰ ਸਿੰਘ ਮਸਤੂਆਣਾ ਪੁਸਤਕ ਰੂਪ ਵਿੱਚ ਪਾਠਕਾਂ ਨੂੰ ਭੇਟ ਕੀਤੀ ।ਇਹ ਪੁਸਤਕ ਇਨ੍ਹਾਂ ਦੇ ਅਕਾਲ ਚਲਾਣੇ ਦੇ ਪਿੱਛੋਂ ਭਾਵ 1970 ਤੋਂ ਬਾਅਦ ਪ੍ਰਕਾਸ਼ਿਤ ਕੀਤੀ ਗਈ ।ਸੰਤ ਬਾਬਾ ਤੇਜਾ ਸਿੰਘ ਮਸਤੂਆਣਾ 5 ਜੁਲਾਈ, 1965 ਈ: ਨੂੰ ਪਿੰਡ ਚੀਮਾ ਵਿਖੇ ਗੁਰਪੁਰੀ ਪਿਆਨਾ ਕਰ ਗਏ ।ਸਿੱਖ ਕੌਮ ਨੂੰ ਸੰਸਾਰ ਦੀਆਂ ਦੂਜੀਆਂ ਕੌਮਾਂ ਦੇ ਹਾਣ ਦਾ ਬਣਾਉਣ ਲਈ ਮੁੱਢਲੀ ਸਿੱਖਿਆ ਤੋਂ ਲੈ ਕੇ ਉਚੇਰੀ ਸਿੱਖਿਆ ਦਾ ਟੀਚਾ ਮਿੱਥ ਕੇ ਆਪਣਾ ਸਮੁੱਚਾ ਜੀਵਨ ਸਫਤ ਤਹਿ ਕੀਤਾ ।ਸੰਤ ਬਾਬਾ ਤੇਜਾ ਸਿੰਘ ਮਸਤੂਆਣਾ ਦੇ ਕਦਮ ਚਿੰਨ੍ਹਾਂ 'ਤੇ ਚੱਲਦਿਆਂ ਸਿੱਖਿਆ ਦੇ ਖੇਤਰ ਵਿੱਚ ਮੂਹਰੀ ਦਰਜਾ ਪ੍ਰਾਪਤ ਕਰਨ ਲਈ ਸਚਖੰਡ ਵਾਸੀ ਸੰਤ ਇਕਬਾਲ ਸਿੰਘ ਬੜੂ ਸਾਹਿਬ ਅਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਸਾਬਕਾ ਵਾਈਸ ਚਾਂਸਲਰ ਸਚਖੰਡ ਵਾਸੀ ਗੁਰਮੁਖ ਪਿਆਰੇ ਡਾ: ਖੇਮ ਸਿੰਘ ਗਿੱਲ ਵੀ ਆਪਣਾ ਜੀਵਨ ਲੇਖੇ ਲਾ ਚੁੱਕੇ ਹਨ ।ਅੱਜ ਤੋਂ ਇਸੇ ਮੰਜ਼ਿਲ ਨੂੰ ਸਰ ਕਰਨ ਲਈ ਦੇਸ਼ ਭਰ ਵਿੱਚ ਚੱਲ ਰਹੀਆਂ ਅਕਾਲ ਅਕਾਡਮੀਆਂ ਅਤੇ ਉਚੇਰੀ ਸਿੱਖਿਆ ਲਈ ਦੋ ਯੂਨੀਵਰਸਿਟੀਆਂ ਟਰੱਸਟ ਦੀ ਅਗਵਾਈ ਵਿੱਚ ਆਪਣਾ ਯੋਗਦਾਨ ਪਾ ਰਹੀਆਂ ਹਨ ।ਇਸ ਮਹਾਨ ਹਸਤੀ ਨੂੰ ਸਾਡਾ ਪ੍ਰਣਾਮ। ●●

## ਜ਼ਰਾ ਸੋਚੋ ! ਅੱਜ ਨਰਸਿੰਗ ਡੇ...

# ਨਰਸਾਂ ਦੀ ਬਰਾਬਰ ਕੰਮ ਬਰਾਬਰ ਤਨਖ਼ਾਹ ਦੀ ਮੰਗ ਬਿਲਕੁਲ ਜਾਇਜ਼– ਡਾ. ਮੁਲਤਾਨੀ

**ਅੱਜ ਅੰਤਰਰਾਸ਼ਟਰੀ ਨਰਸਿਜ ਦਿਵਸ ਤੇ ਸਾਰੀਆਂ ਨਰਸਾਂ ਨੂੰ ਬਹੁਤ ਬਹੁਤ ਮੁਬਾਰਕਾਂ ।ਅਚਾਨਕ ਕਿਸੇ ਨਿਜੀ ਕੰਮ ਲਈ ਛੇ ਫੇਜ ਸਿਵਲ ਹਸਪਤਾਲ ਜਾਣ ਦਾ ਮੌਕਾ ਮਿਲਿਆ । ਪਿਛਲੇ ਲੰਮੇ ਸਮੇਂ ਤੋਂ ਨਰਸਿਜ ਸਟਾਫ ਦੀ ਜਾਇਜ਼ ਮੰਗ ਕਿ ਬਰਾਬਰ ਕੰਮ ਬਰਾਬਰ ਤਨਖਾਹ ਹੋਣੀ ਚਾਹੀਦੀ ਨੂੰ ਮੇਰੇ ਵੱਲੋਂ ਪੂਰੀ ਸਪੋਰਟ ਦਾ ਭਰੋਸਾ ਦਿੱਤਾ**

**ਚੌਕ ਮਹਿਤਾ,12 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਯਾਦ ਰੱਖੋ ਕਿਸੇ ਵੀ ਮੈਡੀਕਲ ਸੰਸਥਾ ਵਿੱਚ ਨਰਸਿੰਗ ਸਟਾਫ ਰੀੜ੍ਹ ਦੀ ਹੱਡੀ ਹੁੰਦੀ ।ਜਿਸ ਤੇ ਹਸਪਤਾਲ ਵਿੱਚ ਦਾਖਲ ਮਰੀਜ਼ਾਂ ਦਾ ਸਾਰਾ ਭਾਰ ਹੁੰਦਾ ।ਜਿਸ ਸਰੀਰ ਦੀ ਰੀੜ੍ਹ ਦੀ ਹੱਡੀ ਕਮਜ਼ੋਰ ਹੋਵੇ ਉਹ ਸਰੀਰ ਬਿਮਾਰੀਆਂ ਦਾ ਘਰ ਅਤੇ ਕੰਮਕਾਜ ਵਿੱਚ ਨਿਕੰਮਾ

ਆਵਾਜ਼ਿ ਕੌਮ AWAZE QAUM International Newspaper & WEB TV

ਹੁੰਦਾ ।ਇਸੇ ਤਰ੍ਹਾਂ ਜਿਸ ਹਸਪਤਾਲ ਵਿੱਚ ਨਰਸਿੰਗ ਸਟਾਫ ਖੁਸ਼ ਨਾ ਹੋਵੇ ਉਹ ਹਸਪਤਾਲ ਮਰੀਜ਼ਾਂ ਦੀ ਦਿਲ ਲਗਾ ਕੇ ਸਹੀ ਸੇਵਾ ਨਹੀਂ ਕਰ ਸਕਦਾ ।ਨਰਸਿੰਗ ਸਟਾਫ ਦੇ ਕੁਝ ਨੁਮਾਇੰਦਿਆਂ ਨਾਲ ਗੱਲਬਾਤ ਕਰਨ ਤੇ ਪਤਾ ਲੱਗਿਆ ਕਿ ਉਹਨਾਂ ਦਾ ਵਿੱਤੀ ਸ਼ੋਸ਼ਣ ਹੋ ਰਿਹਾ ।ਇਸੇ ਕਰਕੇ ਧਰਨੇ ਹੜਤਾਲਾਂ ਤੇ ਰਹਿੰਦੇ ਜੋ ਉਹਨਾਂ ਦਾ ਹੱਕ ਹੈ ।ਪਰ ਮੇਰੇ ਵੱਲੋਂ ਨੁਮਾਇੰਦਿਆਂ ਨੂੰ ਇਕ ਸਲਾਹ ਦਿੱਤੀ ਕਿ ਜਿੱਥੇ ਧਰਨੇ ਹੜਤਾਲਾਂ ਤੁਹਾਡਾ ਹੱਕ ਹੈ ਉੱਥੇ ਮਰੀਜ਼ਾਂ ਦੀ ਚੰਗੀ ਅਤੇ ਲਗਾਤਾਰ ਸੇਵਾ ਕਰਨਾ ਤੁਹਾਡੀ ਜ਼ਿੰਮੇਵਾਰੀ ਹੈ ।ਅੱਜ ਦਾ ਦਿਨ ਨਰਸਿਜ ਦੀ ਮਰੀਜ਼ਾਂ ਪ੍ਰਤੀ ਸੇਵਾ ਨੂੰ ਸਮਰਪਿਤ ਕਰਕੇ ਮਨਾਇਆ ਜਾਂਦਾ। ਇਸ ਕਰਕੇ ਅੱਜ ਦੇ ਦਿਨ ਨਰਸਿਜ ਨੂੰ ਹਸਪਤਾਲਾਂ ਵਿੱਚ ਵੱਧ ਸੇਵਾ ਦਾ ਨਮੂਨਾ ਪੇਸ਼ ਕਰਕੇ ਆਪਣੀਆਂ ਜਾਇਜ਼ ਮੰਗਾਂ ਦਾ ਸੁਨੇਹਾ ਸਰਕਾਰ ਨੂੰ ਦੇਣਾ ਚਾਹੀਦਾ ਅਤੇ ਅੱਜ ਦੇ ਦਿਨ ਸੇਵਾ ਦੀ ਉਦਾਹਰਨ ਦਿਖਾ ਕੇ ਮੀਡੀਆ ਵਿੱਚ ਖਿੱਚ ਪੈਦਾ ਕਰਨੀ ਚਾਹੀਦੀ ਜਿਸ ਦਾ ਨੁਮਾਇੰਦਿਆਂ ਵੱਲੋਂ ਹਾਂ ਵਿੱਚ ਹੁੰਗਾਰਾ ਭਰਿਆ ਗਿਆ ।ਵੈਸੇ ਤਾਂ ਮੇਰੇ ਵੱਲੋਂ ਸਾਰੇ ਮਹਿਕਿਆਂ ਦੇ ਯੂਨੀਅਨ ਨੇਤਾਵਾਂ ਨੂੰ ਬੇਨਤੀ ਕਿ ਧਰਨੇ ਹੜਤਾਲਾਂ ਤੁਹਾਡਾ ਹੱਕ ਹੈ ।ਪਰ ਧਰਨੇ ਹੜਤਾਲਾਂ ਜਪਾਨੀਆਂ ਦੀ ਤਰ੍ਹਾਂ ਵੱਧ ਕੰਮ ਕਰਕੇ ਕਰੋ ਨਾ ਕਿ ਆਮ ਲੋਕਾਂ ਲਈ ਮੁਸ਼ਕਲਾਂ ਪੈਦਾ ਕਰਕੇ ਕਰੋ। ਕਹਿੰਦੇ ਬੰਦਾ ਅਹਿਸਾਨ ਨਾਲ ਮਰ ਜਾਂਦਾ, ਨੁਕਸਾਨ ਨਾਲ ਨਹੀਂ ।ਜੇਕਰ ਮੁਲਾਜ਼ਮਾਂ ਨੇ ਲੋਕਾਂ ਦਾ ਸਹਿਯੋਗ ਲੈਣਾ ਤਾਂ ਲੋਕਾਂ ਲਈ ਵੱਧ ਸਹੂਲਤਾਂ ਪੈਦਾ ਕਰੋ ਨਾ ਕਿ ਕੰਮ ਬੰਦ ਕਰਕੇ ਲੋਕਾਂ ਲਈ ਮੁਸੀਬਤਾਂ ਪੈਦਾ ਕਰੋ। ਸਰਕਾਰ ਨੂੰ ਚਾਹੀਦਾ ਕਿ ਮੁਲਾਜਮਾਂ ਦੀਆਂ ਜਾਇਜ਼ ਮੰਗਾਂ ਨੂੰ ਤੁਰੰਤ ਮੰਨੇ ਤਾਂ ਕਿ ਮੁਲਾਜ਼ਮ ਦਿਲੋਂ ਲੋਕਾਂ ਦੀ ਸੇਵਾ ਕਰ ਸਕਣ ।ਪੰਜਾਬ ਵਸੇਗਾ ਕੰਮ ਦੇ ਨਾਲ ।ਜੈ ਕਿਰਤ





**-ਡਾ. ਦਲੇਰ ਸਿੰਘ ਮੁਲਤਾਨੀ, ਸਿਵਲ ਸਰਜਨ ( ਰਿਟਾ )**

**9814127296, 7717319896**


# ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਘਰਾਚੋਂ ਵਿਖੇ ਨਵੇਂ ਕਲਾਸ ਰੂਮ ਅਤੇ ਆਧੁਨਿਕ ਵਿਗਿਆਨ ਲੈਬ ਲੋਕ ਅਰਪਿਤ



**ਭਵਾਨੀਗੜ੍ਹ (ਰਣਜੀਤ ਸਿੰਘ ਪੇਧਨੀ )**-ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਅਤੇ ਵਿਦਿਆਰਥੀਆਂ ਨੂੰ ਆਧੁਨਿਕ ਸਹੂਲਤਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਘਰਾਚੋਂ ਵਿਖੇ 26 ਲੱਖ 20 ਹਜ਼ਾਰ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ 02 ਨਵੇਂ ਕਲਾਸ ਰੂਮ ਅਤੇ 01 ਆਧੁਨਿਕ ਵਿਗਿਆਨ ਲੈਬ ਦਾ ਹਲਕਾ ਵਿਧਾਇਕ ਸ਼੍ਰੀਮਤੀ ਨਰਿੰਦਰ ਕੌਰ ਭਰਾਜ ਵੱਲੋਂ ਲੋਕ ਅਰਪਣ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਸ਼੍ਰੀਮਤੀ ਭਰਾਜ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਖੇਤਰ ਨੂੰ ਪਹਿਲ ਦੇ ਅਧਾਰ 'ਤੇ ਮਜ਼ਬੂਤ ਕੀਤਾ ਜਾ ਰਿਹਾ ਹੈ, ਤਾਂ ਜੋ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਨੂੰ ਪ੍ਰਾਈਵੇਟ ਸਕੂਲਾਂ ਵਰਗੀਆਂ ਸੁਵਿਧਾਵਾਂ ਮੁਹੱਈਆ ਕਰਵਾਈਆਂ ਜਾ ਸਕਣ। ਉਨ੍ਹਾਂ ਕਿਹਾ ਕਿ ਨਵੇਂ ਕਲਾਸ ਰੂਮਾਂ ਨਾਲ ਸਕੂਲ ਵਿੱਚ ਵਿਦਿਆਰਥੀਆਂ ਲਈ ਪੜ੍ਹਾਈ ਦਾ ਮਾਹੌਲ ਹੋਰ ਬਿਹਤਰ ਹੋਵੇਗਾ ਅਤੇ ਆਧੁਨਿਕ ਵਿਗਿਆਨ ਲੈਬ ਨਾਲ ਵਿਦਿਆਰਥੀਆਂ ਨੂੰ ਪ੍ਰੈਕਟੀਕਲ ਦੇ ਵਧੀਆ ਮੌਕੇ ਪ੍ਰਾਪਤ ਹੋਣਗੇ। ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਵੱਲੋਂ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਤਹਿਤ ਨਵੀਆਂ ਇਮਾਰਤਾਂ, ਲੈਬਾਂ ਅਤੇ ਡਿਜੀਟਲ ਸਹੂਲਤਾਂ ਉਪਲਬਧ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਇਨ੍ਹਾਂ ਸਹੂਲਤਾਂ ਦਾ ਪੂਰਾ ਲਾਭ ਲੈ ਕੇ ਆਪਣਾ ਭਵਿੱਖ ਰੌਸ਼ਨ ਬਣਾਉਣ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਅਤੇ ਸਟਾਫ ਵੱਲੋਂ ਵਿਧਾਇਕ ਦਾ ਧੰਨਵਾਦ ਕੀਤਾ ਗਿਆ ਅਤੇ ਉਨ੍ਹਾਂ ਨੂੰ ਯਕੀਨ ਦਿਵਾਇਆ ਗਿਆ ਕਿ ਸਕੂਲ ਦੀ ਅਕਾਦਮਿਕ ਅਤੇ ਸਹਿ-ਪਾਠਕ੍ਰਮ ਗਤੀਵਿਧੀਆਂ ਨੂੰ ਹੋਰ ਮਜ਼ਬੂਤ ਬਣਾਉਣ ਲਈ ਪੂਰੀ ਸ਼ਿੱਦਤ ਨਾਲ ਕੰਮ ਕੀਤਾ ਜਾਵੇਗਾ। ਸਮਾਗਮ ਦੌਰਾਨ ਇਲਾਕੇ ਦੇ ਪ੍ਰਮੁੱਖ ਵਿਅਕਤੀ, ਅਧਿਆਪਕ ਅਤੇ ਵਿਦਿਆਰਥੀ ਮੌਜੂਦ ਸਨ।

# ਸਰਹਿੰਦ ਦੀ ਫ਼ਤਿਹ ਤੋਂ ਸ਼ਾਹਬਾਦ ਦੀ ਜਿੱਤ ਤੱਕ,

ਆਵਾਜ਼ਿ ਕੌਮ
AWAZE QAUM
International Newspaper & WEB TV



ਅਸੀਂ ਹਰ ਮੈਦਾਨ ਫ਼ਤਿਹ ਕਰਨਾ ਜਾਣਦੇ ਹਾਂ।
ਮੀਰੀ-ਪੀਰੀ ਦੇ ਓਟ ਆਸਰੇ ਨਾਲ,
ਆਪਣਾ ਹੱਕ ਖੋਹ ਕੇ ਲੈਣਾ ਜਾਣਦੇ ਹਾਂ।

**ਮੀਰੀ ਪੀਰੀ ਮੈਡੀਕਲ ਕਾਲਜ: 'ਸੰਘਰਸ਼ ਅਤੇ ਸਬਰ ਦੀ ਜਿੱਤ ! ਸ਼ਾਹਬਾਦ ਵਿਖੇ ਮੀਰੀ ਪੀਰੀ ਮੈਡੀਕਲ ਕਾਲਜ ਦਾ ਫ਼ਤਿਹ ਹੋਣਾ ਸਮੁੱਚੀ ਕੌਮ ਲਈ ਮਾਣ ਵਾਲੀ ਗੱਲ ਹੈ।'**

ਇੱਕ ਸਰਹਿੰਦ ਫ਼ਤਿਹ ਦਿਵਸ ਹੈ ਤੇ ਇੱਕ ਮੀਰੀ ਪੀਰੀ ਮੈਡੀਕਲ ਕਾਲਜ ਫ਼ਤਿਹ ਹੋਇਆ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਅਤੇ ਸਮੂੰਹ ਸਾਥੀਆਂ ਦਾ ਬਹੁਤ ਬਹੁਤ ਧੰਨਵਾਦ

ਵਲੋਂ... ਸਮੂੰਹ ਸਿੱਖ ਸੰਗਤਅਤੇ ਸਮੂੰਹ ਸਿੱਖ ਜੱਥੇਬੰਦੀਆ ਹਰਿਆਣਾ

# ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਦਿਨ ਸਮਾਗਮ ਸਬੰਧੀ ਸੰਗਤਾਂ 'ਚ ਭਾਰੀ ਉਤਸ਼ਾਹ

**ਜਗਰਾਉਂ, 12 ਮਈ (ਆਵਾਜ਼ਿ ਕੌਮ ਬਿਊਰੋ)-** ਵੀਂਹਵੀਂ ਸਦੀ ਦੇ ਮਹਾਨ ਯੋਧੇ ਅਤੇ ਦਮਦਮੀ ਟਕਸਾਲ ਦੇ 14ਵੇਂ ਮੁੱਖੀ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਪਿੰਡ ਰੋਡੇ ਵਿਖੇ ਗੁਰਦੁਆਰਾ ਸੰਤ ਖਾਲਸਾ ਵਿਖੇ 2 ਜੂਨ ਨੂੰ ਮਨਾਏ ਜਾ ਰਹੇ ਜਨਮ ਦਿਹਾੜੇ ਸਬੰਧੀ ਸਮਾਗਮ ਲਈ ਸੰਗਤਾਂ ਅਤੇ ਪ੍ਰਸਿੱਧ ਸਖਸ਼ੀਅਤਾਂ ਵੱਲੋਂ ਤਿਆਰੀਆਂ ਜ਼ੋਰਾਂ 'ਤੇ ਚਲ ਰਹੀਆਂ ਹਨ। ਇਸ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਰੋਡੇ ਜੋ ਇੰਟਰਨੈਸ਼ਨਲ ਪੰਥਕ ਦੇ ਸਰਪ੍ਰਸਤ ਹਨ, ਦੀ ਅਗਵਾਈ ਹੇਠ ਆਈ.ਡੀ.ਪੀ ਦੇ ਮੈਂਬਰ ਸਾਹਿਬਾਨ ਵੱਲੋਂ ਅੱਜ ਪਿੰਡ ਝਾਂਡੇ ਵਿਖੇ ਗੁਰਦੁਆਰਾ ਗੁਰੂ ਨਾਨਕ ਦਰਬਾਰ ਵਿੱਚ ਬਾਬਾ ਰਾਮਪਾਲ ਸਿੰਘ ਜੀ ਨੂੰ, ਪਿੰਡ ਵਿਰਕ ਵਿਖੇ ਨਾਨਕਸਰ ਕੁਟੀਆ ਵਿੱਚ ਬਾਬਾ ਬੱਗਾ ਸਿੰਘ ਜੀ ਨੂੰ ਅਤੇ ਸੰਪਰਦਾਇ ਨਾਨਕਸਰ ਕਲੇਰਾਂ ਜਗਰਾਵਾਂ ਵਿਖੇ ਬਾਬਾ ਗੁਰਜੀਤ ਸਿੰਘ ਜੀ ਅਤੇ ਬਾਬਾ ਹਰਪਾਲ ਸਿੰਘ ਜੀ ਨੂੰ ਤੇ ਹੋਰ ਬਹੁਤ ਸਾਰੇ ਧਾਰਮਿਕ ਸਥਾਨਾਂ ਦੀਆਂ ਮੁੱਖੀ ਸਤਿਕਾਰਤ ਸਖਸ਼ੀਅਤਾਂ ਨੂੰ ਸੱਦਾ ਪੱਤਰ ਦੇ ਕੇ ਉਨ੍ਹਾਂ ਨੂੰ 2 ਜੂਨ ਨੂੰ ਪਿੰਡ ਰੋਡੇ ਵਿਖੇ ਦਰਸ਼ਨ ਦੇਣ ਦੀ ਅਪੀਲ ਕੀਤੀ ਗਈ। ਜਿਨ੍ਹਾਂ ਨੂੰ ਸਬੰਧਤ ਸਖਸ਼ੀਅਤਾਂ ਨੇ ਬੜੇ ਸਤਿਕਾਰ ਸਹਿਤ ਸਵਿਕਾਰ ਕਰਦੇ ਹੋਏ ਵਚਨ ਕੀਤਾ ਕਿ ਉਹ ਸਾਰੇ ਵੱਡੀ ਗਿਣਤੀ ਵਿੱਚ ਸੰਗਤਾਂ ਨੂੰ ਨਾਲ ਲੈ ਕੇ ਬੱਸਾਂ ਦੇ ਕਾਫਲਿਆਂ ਸਹਿਤ 2 ਜੂਨ ਨੂੰ ਪਿੰਡ ਰੋਡੇ ਵਿਖੇ ਪੁੱਜਣਗੇ। ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਗਿਆਨੀ ਜਸਵੀਰ ਸਿੰਘ ਰੋਡੇ ਨੇ ਦਸਿਆ ਕਿ ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਕਿਸੇ ਇੱਕ ਪਰਿਵਾਰ ਦੇ ਨਹੀਂ ਸਨ ਉਹ ਸਭਨਾ ਦੇ ਸਾਂਝੇ ਸਨ ਕਿਉਂਕਿ ਉਨ੍ਹਾਂ ਨੇ ਦੁਨੀਆ ਵਿੱਚ ਸਿੱਖ ਸੰਗਤਾਂ ਵਿਚ ਜਾਗਰਤੀ ਪੈਦਾ ਕੀਤੀ। ਉਨ੍ਹਾਂ ਦੇ 2 ਜੂਨ ਨੂੰ ਮਨਾਏ ਜਾ ਰਹੇ ਸਮਾਗਮ ਮੌਕੇ ਹਰਿਆਣਾ, ਰਾਜਸਥਾਨ ਤੇ ਹੋਰ ਸੂਬਿਆਂ ਅਤੇ ਵਿਦੇਸ਼ਾਂ ਵਿੱਚੋਂ ਵੱਡੀ ਗਿਣਤੀ ਵਿੱਚ ਧਾਰਮਿਕ ਸਖਸ਼ੀਅਤਾਂ ਸ਼ਾਮਲ ਹੋ ਰਹੀਆਂ ਹਨ, ਇਸ ਮੌਕੇ ਮੌਜੂਦਾ ਪੰਥਕ ਹਾਲਾਤ 'ਤੇ ਵੀ ਗੰਭੀਰ ਵਿਚਾਰਾਂ ਕੀਤੀਆਂ ਜਾਣਗੀਆਂ। ਇਸ ਮੌਕੇ ਬਾਬਾ ਚਰਨਜੀਤ ਸਿੰਘ ਜੱਸੋਵਾਲ, ਬਾਬਾ ਦਲੀਪ ਸਿੰਘ ਚਕਰ, ਜਥੇਦਾਰ ਸਵਰਨਜੀਤ ਸਿੰਘ ਤਰਨਾ ਦਲ ਵਾਲੇ, ਬਾਬਾ ਹਰਕ੍ਰਿਸ਼ਨ ਸਿੰਘ ਕੋਠੇ ਜੀਵਾ, ਬਾਬਾ ਬੂਟਾ ਸਿੰਘ ਮਲਿਕ, ਬਾਬਾ ਸੁਰਿੰਦਰਪਾਲ ਸਿੰਘ ਹਵਾਸ, ਭਾਈ ਕੁਲਦੀਪ ਸਿੰਘ ਡੱਲਾ ਤੇ ਹੋਰ ਸਖਸ਼ੀਅਤਾਂ ਵੀ ਸਿੰਘ ਸਾਹਿਬ ਦੇ ਨਾਲ ਸਨ। ਇਸ ਮੌਕੇ ਸੱਦਾ ਪੱਤਰ ਪ੍ਰਵਾਨ ਕਰਨ ਵਾਲੀਆਂ ਸਖਸ਼ੀਅਤਾਂ ਨੇ ਪੂਰਨ ਉਤਸ਼ਾਹ ਸਹਿਤ ਸਮਾਗਮ ਵਿੱਚ ਸ਼ਿਰਕਤ ਕਰਨ ਦੀ ਹਾਮੀ ਭਰੀ ਅਤੇ ਆਏ ਮਹਿਮਾਨ ਸੱਜਣਾ ਦਾ ਸਿਰੋਪਾਓ ਦੇ ਕੇ ਸਵਾਗਤ ਕੀਤਾ।




*ਸੰਤ ਬਾਬਾ ਰਾਮਪਾਲ ਸਿੰਘ ਜੀ ਝਾਡੇ, ਲੁਧਿਆਣਾ ਵਾਲਿਆਂ ਨੂੰ ਸੱਦਾ ਪੱਤਰ ਦਿੰਦੇ ਹੋਏ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਰੋਡੇ ਅਤੇ ਹੋਰ ਸ਼ਖਸੀਅਤਾਂ।*

- **ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸਤਿਕਾਰਤ ਸੱਦਾ-ਪੱਤਰਾਂ ਸਬੰਧੀ ਮੁਹਿੰਮ**
- **ਸੰਗਤਾਂ ਅਤੇ ਪ੍ਰਸਿੱਧ ਸ਼ਖਸੀਅਤਾਂ ਵੱਲੋਂ ਤਿਆਰੀਆਂ ਜ਼ੋਰਾਂ 'ਤੇ**

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਕਿਸਾਨੀ ਮੋਰਚੇ ਦੌਰਾਨ ਬੇਅਦਬੀ ਦੇ ਦੋਸ਼ੀ ਨੂੰ ਮੌਤ ਦੀ ਸਜ਼ਾ ਦੇਣ ਵਾਲੇ ਯੋਧੇ ਜਥੇਦਾਰ ਬਾਬਾ ਨਰੈਣ ਸਿੰਘ ਜੀ

# ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਵਿਖੇ ਪਹੁੰਚੇ



ਆਵਾਜ਼ਿ ਕੌਮ AWAZE QAUM International Newspaper & WEB TV

ਜੰਡਿਆਲਾ ਗੁਰੂ 12 ਮਈ ( ਕੁਲਵੰਤ ਸਿੰਘ ਵਿਰਦੀ ) ਬੀਤੇ ਕੁੱਝ ਸਾਲ ਪਹਿਲਾਂ ਦਿੱਲੀ ਵਿਖੇ ਲੱਗੇ ਕਿਸਾਨੀ ਮੋਰਚੇ ਦੌਰਾਨ ਇਕ ਦੁਸ਼ਟ ਵੱਲੋਂ ਕੀਤੀ ਗਈ ਬੇਅਦਬੀ ਦੇ ਦੋਸ਼ੀ ਨੂੰ ਮੌਤ ਦੀ ਸਜਾ ਦੇਣ ਵਾਲੇ ਜਥੇਦਾਰ ਬਾਬਾ ਨਰੈਣ ਸਿੰਘ ਪਿੰਡ ਅਮਰਕੋਟ 4 ਸਾਲ ਤੋਂ ਉਪਰ ਸੋਨੀਪਤ ਵਿਖੇ ਜੇਲ੍ਹ ਕੱਟਣ ਤੋਂ ਬਾਅਦ ਕੇਸ ਵਿੱਚੋਂ ਬਰੀ ਹੋ ਕਿ ਆਪਣੇ ਪਿੰਡ ਅਮਰਕੋਟ ਵਿਖੇ ਪਹੁੰਚੇ ਅਤੇ ਬੀਤੇ ਦਿਨ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਵਿਖੇ ਦਰਸ਼ਨ ਦੀਦਾਰੇ ਕਰਨ ਲਈ ਆਏ ਇਸ ਮੌਕੇ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸ਼ਿਮਲਾ ਹਿਮਾਚਲ ਪ੍ਰਦੇਸ਼ ਦਾ ਮੁੱਖ ਸੇਵਾਦਾਰ ਸੰਤ ਬਾਬਾ ਸੁੱਖਾ ਸਿੰਘ ਜੀ ਨੇ ਸਿਰਪਾਓ ਪਾ ਕਿ ਸਨਮਾਨਿਤ ਕੀਤਾ ਗਿਆ ! ਇਸ ਮੌਕੇ ਜਥੇਦਾਰ ਬਾਬਾ ਨਰੈਣ ਸਿੰਘ ਜੀ ਨੇ ਕਿਹਾ ਕਿ ਪੰਜਾਬ ਵਿੱਚ ਲੰਮੇ ਸਮੇਂ ਤੋਂ ਹੋ ਰਹੀਆਂ ਬੇਅਦਬੀ ਦੀਆਂ ਘਟਨਾਵਾਂ ਇਕ ਬਹੁਤ ਵੱਡੀ ਚਿੰਤਾ ਦਾ ਵਿਸਾ ਹੈ ਅਤੇ ਬੇਅਦਬੀ ਦੇ ਦੋਸ਼ੀਆਂ ਨੂੰ ਮੌਕੇ ਤੇ ਹੀ ਸਜਾ ਦੇਣੀ ਚਾਹੀਦੀ ਹੈ ਅਤੇ ਉਸ ਸਮੇਂ ਬੇਅਦਬੀ ਦੇ ਦੋਸੀ ਨੂੰ ਮੌਤ ਦੀ ਸਜਾ ਦੇਣੀ ਸਾਡੇ ਹਿਸੇ ਆ ਗਈ ਅਤੇ ਇਹ ਸੇਵਾ ਗੁਰੂ ਸਾਹਿਬ ਜੀ ਨੇ ਆਪ ਲਈ ਹੈ ਇਸ ਵਿੱਚ ਬੇਸ਼ੱਕ ਸਾਡਾ ਨਾਮ ਜੁੜਦਾ ਹੈ ਪਰ ਅਸਲ ਵਿੱਚ ਪ੍ਰਮਾਤਮਾ ਨੇ ਖੁਦ ਸਜਾ ਸਾਡੇ ਕੋਲੋਂ ਦਿਵਾਈ ਹੈ ! ਅੱਗੇ ਉਨਾਂ ਕਿਹਾ ਕਿ ਗੁਰੂ ਘਰ ਦੇ ਦੋਖੀਆਂ ਨੂੰ ਕਹਿਣਾ ਚਾਹੁੰਦੇ ਹਾਂ ਕਿ ਖਾਲਸਾ ਅਜੇ ਜਿਊਦਾ ਹੈ ਇਸ ਲਈ ਐਸੀਆਂ ਘਟਨਾਵਾਂ ਤੋਂ ਗੁਰੇਜ ਕਰੋ ਕਿਸੇ ਵੀ ਗੁਰੂ ਘਰ ਦੇ ਦੋਖੀ ਨੂੰ ਬਖਸ਼ਿਆ ਨਹੀਂ ਜਾਵੇਗਾ ! ਇਸ ਮੌਕੇ ਸੰਤ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਆਉਣ ਵਾਲੇ ਭਵਿੱਖ ਵਿੱਚ ਗੁਰੂ ਘਰ ਦੇ ਦੋਖੀਆਂ ਨੂੰ ਸਮਝ ਲੈਣਾ ਚਾਹੀਦਾ ਹੈ ਕਿ ਜਿਵੇਂ ਜਥੇਦਾਰ ਬਾਬਾ ਨਰੈਣ ਸਿੰਘ ਜੀ ਪਾਸੋਂ ਗੁਰੂ ਸਾਹਿਬ ਜੀ ਨੇ ਸੇਵਾ ਲਈ ਹੈ ਇਸੇ ਤਰ੍ਹਾਂ ਗੁਰੂ ਘਰ ਦੇ ਦੋਖੀ ਸੋਧੇ ਜਾਣਗੇ ਹੁਣ ਤਾਂ ਪੰਜਾਬ ਸਰਕਾਰ ਨੇ ਵੀ ਬੇਅਦਬੀ ਸੰਬੰਧੀ ਸਖਤ ਧਾਰਾਵਾਂ ਤਹਿਤ ਕਾਨੂੰਨ ਬਣਾ ਦਿੱਤਾ ਹੈ ਬੇਸ਼ੱਕ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੀ ਇਸ ਕਾਨੂੰਨ ਵਿੱਚ ਸੋਧ ਕਰਨ ਦੀ ਗੱਲ ਕਰ ਰਹੇ ਹਨ ਹੋ ਸਕਦਾ ਸਰਕਾਰ ਵੀ ਇਸ ਕਾਨੂੰਨ ਵਿੱਚ ਸੋਧ ਕਰ ਦੇਵੇ ਪਰ ਫਿਰ ਵੀ ਇਹ ਕਾਨੂੰਨ ਸਖਤ ਹੀ ਹੋਵੇਗਾ ! ਅਤੇ ਕਾਨੂੰਨ ਬਣਨ ਨਾਲ ਬੇਅਦਬੀ ਦੀਆਂ ਦੁਖਦਾਈ ਘਟਨਾਵਾਂ ਤੇ ਰੋਕ ਲੱਗੇਗੀ ! ਅੱਗੇ ਸੰਤ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਅੱਜ ਜਥੇਦਾਰ ਬਾਬਾ ਨਰੈਣ ਸਿੰਘ ਜੀ ਸਿੰਘਾਂ ਸਮੇਤ ਤਪ ਅਸਥਾਨ ਗੁਰਦੁਆਰਾ ਸਾਹਿਬ ਵਿਖੇ ਪਹੁੰਚੇ ਹਨ ਅਤੇ ਇਹ ਸਿੱਖ ਕੌਮ ਦੇ ਯੋਧੇ ਹਨ ਜਿੰਨਾਂ ਨੇ ਆਪਣੀ ਪ੍ਰਵਾਹ ਕਰੇ ਬਿਨਾਂ ਬੇਅਦਬੀ ਦੇ ਦੋਸ਼ੀ ਨੂੰ ਮੌਤ ਦੀ ਸਜਾ ਦਿੱਤੀ ਅਤੇ ਲੰਮਾ ਸਮਾਂ ਜੇਲ੍ਹ ਕੱਟਣ ਤੋਂ ਬਾਅਦ ਅੱਜ ਇਥੇ ਪਹੁੰਚੇ ਹਨ ਮੈਂ ਜਥੇਦਾਰ ਬਾਬਾ ਨਰੈਣ ਸਿੰਘ ਅਤੇ ਸਮੂਹ ਸਿੰਘਾਂ ਦਾ ਧੰਨਵਾਦ ਕਰਦਾ ਹਾਂ !

**ਸਰਕਾਰ ਵੱਲੋਂ ਬਣਾਏ ਗਏ ਬੇਅਦਬੀ ਕਾਨੂੰਨ 'ਚ ਗੁਰੂ ਘਰ ਦੇ ਦੋਖੀ ਬਖਸੇ ਨਹੀਂ ਜਾਣਗੇ-ਸੰਤ ਬਾਬਾ ਸੁੱਖਾ ਸਿੰਘ**

ਮੀਰੀ ਪੀਰੀ ਕਾਲਜ ਦਾ ਕੇਸ ਹਾਈਕੋਰਟ ਵਿਚੋਂ ਜਿੱਤਣ ਲਈ

# ਜਥੇਦਾਰ ਦਾਦੂਵਾਲ ਜੀ ਨੇ ਇੱਕ ਜਰਨੈਲ ਦੀ ਭੂਮਿਕਾ ਨਿਭਾਈ : ਚੇਅਰਮੈਨ ਭੋਮਾ





**ਨਵੀਂ ਦਿੱਲੀ, 12 ਮਈ (ਆਵਾਜ਼ਿ ਕੌਮ ਬਿਊਰੋ)**- ਅੱਜ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਪੰਜਾਬ ਦੇ ਚੇਅਰਮੈਨ ਮਨਜੀਤ ਸਿੰਘ ਭੋਮਾ ਨੇ ਮੀਰੀ ਪੀਰੀ ਕਾਲਜ ਅਤੇ ਹਸਪਤਾਲ ਦਾ ਕੇਸ ਜਿੱਤਣ ਤੇ ਹਰਿਆਣਾ ਦੀਆਂ ਸਿੱਖ ਸੰਗਤਾਂ ਅਤੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੂੰ ਵਧਾਈਆਂ ਦਿੱਤੀਆਂ । ਉਨਾਂ ਕਿਹਾ ਕੇ ਮਾਣਯੋਗ ਹਾਈਕੋਰਟ ਦੇ ਇਸ ਫੈਸਲੇ ਨਾਲ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਦੀ ਬਹੁਤ ਵੱਡੀ ਜਿੱਤ ਅਤੇ ਬਾਦਲਾਂ ਦੀ ਲੱਕ ਤੋੜਵੀਂ ਵੱਡੀ ਹਾਰ ਹੋਈ ਹੈ। ਜਥੇਦਾਰ ਦਾਦੂਵਾਲ ਸਾਹਿਬ ਵਲੋਂ ਇਸ ਮੁੱਦੇ ਨੂੰ ਲੋਕਾਂ ਵਿੱਚ ਲਿਜਾਣਾ ਤੇ ਵੱਡੇ ਵਕੀਲਾਂ ਦੀ ਅਣਥੱਕ ਮਿਹਨਤ ਅਤੇ ਯਤਨਾਂ ਸਦਕਾ ਅੱਜ ਮੀਰੀ ਪੀਰੀ ਹਸਪਤਾਲ ਤੇ ਪੂਰਨ ਤੌਰ ਤੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਅਧਿਕਾਰ ਹੋ ਗਿਆ ਹੈ । ਪਹਿਲਾਂ ਵੀ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਬਣਾਉਣ ਦਾ ਕੇਸ ਮਾਣਯੋਗ ਸੁਪਰੀਮ ਕੋਰਟ ਵਿੱਚੋਂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਆਪਣੇ ਵੱਡੇ ਵਕੀਲਾਂ ਰਾਹੀਂ ਤੇ ਸਰਕਾਰਾਂ ਤੇ ਆਪਣਾ ਅਸਰ ਰਸੂਖ ਵਰਤਕੇ ਜਿੱਤਿਆ ਤੇ ਹਰਿਆਣਾ ਦੇ ਸਿੱਖਾਂ ਨੂੰ ਉਹਨਾਂ ਦਾ ਬਣਦਾ ਹੱਕ ਦਿਵਾਇਆ ਸੀ ਅਤੇ ਬਾਦਲਾਂ ਦਾ ਹਰਿਆਣੇ ਵਿੱਚੋਂ ਬੋਰੀ ਬਿਸਤਰਾ ਗੋਲ ਕਰਵਾਇਆਂ ਸੀ । ਜਥੇਦਾਰ ਦਾਦੂਵਾਲ ਨੇ ਮੀਰੀ ਪੀਰੀ ਹਸਪਤਾਲ ਤੇ ਬਾਦਲਾਂ ਦੇ ਨਿੱਜੀ ਟਰੱਸਟ ਦਾ ਅਧਿਕਾਰ ਖੋਹ ਕੇ ਹਰਿਆਣੇ ਦੇ ਸਿੱਖਾਂ ਦੀ ਝੋਲੀ ਪਾ ਦਿੱਤਾ ਹੈ । ਜਿਸ ਨਾਲ਼ ਹਰਿਆਣੇ ਦੇ ਸਿੱਖਾਂ ਵਿੱਚ ਥਾਂ ਥਾਂ ਖੁਸ਼ੀ ਪਾਈਂ ਜਾ ਰਹੀ ਹੈ ਤੇ ਲੱਡੂ ਵੰਡੇ ਜਾ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

**ਪਾਵਰਕਾਮ ਅਤੇ ਟ੍ਰਾਂਸਕੋ ਅਦਾਰੇ ਵਿੱਚ ਕੰਮ ਕਰਦੇ ਆਊਟਸੋਰਸਿੰਗ ਕਾਮਿਆਂ ਦੀਆਂ ਸੇਵਾਵਾਂ ਰੈਗੂਲਰ ਕੀਤੀਆਂ ਜਾਣ**

# 17 ਮਈ ਦੀ ਜਲੰਧਰ ਕੰਨਵੈਂਨਸ਼ਨ ਅਤੇ 19 ਮਈ ਦੀ ਮੁਹਾਲੀ ਰੈਲੀ ਵਿੱਚ ਵਹੀਰਾਂ ਘੱਤ ਕੇ ਪਹੁੰਚਣ ਦਾ ਸੱਦਾ

**ਤਰਨ ਤਾਰਨ, 12 ਮਈ (ਆਵਾਜ਼ਿ ਕੌਮ ਬਿਊਰੋ)**-ਬਿਜਲੀ ਕਾਮਿਆਂ ਦੀ ਸਿਰਮੌਰ ਜਥੇਬੰਦੀ ਪੀਐਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਦੀ ਸੂਬਾ ਕਮੇਟੀ ਨੇ ਪਾਵਰਕਾਮ ਅਤੇ ਟ੍ਰਾਂਸਕੋ ਕਾਰਪੋਰੇਸ਼ਨਾਂ ਵਿੱਚ ਪਿਛਲੇ 15 ਸਾਲ ਤੋਂ ਵੱਖ - ਵੱਖ ਅਸਾਮੀਆਂ ਤੇ ਪੈਸਕੋ ਸਮੇਤ ਹੋਰ ਆਊਟਸੋਰਸਿੰਗ ਏਜੰਸੀਆਂ ਰਾਹੀਂ ਠੇਕੇ ਤੇ ਕੰਮ ਕਰ ਰਹੇ ਕਾਮਿਆਂ ਨੂੰ ਪਾਵਰਕਾਮ ਅਤੇ ਟ੍ਰਾਂਸਕੋ ਦੇ ਰੋਲ ਤੇ ਲੈਣ ਦੀ ਜੋਰਦਾਰ ਮੰਗ ਕੀਤੀ ਹੈ। ਜਥੇਬੰਦੀ ਨੇ ਕਿਹਾ ਕਿ ਜੇਕਰ ਮੈਨੇਜਮੈਂਟ ਕਾਮਿਆਂ ਨੂੰ ਆਪਣੇ ਰੋਲ ਤੇ ਲੈ ਲਵੇ ਤਾਂ ਜਿਥੇ ਠੇਕੇਦਾਰੀ ਪ੍ਰਥਾ ਦਾ ਖਾਤਮਾ ਹੋਵੇਗਾ ਉਥੇ ਕਾਮਿਆਂ ਦਾ ਆਰਥਿਕ ਸ਼ੋਸ਼ਣ ਵੀ ਰੁਕ ਜਾਵੇਗਾ । ਜਥੇਬੰਦੀ ਨੇ ਪੰਜਾਬ ਸਰਕਾਰ ਨੂੰ ਵੀ ਗੁਹਾਰ ਲਗਾਈ ਹੈ ਕਿ ਪੈਸਕੋ ਸਮੇਤ ਹੋਰ ਏਜੰਸੀਆਂ ਰਾਹੀਂ ਠੇਕੇ ਤੇ ਰੱਖੇ ਕਾਮਿਆਂ ਤੇ ਰੁਜ਼ਗਾਰ ਖੁਸ ਜਾਣ ਦੀ ਲਟਕ ਰਹੀ ਤਲਵਾਰ ਨੂੰ ਖਤਮ ਕਰਨ ਲਈ ਲੋੜੀਂਦੀ ਦਖਲਅੰਦਾਜ਼ੀ ਕਰਕੇ ਮਸਲੇ ਦਾ ਹੱਲ ਕੀਤਾ ਜਾਵੇ। ਇਸ ਮਸਲੇ ਸਬੰਧੀ ਜਥੇਬੰਦੀ ਦੀ ਸੂਬਾ ਕਮੇਟੀ ਮੀਟਿੰਗ ਸੂਬਾ ਪ੍ਰਧਾਨ ਮਨਜੀਤ ਸਿੰਘ ਬਾਸਰਕੇ ਦੀ ਪ੍ਰਧਾਨਗੀ ਹੇਠ ਹੋਈ । ਜਿਸ ਵਿੱਚ ਸੂਬਾ ਕਮੇਟੀ ਆਗੂਆਂ ਰਾਕੇਸ਼ ਸੈਣੀ, ਦਵਿੰਦਰ ਸਿੰਘ ਰੋਪੜ , ਮਨਿੰਦਰ ਸਿੰਘ ਮੁਕਤਸਰ , ਕੁਲਵਿੰਦਰ ਸਿੰਘ ਬਾਗੜੀਆਂ , ਮੋਹਨ ਸਿੰਘ ਗਿੱਲ , ਅਰੁਣ ਕੁਮਾਰ ਬਠਿੰਡਾ , ਸਾਹਿਬ ਸਿੰਘ ਧਾਲੀਵਾਲ , ਗੁਰਪ੍ਰੀਤ ਸਿੰਘ ਮਹਿਦੂਦਾਂ , ਕ੍ਰਿਸ਼ਨ ਕਾਂਤ ਸੰਗਰੂਰ , ਜਸਵਿੰਦਰ ਸਿੰਘ ਬਰਗਾੜੀ , ਲਖਬੀਰ ਸਿੰਘ ਸੰਗਰੂਰ , ਰਾਮ ਸਿੰਘ ਰੋਪੜ ਥਰਮਲ , ਠਾਕਰਪ੍ਰੀਤ ਸਿੰਘ ਤੋਂ ਇਲਾਵਾ ਕੁੱਲ ਹਿੰਦ ਬਿਜਲੀ ਫੈਡਰੇਸ਼ਨ ਦੇ ਆਗੂ ਗੁਰਪ੍ਰੀਤ ਸਿੰਘ ਗੰਡੀਵਿੰਡ , ਸੁਰਿੰਦਰਪਾਲ ਸਿੰਘ ਲਾਹੌਰੀਆ, ਰਛਪਾਲ ਸਿੰਘ ਪਾਲੀ , ਦਰਸ਼ਨ ਲਾਲ ਮੋਗਾ ,ਸਾਬਕਾ ਸੂਬਾ ਆਗੂ ਕਰਮਚੰਦ ਭਾਰਦਵਾਜ ,ਸਾਬਕਾ ਸੂਬਾ ਪ੍ਰਧਾਨ ਜਰਨੈਲ ਸਿੰਘ ਔਲਖ ,ਸਾਬਕਾ ਜਨਰਲ ਸਕੱਤਰ ਬਲਜੀਤ ਸਿੰਘ ਮੋਦਲਾ ਆਦਿ ਨੇ ਵੀ ਹਿੱਸਾ ਲਿਆ । ਇਸ ਮੀਟਿੰਗ ਦੀ ਕਾਰਵਾਈ ਬਾਰੇ ਪ੍ਰੈਸ ਨੂੰ ਜਾਣਕਾਰੀ ਦੇਦਿਆਂ ਜਥੇਬੰਦੀ ਦੇ ਸੂਬਾ ਜਨਰਲ ਸਕੱਤਰ ਹਰਵਿੰਦਰ ਸਿੰਘ ਅਕਾਲਗੜ੍ਹ ਨੇ ਦੱਸਿਆ ਕਿ ਪਾਵਰਕਾਮ ਅਦਾਰੇ ਦੀ ਮੈਨੇਜਮੈਂਟ ਨੇ ਪਿਛਲੇ ਦਿਨੀ ਮਹਿਕਮੇ ਵਿੱਚ ਕੰਮ ਕਰਦੇ ਸੀ ਐਚ ਬੀ ਕਾਮਿਆਂ ਨੂੰ ਜਿਵੇਂ ਮਹਿਕਮੇ ਦੇ ਰੋਲ ਤੇ ਲੈ ਕੇ ਸਲਾਘਾਯੋਗ ਕੰਮ ਕੀਤਾ ਹੈ ਉਸੇ ਤਰ੍ਹਾਂ ਪੈਸਕੋ ਅਤੇ ਹੋਰ ਏਜੰਸੀਆਂ ਰਾਹੀਂ ਆਊਟਸੋਰਸਿੰਗ ਦੇ ਅਧੀਨ ਕੰਮ ਕਰਦੇ ਕਾਮਿਆਂ ਨੂੰ ਵੀ ਮਹਿਕਮੇ ਦੇ ਰੋਲ ਤੇ ਜਲਦੀ ਤੋਂ ਜਲਦੀ ਲੈ ਕੇ ਪਿਛਲੇ 15 ਸਾਲਾਂ ਤੋਂ ਏਜੰਸੀਆਂ ਅਧੀਨ ਘੱਟ ਤਨਖਾਹ ਤੇ ਕੰਮ ਕਰ ਰਹੇ ਕਾਮਿਆਂ ਨੂੰ ਇਨਸਾਫ ਦਿੱਤਾ ਜਾਵੇ । ਇਸ ਮੀਟਿੰਗ ਵਿੱਚ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਦੇ ਸੂਬਾ ਪੱਧਰੀ ਸੱਦੇ ਤੇ 17 ਮਈ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਪੰਜਾਬ ਸਰਕਾਰ ਦੇ ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਵਤੀਰੇ ਖਿਲਾਫ ਹੋ ਰਹੀ ਕੰਨਵੈਂਨਸ਼ਨ ਵਿੱਚ ਲੱਗੇ ਕੋਟਿਆਂ ਮੁਤਾਬਕ ਜਥੇਬੰਦੀ ਦੇ ਵਰਕਰਾਂ ਨੂੰ ਪਹੁੰਚਣ ਦਾ ਸੱਦਾ ਦਿੱਤਾ ਇਸੇ ਤਰ੍ਹਾਂ 19 ਮਈ ਨੂੰ ਪੰਜਾਬ ਏਟਕ ਦੇ ਸੱਦੇ ਤੇ ਲੇਬਰ ਕਮਿਸ਼ਨਰ ਦਫਤਰ ਮੁਹਾਲੀ ਸਾਹਮਣੇ ਦਿੱਤੇ ਜਾ ਰਹੇ ਰੋਸ ਧਰਨੇ ਵਿੱਚ ਵੀ ਜਥੇਬੰਦੀ ਦੇ ਆਗੂਆਂ ਅਤੇ ਵਰਕਰਾਂ ਨੂੰ ਭਰਵੀਂ ਸ਼ਮੂਲੀਅਤ ਕਰਨ ਲਈ ਵਹੀਰਾਂ ਘੱਤ ਕੇ ਪਹੁੰਚਣ ਦਾ ਸੱਦਾ ਦਿੱਤਾ । ਜਥੇਬੰਦੀ ਨੇ ਪਾਵਰਕਾਮ ਮੈਨੇਜਮੈਂਟ ਕੋਲੋਂ ਮੰਗ ਕੀਤੀ ਕਿ ਬਿਜਲੀ ਕਾਮਿਆਂ ਅਤੇ ਪੈਨਸ਼ਨਰਾਂ ਦੀਆਂ ਹੋਏ ਸਮਝੌਤਿਆਂ ਤਹਿਤ ਮੰਨੀਆਂ ਹੋਈਆਂ ਮੰਗਾਂ ਨੂੰ ਤੁਰੰਤ ਲਾਗੂ ਕੀਤਾ ਜਾਵੇ ਤਾਂ ਜੋ ਇਸ ਸਨਅਤੀ ਅਦਾਰੇ ਦਾ ਮਾਹੌਲ ਸ਼ਾਂਤ ਰੱਖਿਆ ਜਾ ਸਕੇ।

# ਵਾਰਡ ਨੰਬਰ 19 ਤੋਂ ਮਨਪ੍ਰੀਤ ਕੌਰ ਪਤਨੀ ਮਨਪ੍ਰੀਤ ਸਿੰਘ ਬਾਲੀ ਰਟੌਲ ਅਜ਼ਾਦ ਉਮੀਦਵਾਰ ਵੱਜੋਂ ਚੋਣ ਲੜਨਗੇ





**ਧੂਰੀ ( ਰਣਜੀਤ ਸਿੰਘ ਪੇਧਨੀ )**-ਚੋਣ ਕਮਿਸ਼ਨ ਪੰਜਾਬ ਵੱਲੋਂ 26 ਮਈ ਨੂੰ ਕਰਵਾਈਆਂ ਜਾ ਰਹੀਆਂ ਨਗਰ ਨਿਗਮ ਅਤੇ ਨਗਰ ਕੌਂਸਲ ਦੀਆਂ ਚੋਣਾਂ ਲਈ ਬਿਗਲ ਵੱਜ ਚੁੱਕਿਆ ਹੈ ਵੱਖ ਪਾਰਟੀਆਂ ਵੱਲੋਂ ਆਪਣੇ ਆਪਣੇ ਉਮੀਦਵਾਰਾਂ ਦਾ ਐਲਾਨ ਕੀਤਾ ਜਾ ਰਿਹਾ ਹੈ। ਨਗਰ ਕੌਂਸਲ ਧੂਰੀ ਦੀਆਂ ਚੋਣਾਂ ਲਈ ਵਾਰਡ ਨੰਬਰ 19 ਤੋਂ ਉੱਘੇ ਸਮਾਜ ਸੇਵੀ ਸ ਮਨਪ੍ਰੀਤ ਸਿੰਘ ਬਾਲੀ ਰਟੌਲ ਦੀ ਧਰਮ ਪਤਨੀ ਸ਼੍ਰੀਮਤੀ ਮਨਪ੍ਰੀਤ ਕੌਰ ਵੱਲੋਂ ਅਜ਼ਾਦ ਉਮੀਦਵਾਰ ਵੱਜੋਂ ਚੋਣ ਲੜਨ ਦਾ ਐਲਾਨ ਕੀਤਾ ਗਿਆ ਹੈ। ਇੱਥੇ ਇਹ ਵਰਨਣਯੋਗ ਹੈ ਕਿ ਰਟੌਲ ਪਰਿਵਾਰ ਦੀ ਵਾਰਡ ਨੰਬਰ 19 ਜਨਤਾ ਨਗਰ ਵਿੱਚ ਕਾਫ਼ੀ ਵਧੀਆ ਰਸੂਖ਼ ਹੈ ਸ ਮਨਪ੍ਰੀਤ ਸਿੰਘ ਬਾਲੀ ਰਟੌਲ ਇੱਕ ਮਿਲਣਸਾਰ ਅਤੇ ਖੁਸ਼ਿਮਜਾਜ਼ ਦੇ ਇਨਸਾਨ ਹਨ। ਸੋ ਵਾਰਡ ਨੰਬਰ 19 ਦੇ ਸਮੂਹ ਵੋਟਰਾਂ ਨੂੰ ਪੁਰਜ਼ੋਰ ਅਪੀਲ ਹੈ ਕਿ ਆਉਣ ਵਾਲੀ 26 ਮਈ ਨੂੰ ਮਨਪ੍ਰੀਤ ਕੌਰ ਰਟੌਲ ਨੂੰ ਵੱਧ ਤੋਂ ਵੱਧ ਵੋਟਾਂ ਪਾ ਕੇ ਕਾਮਯਾਬ ਕਰੋ ਤਾਂ ਕਿ ਵਾਰਡ ਨੰਬਰ 19 ਦਾ ਸਰਵਪੱਖੀ ਵਿਕਾਸ ਹੋ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

# ਨਸ਼ਿਆਂ ਸਬੰਧੀ 02 ਕੇਸ ਦਰਜ; 02 ਮੁਲਜ਼ਮ ਗ੍ਰਿਫਤਾਰ; 29.20 ਗ੍ਰਾਮ ਹੈਰੋਇਨ ਬਰਾਮਦ

ਆਬਕਾਰੀ ਐਕਟ ਤਹਿਤ 01 ਮੁਕੱਦਮਾ ਦਰਜ; 01 ਮੁਲਜ਼ਮ ਗ੍ਰਿਫਤਾਰ; 24 ਬੋਤਲਾਂ ਸ਼ਰਾਬ ਬ੍ਰਾਮਦ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਡਾ. ਰਵਜੋਤ ਗਰੇਵਾਲ, ਐਸ.ਐਸ.ਪੀ., ਸੰਗਰੂਰ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਬ ਡਵੀਜ਼ਨ ਸੰਗਰੂਰ ਪੁਲਿਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਅਤੇ ਮਾੜੇ ਅਨਸਰਾਂ ਵਿਰੁੱਧ ਚਲਾਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਲੰਘੇ ਹਫਤੇ ਮਿਤੀ 06.05.2026 ਤੋਂ 11.05.2026 ਦੌਰਾਨ ਡਰੱਗ ਦੇ 02 ਕੇਸ ਦਰਜ ਕਰਕੇ 02 ਮੁਲਜ਼ਮਾਂ ਨੂੰ ਗ੍ਰਿਫਤਾਰ ਕਰਨ ਉਪਰੰਤ 29.20 ਗ੍ਰਾਮ ਹੈਰੋਇਨ/ਚਿੱਟਾ ਅਤੇ ਆਬਕਾਰੀ ਐਕਟ ਤਹਿਤ 01 ਮੁਕੱਦਮਾ ਦਰਜ ਕਰਕੇ 01 ਮੁਲਜ਼ਮ ਨੂੰ ਗ੍ਰਿਫਤਾਰ ਕਰਕੇ ਉਸ ਪਾਸੋਂ 17 ਬੋਤਲਾਂ ਸ਼ਰਾਬ ਠੇਕਾ ਦੇਸੀ ਰਾਜਧਾਨੀ ਅਤੇ 09 ਬੋਤਲਾਂ ONE WHISKY ਕੁੱਲ 24 ਬੋਤਲਾਂ ਬ੍ਰਾਮਦ ਕੀਤੀਆਂ ਗਈਆਂ। ਇਸ ਤੋਂ ਇਲਾਵਾ ਹੀਨੀਅਸ ਕ੍ਰਾਈਮ ਵਾ ਹੋਰ ਜੁਰਮਾਂ ਤਹਿਤ ਵੀ 11 ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਗਿਆ ਅਤੇ ਨਸ਼ੇ ਦੀ ਦਲਦਲ ਵਿੱਚ ਫਸੇ 05 ਵਿਅਕਤੀਆਂ ਨੂੰ ਨਸ਼ੇ ਤੋਂ ਨਿਜਾਤ ਦਿਵਾਉਣ ਲਈ ਦਵਾਈ ਦਿਵਾਈ ਗਈ ਹੈ। ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਹੀਕਲਾਂ ਦੇ ਵੱਖ-ਵੱਖ ਜੁਰਮਾਂ ਤਹਿਤ ਕਰੀਬ 102 ਟਰੈਫਿਕ ਚਲਾਣ ਕੀਤੇ ਗਏ ਹਨ। ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕਰਕੇ 75 ਵਿਅਕਤੀਆਂ ਵਿਰੁੱਧ 172 BNSS ਤਹਿਤ ਕਾਰਵਾਈ ਕੀਤੀ ਗਈ ਅਤੇ 03 ਵਿਅਕਤੀਆਂ ਵਿਰੁੱਧ ਰੋਕੂ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ। ਪਬਲਿਕ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

# ਅਕਾਲੀ ਦਲ ਬਾਦਲ ਦੀ ਕੋਰ ਕਮੇਟੀ ਐਸ.ਜੀ.ਪੀ.ਸੀ ਪ੍ਰਧਾਨ ਨੂੰ ਕਿਸ ਹੈਸੀਅਤ ਵਿੱਚ ਹਦਾਇਤ ਕਰ ਰਹੀ ਹੈ - ਸ ਰਵੀਇੰਦਰ ਸਿੰਘ



**ਚੰਡੀਗੜ੍ਹ, 12 ਮਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸਰਪ੍ਰਸਤ ਅਤੇ ਸਾਬਕਾ ਸਪੀਕਰ ਸ ਰਵੀਇੰਦਰ ਸਿੰਘ ਨੇ ਦੋਸ਼ ਲਾਇਆ ਹੈ ਕਿ ਇਕ ਪਾਸੇ ਅਕਾਲੀ ਦਲ ਬਾਦਲ ਦਾਅਵਾ ਕਰਦਾ ਹੈ ਕਿ ਉਹ ਸ਼੍ਰੋਮਣੀ ਕਮੇਟੀ ਵਿੱਚ ਦਖਲ ਅੰਦਾਜ਼ੀ ਨਹੀ ਕਰਦਾ, ਦੂਜੇ ਪਾਸੇ ਕੋਰ ਕਮੇਟੀ ਦੀ ਬੈਠਕ ਵਿੱਚ ਚੰਡੀਗੜ੍ਹ ਤੋਂ ਸ ਹਰਜਿੰਦਰ ਸਿੰਘ ਧਾਮੀ ਨੂੰ ਹਦਾਇਤ ਕੀਤੀ ਜਾ ਰਹੀ ਹੈ ਕਿ ਉਹ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ 2026' ਵਿੱਚ ਸੋਧ ਕਰਾਉਣ ਲਈ ਮਾਹਿਰਾਂ ਦਾ ਪੈਨਲ ਬਣਾ ਕੇ ਮਸਲਾ ਚੁੱਕਣ। ਅਕਾਲੀ ਦਲ ਦੇ ਇਕ ਸਦੀ ਦੇ ਇਤਿਹਾਸ ਵਿੱਚ ਇਹ ਉਲਟੀ ਗੰਗਾ ਵਹਿ ਰਹੀ ਹੈ ਜਦੋਂ ਬਾਦਲ ਦਲ ਆਪਣਾ ਸੰਕਟ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਅਤੇ ਸ਼੍ਰੋਮਣੀ ਕਮੇਟੀ ਦੇ ਗਲ ਪਾ ਰਿਹਾ ਹੈ। ਜਦਕਿ ਕੌਮ 'ਤੇ ਜਦੋਂ ਵੀ ਕੋਈ ਧਾਰਮਿਕ ਸੰਕਟ ਆਉਂਦਾ ਸੀ ਤਾਂ ਉਸਦੀ ਲੜਾਈ ਖੁਦ ਅਕਾਲੀ ਦਲ ਲੜਦਾ ਸੀ। ਸ ਰਵੀਇੰਦਰ ਸਿੰਘ ਨੇ ਕਿਹਾ ਕਿ ਸ ਬਾਦਲ ਨੇ ਪਤਾ ਨਹੀਂ ਕਿਸ ਲਾਲਚ ਤਹਿਤ ਸ੍ਰੀ ਅਕਾਲ ਤਖਤ ਸਾਹਿਬ ਨੂੰ ਸਰਕਾਰ ਦੇ ਨਾਲ ਸਿੱਧੇ ਟਕਰਾਅ ਵਿੱਚ ਪਾ ਦਿੱਤਾ, ਜਿਸਦੇ ਨਤੀਜੇ ਪੂਰੀ ਕੌਮ ਲਈ ਘਾਤਕ ਹੋ ਸਕਦੇ ਹਨ। ਜਥੇਦਾਰ ਅਕਾਲ ਤਖ਼ਤ ਸਾਹਿਬ ਦੀ ਤਾਕਤ ਸ਼੍ਰੋਮਣੀ ਕਮੇਟੀ ਹੈ, ਇਸ ਲਈ ਇਸ ਮਸਲੇ ਦੇ ਹੱਲ ਲਈ ਜਥੇਦਾਰ ਸਾਹਿਬ ਨੂੰ ਸ਼੍ਰੋਮਣੀ ਕਮੇਟੀ ਨੂੰ ਹਦਾਇਤ ਕਰਨੀ ਚਾਹੀਦੀ ਸੀ। ਸ਼੍ਰੋਮਣੀ ਕਮੇਟੀ ਨੂੰ ਇਸ ਲੜਾਈ ਲਈ ਆਪਣੀ ਰਾਜਸੀ ਤਾਕਤ ਸ਼੍ਰੋਮਣੀ ਅਕਾਲੀ ਦਲ ਨੂੰ ਅੱਗੇ ਕਰਨਾ ਚਾਹੀਦਾ ਸੀ। ਪਰ ਇਕ ਪਾਸੇ ਤਾਂ ਜਥੇਦਾਰ ਸਾਹਿਬ ਸਰਕਾਰ ਨੂੰ ਪੰਦਰਾਂ ਦਿਨ ਦਾ ਅਲਟੀਮੇਟਮ ਦੇ ਚੁੱਕੇ ਹਨ। ਜਿਸਦੇ ਜਵਾਬ ਵਿੱਚ ਮੁੱਖ ਮੰਤਰੀ ਕਹਿ ਚੁੱਕਿਆ ਹੈ ਕਿ ਭਾਵੇਂ ਕੁਝ ਵੀ ਹੋ ਜਾਵੇ ਹੁਣ ਕਾਨੂੰਨ ਨਹੀਂ ਬਦਲਿਆ ਜਾਵੇਗਾ। ਇਸ ਤਰਾਂ ਦੋਹਾਂ ਧਿਰਾਂ ਵਿੱਚ ਟਕਰਾਅ ਵਾਲੀ ਸਥਿਤੀ ਬਣ ਜਾਣ ਤੋਂ ਬਾਦ ਬਾਦਲ ਦਲ ਦੀ ਕੋਰ ਕਮੇਟੀ ਚੰਡੀਗੜ੍ਹ ਤੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਨੂੰ ਮਾਹਿਰਾਂ ਦਾ ਪੈਨਲ ਬਣਾ ਕੇ ਮਸਲਾ ਹੱਲ ਕਰਨ ਬਾਰੇ ਕਹਿ ਰਹੀ ਹੈ। ਇਸ ਗੱਲ ਤੋਂ ਇੰਝ ਲਗਦਾ ਹੈ ਕਿ ਜਿਵੇਂ ਸ ਸੁਖਬੀਰ ਸਿੰਘ ਨੂੰ ਯਾਦ ਵੀ ਨਾ ਹੋਵੇ ਕਿ ਸ੍ਰੀ ਅਕਾਲ ਤਖਤ ਸਾਹਿਬ ਸਰਕਾਰ ਨਾਲ ਸਿੱਧੇ ਟਕਰਾਅ ਵਿੱਚ ਆ ਚੁੱਕਿਆ ਹੈ। ਸੁਖਬੀਰ ਸਿੰਘ ਬਾਦਲ ਨੂੰ ਤਾਂ ਇਹ ਵੀ ਯਾਦ ਨਹੀਂ ਕਿ ਇਸ ਐਕਟ ਦੀ ਸ਼ਬਦਾਵਲੀ ਉਹਨਾਂ ਦੀ ਹੀ ਤਿਆਰ ਕਰਵਾਈ ਹੋਈ ਹੈ, ਜਿਸ ਤੋਂ ਹੁਣ ਵਿਵਾਦ ਖੜੇ ਕੀਤੇ ਜਾ ਰਹੇ ਹਨ। ਸ ਰਵੀਇੰਦਰ ਸਿੰਘ ਨੇ ਸਮੂਹ ਸਿੱਖ ਚਿੰਤਕਾਂ, ਬੁੱਧੀਜੀਵੀਆਂ, ਸਾਬਕਾ ਸਿੰਘ ਸਹਿਬਾਨ ਅਤੇ ਧਾਰਮਿਕ ਆਗੂਆਂ ਨੂੰ ਅਪੀਲ ਕੀਤੀ ਕਿ ਉਹ ਅੱਗੇ ਆਣ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸਰਕਾਰ ਵਿਚਕਾਰ ਬਣ ਰਹੇ ਇਸ ਟਕਰਾਅ ਨੂੰ ਟਾਲਣ ਦੇ ਯਤਨ ਕਰਨ। ਭਾਵੇਂ ਕਿ ਇਹ ਟਕਰਾਅ ਬਣਾਉਣ ਵਿੱਚ ਅਕਾਲੀ ਦਲ ਬਾਦਲ ਦੀ ਖੁਦਗਰਜ਼ ਰਾਜਨੀਤੀ ਅਤੇ ਸ਼੍ਰੋਮਣੀ ਕਮੇਟੀ ਦੀ ਗੁਲਾਮ ਮਾਨਸਿਕਤਾ ਜਿੰਮੇਵਾਰ ਹੈ, ਪਰ ਇਸਦੇ ਨਤੀਜੇ ਪੂਰੀ ਕੌਮ ਲਈ ਘਾਤਕ ਹੋ ਸਕਦੇ ਹਨ। ਪ੍ਰੈੱਸ ਬਿਆਨ ਨੂੰ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਨੇ ਜਾਰੀ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243